ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ

ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH

ਸਾਂਝੀ ਸੋਚ

ਰੋਜ਼ਾਨਾ ਪੰਜਾਬੀ ਅਖ਼ਬਾਰ

ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2288 | 19 November, 2025 Wednesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਪੱਤਰਕਾਰ ਖਸ਼ੋਗੀ ਕਤਲ ਮਾਮਲੇ ਵਿੱਚ ਟਰੰਪ ਨੇ ਸਾਊਦੀ ਪ੍ਰਿੰਸ ਨੂੰ ਦਿੱਤੀ ਕਲੀਨ ਚਿੱਟ: ਅਮਰੀਕੀ ਏਜੰਸੀ ਦੀ ਰਿਪੋਰਟ ਨੂੰ ਕੀਤਾ ਖਾਰਿਜ

**ਵਾਸ਼ਿੰਗਟਨ**
**ਸਾਂਝੀ ਸੋਚ ਬਿਊਰੋ**

ਅਮਰੀਕੀ ਰਾਸ਼ਟਰਪਤੀ ਟਰੰਪ ਨੇ ਵਾਸ਼ਿੰਗਟਨ ਪੋਸਟ ਦੇ ਪੱਤਰਕਾਰ ਜਮਾਲ ਖਸ਼ੋਗੀ ਦੇ ਕਤਲ ਵਿੱਚ ਸਾਊਦੀ ਕਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ (ਐਮਬੀਐਸ) ਨੂੰ ਕਲੀਨ ਚਿੱਟ ਦੇ ਦਿੱਤੀ ਹੈ। ਮੰਗਲਵਾਰ ਦੇਰ ਰਾਤ ਐਮਬੀਐਸ ਨਾਲ ਵ੍ਹਾਈਟ ਹਾਊਸ ਵਿੱਚ ਮੀਡੀਆ ਨਾਲ ਗੱਲ ਕਰਦੇ ਹੋਏ, ਟਰੰਪ ਨੇ ਕਿਹਾ ਕਿ ਕਰਾਊਨ ਪ੍ਰਿੰਸ ਨੂੰ ਇਸ ਮਾਮਲੇ ਦਾ ਕੋਈ ਗਿਆਨ ਨਹੀਂ ਸੀ। ਟਰੰਪ ਨੇ ਕਿਹਾ ਕਿ, "ਖ਼ਸ਼ੋਗੀ ਇੱਕ ਬਹੁਤ ਹੀ ਵਿਵਾਦਪੂਰਨ ਸ਼ਖਸੀਅਤ ਸੀ। ਇਸ ਮੁੱਦੇ ਨੂੰ ਉਠਾ ਕੇ ਇੱਕ ਮਹਿਮਾਨ ਨੂੰ ਕਿਉਂ ਸ਼ਰਮਿੰਦਾ ਕੀਤਾ ਜਾ ਰਿਹਾ ਹੈ? ਅਜਿਹੀਆਂ ਗੱਲਾਂ ਹੁੰਦੀਆਂ ਹਨ।"

ਖ਼ਸ਼ੋਗੀ ਦਾ 2018 ਵਿੱਚ ਇਸਤਾਂਬੁਲ ਵਿੱਚ ਸਾਊਦੀ ਦੂਤਾਵਾਸ ਦੇ ਅੰਦਰ ਕਤਲ ਕਰ ਦਿੱਤਾ ਗਿਆ ਸੀ। ਕਤਲ ਤੋਂ ਬਾਅਦ ਪ੍ਰਿੰਸ ਸਲਮਾਨ ਨੇ ਵਿਆਪਕ ਅੰਤਰਰਾਸ਼ਟਰੀ ਆਲੋਚਨਾ ਦਾ ਸਾਹਮਣਾ ਕੀਤਾ। ਇੱਕ ਅਮਰੀਕੀ ਖੁਫੀਆ ਏਜੰਸੀ ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪ੍ਰਿੰਸ ਸਲਮਾਨ ਨੇ ਖਸ਼ੋਗੀ ਦੇ ਕਤਲ ਨੂੰ ਮਨਜ਼ੂਰੀ ਦਿੱਤੀ ਸੀ।

ਪੱਤਰਕਾਰ ਨੇ ਟਰੰਪ ਨੂੰ ਪੁੱਛਿਆ ਕਿ ਅਮਰੀਕੀ ਖੁਫੀਆ ਵਿਭਾਗ ਦਾਅਵਾ ਕਰਦਾ ਹੈ ਕਿ ਪ੍ਰਿੰਸ ਸਲਮਾਨ ਨੇ ਖਸ਼ੋਗੀ ਦੇ ਬੇਰਹਿਮੀ ਨਾਲ ਕਤਲ ਦੀ ਯੋਜਨਾ ਬਣਾਈ ਸੀ। ਕੀ ਤੁਹਾਡੇ ਪਰਿਵਾਰ ਲਈ ਸਾਊਦੀ ਅਰਬ ਵਿੱਚ ਕਾਰੋਬਾਰ ਕਰਨਾ ਸਹੀ ਹੈ ? ਟਰੰਪ ਨੇ ਪੱਤਰਕਾਰ ਨੂੰ ਟੋਕਿਆ ਅਤੇ ਪੁੱਛਿਆ, "ਤੁਸੀਂ ਕਿੱਥੋਂ ਦੇ ਹੋ?" ਪੱਤਰਕਾਰ ਨੇ ਜਵਾਬ ਦਿੱਤਾ, "ਮੈਂ ਏਬੀਸੀ ਨਿਊਜ਼ ਤੋਂ ਹਾਂ।" ਟਰੰਪ ਨੇ ਜਵਾਬ ਦਿੱਤਾ, "ਫੇਕ ਖ਼ਬਰਾਂ, ਏਬੀਸੀ, ਫੇਕ ਖ਼ਬਰਾਂ। ਇਸ ਕਾਰੋਬਾਰ ਵਿੱਚ ਸਭ ਤੋਂ ਭੈੜੀਆਂ ਸੰਸਥਾਵਾਂ ਵਿੱਚੋਂ ਇੱਕ।"

ਟਰੰਪ ਨੇ ਅੱਗੇ ਕਿਹਾ, "ਮੇਰਾ ਪਰਿਵਾਰਕ ਕਾਰੋਬਾਰ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਮੇਰਾ ਪਰਿਵਾਰ ਪੂਰੀ ਦੁਨੀਆ ਵਿੱਚ



ਕਾਰੋਬਾਰ ਕਰਦਾ ਹੈ।" ਇਸ ਦੌਰਾਨ, ਜਮਾਲ ਖਸ਼ੋਗੀ ਦੀ ਵਿਧਵਾ ਟੀਵੀ 'ਤੇ ਆਈ ਅਤੇ ਕਿਹਾ ਕਿ ਉਸਦੇ ਪਤੀ ਦੇ ਮਾਮਲੇ ਵਿੱਚ ਅਜੇ ਵੀ ਨਿਆਂ ਲੰਬਿਤ ਹੈ ਅਤੇ ਉਹ ਉਸਦੀ ਲਾਸ਼ ਦੀ ਵਾਪਸੀ ਦੀ ਮੰਗ ਕਰਦੀ ਹੈ। ਟਰੰਪ ਅਤੇ ਪ੍ਰਿੰਸ ਸਲਮਾਨ ਨੇ 1 ਟ੍ਰਿਲੀਅਨ ਡਾਲਰ (ਲਗਭਗ 86 ਲੱਖ ਕਰੋੜ) ਦੇ ਆਰਥਿਕ ਅਤੇ ਰੱਖਿਆ ਸਮਝੌਤਿਆਂ 'ਤੇ ਦਸਤਖਤ ਕੀਤੇ। ਇਨ੍ਹਾਂ ਵਿੱਚ ਸਿਵਲ ਨਿਊਕਲੀਅਰ ਐਨਰਜੀ ਕਾਰਪੋਰੇਸ਼ਨ 'ਤੇ ਇੱਕ ਸਾਂਝਾ ਸਮਝੌਤਾ ਸ਼ਾਮਲ ਹੈ।

ਅਮਰੀਕਾ ਨੇ ਐਫ-35 ਜੈੱਟਾਂ ਨਾਲ ਸਬੰਧਤ ਇੱਕ ਵੱਡੇ ਰੱਖਿਆ ਸੌਦੇ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਮੀਡੀਆ ਰਿਪੋਰਟਾਂ ਦੇ ਅਨੁਸਾਰ, ਇਜ਼ਰਾਈਲ ਚਾਹੁੰਦਾ ਸੀ ਕਿ ਅਮਰੀਕਾ ਸਾਊਦੀ ਅਰਬ ਨੂੰ ਐਫ-35 ਲੜਾਕੂ ਜਹਾਜ਼ ਇਸ ਸ਼ਰਤ 'ਤੇ ਵੇਚੇ ਕਿ ਅਮਰੀਕਾ ਅਬਰਾਹਿਮ ਸਮਝੌਤਿਆਂ ਵਿੱਚ ਸ਼ਾਮਲ ਹੋਵੇ।

ਹਾਲਾਂਕਿ, ਟਰੰਪ ਨੇ ਇਸ ਮੰਗ ਨੂੰ ਖਾਰਜ ਕਰ ਦਿੱਤਾ, ਇਹ ਕਹਿੰਦੇ ਹੋਏ ਕਿ ਸਾਊਦੀ ਅਰਬ ਨੂੰ ਇਜ਼ਰਾਈਲ ਵਾਂਗ ਹੀ ਉੱਨਤ ਹਥਿਆਰ ਮਿਲਣਗੇ। ਉਨ੍ਹਾਂ ਕਿਹਾ, "ਮੇਰਾ ਮੰਨਣਾ ਹੈ ਕਿ ਦੋਵਾਂ ਦੇਸ਼ਾਂ ਨੂੰ ਉੱਚ-ਗੁਣਵੱਤਾ ਵਾਲੇ ਹਥਿਆਰ ਮਿਲਣੇ ਚਾਹੀਦੇ ਹਨ। ਅਸੀਂ ਇਸ ਸੌਦੇ ਨੂੰ ਅੰਤਿਮ ਰੂਪ ਦੇਵਾਂਗੇ।"


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜਰਬਾ ਹੈ।
Inderjeet Singh Mann
CA Lic# 0H82488
Anthem
Covered California | Certified Insurance Agent
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprties

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ **Pre-Approvals** ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**



# NAV INDIAN MERCHANDISE GROCERY STORE

**3230 MITCHELL ROAD, STE, C, CERES, CA 95307**





ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।

**ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ**

**ਇੱਕ ਵਾਰ Visit ਜ਼ਰੂਰ ਕਰੋ।**

Ria MONEY TRANSFER

**INDIA ਪੈਸੇ ਭੇਜਣ ਲਈ**

**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**





**Contact Number**

**+1 (209) 537-5702**

ਸਾਂਝੀ ਸੋਚ
SANJHI SOCH

www.sanjhisoch.com

**PATTRON**: HARJIT BASI

**MANAGEMENT**



**PRESIDENT & CHIEF EDITOR**
**BOOTA SINGH BASI**

**SUB EDITOR (CHICAGO, IL OFFICE)**
**LOVJYOT VIRDI**

**GENERAL MANAGER**
**RAVINDER SINGH DHILLON**

**RESIDENT EDITOR (INDIA)**
**DR. RAJINDER RIKHI**

**DISCLAIMER**

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

**SANJHI SOCH**

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਸੋਸ਼ਲ ਮੀਡੀਆ ਦੇ ਪ੍ਰੇਮ ਵਿਆਹ



ਬਰਜਿੰਦਰ ਕੌਰ ਬਿਸਰਾਓ
99889-01324

ਅੱਜ ਕੱਲ੍ਹ ਪੂਰੇ ਦੇਸ਼ ਭਰ ਵਿੱਚ, ਘਰ ਘਰ ਵਿੱਚ, ਸੋਸ਼ਲ ਮੀਡੀਆ ਤੇ, ਅਖ਼ਬਾਰਾਂ ਰਸਾਲਿਆਂ ਵਿੱਚ ਅਤੇ ਇਲੈਕਟ੍ਰਾਨਿਕ ਮੀਡੀਆ ਦੀਆਂ ਖਬਰਾਂ ਵਿੱਚ ਸੁਰਖੀਆਂ ਬਟੋਰਨ ਵਾਲਾ ਮਸਲਾ ਸਰਬਜੀਤ ਕੌਰ ਨਾਂ ਦੀ ਬਜ਼ੁਰਗ ਔਰਤ ਦਾ ਹੈ ਜੋ ਪਾਕਿਸਤਾਨ ਵਿੱਚ ਜਾ ਕੇ ਨਾਸਿਰ ਹੁਸੈਨ ਨਾਮ ਦੇ ਵਿਅਕਤੀ ਨਾਲ਼ ਨਿਕਾਹ ਕਰਵਾ ਕੇ ਨੂਰ ਹੁਸੈਨ ਬਣ ਗਈ ਹੈ। ਉਸ ਨੇ ਧਰਮ ਬਦਲ ਕੇ ਧਰਮ ਅਤੇ ਪੰਜਾਬੀਅਤ ਨੂੰ ਸ਼ਰਮਸਾਰ ਕੀਤਾ ਹੈ। ਇਹੋ ਜਿਹੇ ਲੋਕਾਂ ਨੂੰ ਨਾ ਆਪਣੇ ਅਗਲਿਆਂ ਪਿਛਲਿਆਂ ਦੀ ਕੋਈ ਪ੍ਰਵਾਹ ਹੁੰਦੀ ਹੈ ਤੇ ਨਾ ਹੀ ਉਹਨਾਂ ਧਾਰਮਿਕ ਸੰਸਥਾਵਾਂ ਦੀ ਜਿਨ੍ਹਾਂ ਦਾ ਸਹਾਰਾ ਲੈ ਕੇ ਆਪਣਾ ਸਵਾਰਥ ਸਿੱਧ ਕਰਦੇ ਹਨ। ਇਹੋ ਜਿਹੇ ਲੋਕਾਂ ਲਈ ਸਰਕਾਰਾਂ ਵੱਲੋਂ ਕੋਈ ਰਹਿਮ ਦੀ ਖੈਰ ਝੋਲ਼ੀ ਨਹੀਂ ਪਾਉਣੀ ਚਾਹੀਦੀ। ਇਹੋ ਜਿਹੇ ਲੋਕ ਜਿੱਥੇ ਸਾਡੇ ਸਮਾਜ ਨੂੰ ਕਲੰਕਿਤ ਕਰਦੇ ਹਨ ਉੱਥੇ ਹੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਰਾਹ ਭਟਕਾਉਣ ਦਾ ਕੰਮ ਕਰਦੇ ਹਨ। ਇਹੋ ਜਿਹੇ ਲੋਕਾਂ ਦੀਆਂ ਕਰਤੂਤਾਂ ਵੇਖ ਕੇ ਹੋਰ ਲੋਕਾਂ ਦੇ ਹੌਸਲੇ ਵੀ ਖੁੱਲ੍ਹਦੇ ਹਨ। ਜੇ ਦੇਖਿਆ ਜਾਵੇ ਤਾਂ ਸੋਸ਼ਲ ਮੀਡੀਆ ਦਾ ਇਹੋ ਜਿਹੀਆਂ ਘਟਨਾਵਾਂ ਵਿੱਚ ਬਹੁਤ ਅਹਿਮ ਰੋਲ ਹੈ। ਇਸ ਤੋਂ ਪਹਿਲਾਂ ਵੀ ਇਹੋ ਜਿਹੀਆਂ ਘਟਨਾਵਾਂ ਵਿੱਚ ਸੋਸ਼ਲ ਮੀਡੀਆ ਦਾ ਵੱਡਾ ਯੋਗਦਾਨ ਰਿਹਾ ਹੈ। ਇੱਥੋਂ ਤੱਕ ਕਿ ਸੋਸ਼ਲ ਮੀਡੀਆ ਰਾਹੀਂ ਹੀ ਪਾਕਿਸਤਾਨੀ ਉੱਚ ਅਧਿਕਾਰੀਆਂ ਨਾਲ ਸੰਪਰਕ ਵਿੱਚ ਆਈ ਆਮ ਜਿਹੇ ਘਰ ਦੀ ਲੜਕੀ ਜੋਤੀ ਵੀ ਇੱਕ ਹੈ ਜੋ ਅੱਜ ਕੱਲ੍ਹ ਜਾਸੂਸੀ ਦੇ ਕੇਸ ਤਹਿਤ ਸਲਾਖਾਂ ਪਿੱਛੇ ਹੈ।

ਸਭ ਤੋਂ ਪਹਿਲਾਂ ਪਾਕਿਸਤਾਨ ਤੋਂ ਆਪਣੇ ਪਿਆਰ ਲਈ ਭਾਰਤ ਆਈ ਚਾਰ ਬੱਚਿਆਂ ਦੀ ਮਾਂ ਸੀਮਾ ਹੈਦਰ ਤੇ ਉਸ ਦੇ ਪ੍ਰੇਮੀ ਸਚਿਨ ਦੋਵਾਂ ਦੀਆਂ ਰੋਮਾਂਟਿਕ ਵੀਡੀਓਜ਼ ਸੋਸ਼ਲ ਮੀਡੀਆ 'ਤੇ ਘੁੰਮ ਰਹੀਆਂ ਹਨ। ਸੀਮਾ ਹੈਦਰ ਦੀ ਲੋਕਪ੍ਰਿਅਤਾ ਦਿਨੋ-ਦਿਨ ਵਧਦੀ ਗਈ। ਉਸ ਦੇ ਸੋਸ਼ਲ ਮੀਡੀਆ ਅਕਾਊਂਟ 'ਤੇ ਫਾਲੋਅਰਜ਼ ਤੇਜ਼ੀ ਨਾਲ ਵੱਧਣ ਲੱਗੇ। ਸੀਮਾ ਦੇ ਇੰਸਟਾਗ੍ਰਾਮ ਅਕਾਊਂਟ 'ਤੇ ਸਚਿਨ ਨਾਲ ਬਣਾਈਆਂ ਰੋਮਾਂਟਿਕ ਵੀਡੀਓ ਕਾਫੀ ਵਾਇਰਲ ਹੋਣ ਲੱਗੀਆਂ। ਇਹ ਘਟਨਾ ਜ਼ੋਰਾਂ ਸ਼ੋਰਾਂ ਤੇ ਸੋਸ਼ਲ ਮੀਡੀਆ ਉੱਤੇ ਮਨੋਰੰਜਨ ਦੇ ਸਾਧਨ ਵਜੋਂ ਹਜੇ ਖ਼ੂਬ ਚਰਚਾ ਵਿੱਚ ਹੀ ਸੀ ਕਿ ਇੱਕ ਹੋਰ ਨੇ ਚੰਨ ਚਾੜ੍ਹ ਦਿੱਤਾ। ਉਸ ਤੋਂ ਬਾਅਦ ਵਿਆਹੁਤਾ ਭਾਰਤੀ ਔਰਤ ਅੰਜੂ ਨੇ ਪਾਕਿਸਤਾਨ ਵਿੱਚ ਫੇਸਬੁੱਕ ਦੋਸਤ ਨਾਲ ਵਿਆਹ ਕਰਵਾਇਆ। ਇਹ ਮਾਮਲਾ ਸੀਮਾ ਹੈਦਰ ਤੋਂ ਵੀ ਦਿਲਚਸਪ ਹੈ। ਰਾਜਸਥਾਨ ਦੇ ਭਿਵਾੜੀ 'ਚ ਆਪਣੇ ਪਤੀ ਅਤੇ ਦੋ ਬੱਚਿਆਂ ਨੂੰ ਛੱਡ ਕੇ ਅੰਜੂ ਫੇਸਬੁੱਕ 'ਤੇ ਆਪਣੇ ਪ੍ਰੇਮੀ ਨਸਰੁੱਲਾ ਨੂੰ ਮਿਲਣ ਪਾਕਿਸਤਾਨ ਪਹੁੰਚ ਗਈ ਅਤੇ ਵਿਆਹ ਕਰਵਾ ਲਿਆ। ਇੰਨਾ ਹੀ ਨਹੀਂ ਇਸਲਾਮ ਧਰਮ ਅਪਣਾਉਣ ਤੋਂ ਬਾਅਦ ਉਸ ਨੇ ਆਪਣਾ ਨਾਂ ਫਾਤਿਮਾ ਰੱਖਿਆ ਹੈ। ਉਸ ਤੋਂ ਬਾਅਦ ਨਸਰੁੱਲਾ ਅਤੇ ਅੰਜੂ ਦੋਵੇਂ ਸਖ਼ਤ ਸੁਰੱਖਿਆ ਵਿਚਕਾਰ ਸੈਰ ਲਈ ਨਿਕਲੇ ਸਨ। ਉਹਨਾਂ ਦੀਆਂ ਘੁੰਮਦਿਆਂ ਫਿਰਦਿਆਂ ਦੀਆਂ ਫੋਟੋਆਂ ਅਤੇ ਵੀਡੀਓਜ਼ ਹਰ ਤਰ੍ਹਾਂ ਦੇ ਮੀਡੀਆ ਵਿੱਚ ਖ਼ੂਬ ਘੁੰਮਣ ਲੱਗੀਆਂ। ਏਧਰ ਕਦੇ ਉਸ ਦੇ ਪਤੀ ,ਕਦੇ ਭਰਾ ਤੇ ਕਦੇ ਪਿਉ ਕੋਲ਼ ਮੀਡੀਆ ਦਾ ਮਾਈਕ ਫੜਕੇ ਪਹੁੰਚਣਾ ਤੇ ਉਹਨਾਂ ਦੇ ਬਿਆਨਾਂ ਨੂੰ ਦੁਨੀਆਂ ਸਾਹਮਣੇ ਪੇਸ਼ ਕਰਨਾ। ਦੁਨੀਆਂ ਲਈ ਇਹ ਸਭ ਨਿਰਾ ਇੱਕ ਤਮਾਸ਼ਾ ਹੈ ਤੇ ਮਨੋਰੰਜਨ ਦਾ ਸਸਤਾ ਸਾਧਨ ਹੈ। ਸੋਸ਼ਲ ਮੀਡੀਆ ਤੇ ਜ਼ੋਰਾਂ ਸ਼ੋਰਾਂ ਨਾਲ ਮਸਾਲੇ ਲਾ ਲਾ ਕੇ ਪੇਸ਼ ਕਰਨਾ ਤੇ ਉਸ ਥੱਲੇ ਪਬਲਿਕ ਵੱਲੋਂ ਗੰਦੇ ਮੰਦੇ ਕੁਮੈਂਟਾਂ ਰਾਹੀਂ ਭੜਾਸ ਕੱਢਣਾ ਆਮ ਜਿਹੀ ਗੱਲ ਹੋ ਗਈ ਹੈ। ਇਸ ਤੋਂ ਪਹਿਲਾਂ ਅਪ੍ਰੈਲ 2018 ਵਿੱਚ ਸਿੱਖ ਜਥੇ ਨਾਲ ਪਾਕਿਸਤਾਨ ਵਿੱਚ ਜਾ ਕੇ ਕਿਰਨ ਬਾਲਾ ਆਪਣੇ ਪਾਕਿਸਤਾਨੀ ਪ੍ਰੇਮੀ ਮੁਹੰਮਦ ਆਜ਼ਮ ਕੋਲ਼ ਭੱਜ ਗਈ ਤੇ ਇਸਲਾਮ ਧਰਮ ਕਬੂਲ ਕਰ ਕੇ ਕਿਰਨ ਤੋਂ ਅਮੀਨਾ ਬਣ ਗਈ।

ਉਸ ਦੀ ਇਸ ਕਰਤੂਤ ਨੇ ਵੀ ਇੱਕ ਦੋ ਮਹੀਨੇ ਦੁਨੀਆਂ ਭਰ ਦੇ ਲੋਕਾਂ ਦਾ ਖ਼ੂਬ ਮਨੋਰੰਜਨ ਕੀਤਾ ਸੀ। ਪਰ ਅੱਜ ਉਹ ਕਿਸ ਹਾਲ ਵਿੱਚ ਜ਼ਿੰਦਗੀ ਬਸਰ ਕਰ ਰਹੀ ਹੈ, ਜਿਹੜੇ ਪਿਓ ਬਾਹਰੇ ਬੱਚਿਆਂ ਨੂੰ ਉਹ ਛੱਡ ਕੇ ਭੱਜ ਗਈ ਸੀ ਉਹ ਕਿਹਨਾਂ ਹਾਲਾਤਾਂ ਵਿੱਚ ਪਲ਼ ਰਹੇ ਹਨ,ਇਸ ਨਾਲ ਕਿਸੇ ਨੂੰ ਕੋਈ ਲੈਣਾ ਦੇਣਾ ਨਹੀਂ ਹੈ। ਆਮ ਜਨਤਾ ਵੀ ਸਿਨੇਮਾ ਘਰਾਂ ਵਿਚਲੀ ਦੋ ਤਿੰਨ ਘੰਟੇ ਦੀ ਫ਼ਿਲਮ ਦੇਖਣ ਤੋਂ ਬਾਅਦ ਜਿਵੇਂ ਅਗਲੀ ਫਿਲਮ ਦੇਖਣ ਲਈ ਤਿਆਰ ਹੋ ਜਾਂਦੇ ਹਨ ਬਿਲਕੁਲ ਉਸੇ ਤਰ੍ਹਾਂ ਹੀ ਇਹ ਖ਼ਬਰਾਂ ਉਹਨਾਂ ਲਈ ਫ਼ਿਲਮਾਂ ਵਾਂਗ ਹੀ ਹਨ।

ਚਾਹੇ ਪੱਛਮੀ ਦੇਸ਼ਾਂ ਤੋਂ ਅੰਗਰੇਜ਼ ਔਰਤਾਂ ਵੱਲੋਂ ਭਾਰਤ ਵਿੱਚ ਆ ਕੇ ਆਪਣੇ ਪ੍ਰੇਮੀਆਂ ਨਾਲ ਵਿਆਹ ਕਰਵਾਉਣ ਦੀਆਂ ਅਨੇਕਾਂ ਘਟਨਾਵਾਂ ਸਮੇਂ ਸਮੇਂ ਤੇ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਉਹ ਵੀ ਨਿਰੇ ਬੇ ਮੇਲ ਜੋੜ ਹੀ ਹੁੰਦੇ ਹਨ ਜਿਵੇਂ ਪੰਜਾਹ ਸੱਠ ਸਾਲ ਦੀ ਔਰਤ ਦਾ ਵੀਹ ਬਾਈ ਸਾਲ ਦੇ ਨੌਜਵਾਨ ਨਾਲ਼ ਵਿਆਹ ਕਰਵਾਉਣਾ ਜਾਂ ਹੋਰ ਵੀ ਕਈ ਪੱਖਾਂ ਤੋਂ ਜੋੜੀਆਂ ਦਾ ਕੋਈ ਆਪਸੀ ਮੇਲ ਨਹੀਂ ਹੁੰਦਾ। ਇਸ ਦਾ ਮੁੱਖ ਕਾਰਨ ਕਿਸੇ ਵੀ ਤਰੀਕੇ ਨਾਲ ਬਹੁਤਾ ਕਰਕੇ ਨੌਜਵਾਨਾਂ ਦਾ ਮਕਸਦ ਵਿਦੇਸ਼ਾਂ ਵਿੱਚ ਜਾ ਕੇ ਸੈੱਟ ਹੋਣਾ ਹੀ ਹੁੰਦਾ ਹੈ। ਇਹੋ ਜਿਹੇ ਵਿਆਹ ਵੀ ਮੀਡੀਆ ਵਿੱਚ ਬਹੁ ਚਰਚਿਤ ਰਹਿ ਕੇ ਸਮੇਂ ਸਮੇਂ ਤੇ ਲੋਕਾਂ ਦਾ ਖ਼ੂਬ ਮਨੋਰੰਜਨ ਕਰਦੇ ਰਹੇ ਹਨ। ਅੱਜ ਕੱਲ੍ਹ ਪੱਛਮੀ ਦੇਸ਼ਾਂ ਵਾਲੇ ਕਿੱਸਿਆਂ ਵਿੱਚ ਕੁਝ ਕਮੀ ਆਈ ਹੈ।

ਗੱਲ ਮੁੱਖ ਮੁੱਦੇ ਦੀ ਕਰੀਏ ਕਿ ਕਿਰਨ ਬਾਲਾ ਉਰਫ਼ ਅਮੀਨਾ ਜਾਂ ਅੰਜੂ ਉਰਫ਼ ਫਾਤਿਮਾ ਨਾਲੋਂ ਸੀਮਾ ਹੈਦਰ ਨੇ ਸਮਝਦਾਰੀ ਵਰਤਦਿਆਂ ਆਪਣੀ ਮਮਤਾ ਨੂੰ ਕਲੰਕਿਤ ਨਹੀਂ ਕੀਤਾ ਤੇ ਉਸ ਨੂੰ ਕਾਇਮ ਰੱਖਿਆ । ਉਹ ਆਪਣੇ ਚਾਰ ਬੱਚਿਆਂ ਨੂੰ ਨਾਲ਼ ਲੈ ਤੁਰੀ। ਅਮੀਨਾ ਨੇ ਆਪਣੇ ਤਿੰਨ ਬੱਚਿਆਂ ਤੇ ਫਾਤਮਾ ਨੇ ਆਪਣੇ ਦੋ ਬੱਚਿਆਂ ਨੂੰ ਜਨਮ ਦੇ ਕੇ ਉਹਨਾਂ ਪ੍ਰਤੀ ਆਪਣੀ ਮਮਤਾ ਦਾ ਰੱਜ ਕੇ ਘਾਣ ਕੀਤਾ ਹੈ। ਉਹਨਾਂ ਨੂੰ ਸਾਰੀ ਉਮਰ ਲਈ ਲੋਕਾਂ ਲਈ ਮਜ਼ਾਕ ਦੇ ਪਾਤਰ ਬਣ ਕੇ ਜਾਂ ਦੁਨੀਆਂ ਦੀਆਂ ਤਰ੍ਹਾਂ ਤਰ੍ਹਾਂ ਦੀਆਂ ਗੱਲਾਂ ਸੁਣ ਸੁਣ ਕੇ ਨਮੋਸ਼ੀ ਭਰਿਆ ਜੀਵਨ ਬਤੀਤ ਕਰਨ ਲਈ ਛੱਡ ਗਈਆਂ।

ਜਿਹੜੀ ਉਮਰ ਵਿੱਚ ਬੱਚਿਆਂ ਨੂੰ ਆਪਣੀ ਮਾਂ ਦੀ ਇੱਕ ਦੋਸਤ ਜਾਂ ਗਾਈਡ ਜਾਂ ਪ੍ਰੇਰਨਾ ਸਰੋਤ ਵਜੋਂ ਨਾਲ ਖੜ੍ਹਨ ਦੀ ਬੇਹੱਦ ਲੋੜ ਹੁੰਦੀ ਹੈ ਉਸ ਉਮਰ ਵਿੱਚ ਉਹਨਾਂ ਦੀ ਮਾਂ ਵੱਲੋਂ ਪੂਰੀ ਦੁਨੀਆਂ ਭਰ ਵਿੱਚ ਇੱਕ ਚਰਿੱਤਰਹੀਣ ਪਾਤਰ ਵਜੋਂ ਉਭਰ ਕੇ ਸਾਹਮਣੇ ਆਉਣਾ....ਇਹ ਤਾਂ ਉਹਨਾਂ ਦੇ ਬੱਚਿਆਂ ਨੂੰ ਹੀ ਪਤਾ ਹੋਵੇਗਾ ਜਿਹਨਾਂ ਉੱਪਰ ਇਹ ਬੀਤ ਰਿਹਾ ਹੋਵੇਗਾ।

ਦੂਜੀ ਗੱਲ ਇਸ ਮਸਲੇ ਤੇ ਚਰਚਾ ਯੋਗ ਇਹ ਹੈ ਕਿ ਜਦੋਂ ਤੋਂ ਸੋਸ਼ਲ ਮੀਡੀਆ ਤੇ ਫੇਸਬੁੱਕ, ਇੰਸਟਾਗ੍ਰਾਮ, ਜਾਂ ਨਵੀਆਂ ਨਵੀਆਂ ਗੇਮਾਂ ਦੀਆਂ ਐਪਾਂ ਜਿਹਨਾਂ ਰਾਹੀਂ ਖੇਡ ਖੇਡਦੇ ਖੇਡਦੇ ਵਿਦੇਸ਼ਾਂ ਵਿੱਚ ਬੈਠੇ ਲੋਕਾਂ ਨਾਲ਼ ਗੱਲਬਾਤ ਕਰਦਿਆਂ ਪ੍ਰੇਮ ਜਾਲ਼ ਵਿੱਚ ਫਸ ਜਾਣਾ ਤੇ ਫਿਰ ਇਸ ਵਿੱਚੋਂ ਨਿਕਲਣ ਦੀ ਬਜਾਏ ਇਹੋ ਜਿਹੇ ਅਨੈਤਿਕਤਾ ਵਾਲ਼ੇ ਕਦਮ ਉਠਾਉਣੇ। ਇਸ ਤੋਂ ਵੀ ਦੁਖਦਾਈ ਇਹਨਾਂ ਸਰੋਤਾਂ ਰਾਹੀਂ ਇਹਨਾਂ ਦੇ ਕਾਰਨਾਮਿਆਂ ਨੂੰ ਸੋਸ਼ਲ ਮੀਡੀਆ ਤੇ ਐਨਾ ਵਾਇਰਲ ਕਰਨਾ ਕਿ ਇਹਨਾਂ ਤੋਂ ਪ੍ਰੇਰਨਾਂ ਲੈ ਕੇ ਫਿਰ ਕਿਸੇ ਹੋਰ ਦੁਆਰਾ ਇਹੋ ਜਿਹੇ ਕਦਮ ਉਠਾ ਲੈਣਾ , ਬਹੁਤ ਹੀ ਦੁਖਦਾਈ ਹੈ। ਜਿਵੇਂ ਅੱਜ ਕੱਲ੍ਹ ਇਸ ਗੱਲ ਦੀ ਖ਼ੂਬ ਚਰਚਾ ਹੈ ਕਿ ਸੀਮਾ ਹੈਦਰ ਦੇ ਸੋਸ਼ਲ ਮੀਡੀਆ ਤੇ ਫੌਲੋਅਰ ਬਹੁ ਗਿਣਤੀ ਵਿੱਚ ਤੇਜ਼ੀ ਨਾਲ ਵਧ ਰਹੇ ਹਨ, ਇੱਥੋਂ ਤੱਕ ਕਿ ਉਸ ਨੂੰ ਫਿਲਮਾਂ ਵਿੱਚ ਕੰਮ ਕਰਨ ਦੀ ਆਫਰ ਆਉਣ ਦੀਆਂ ਖਬਰਾਂ ਫੈਲ ਰਹੀਆਂ ਹਨ। ਇਸ ਤਰ੍ਹਾਂ ਦੀਆਂ ਖ਼ਬਰਾਂ ਤੋਂ ਨੌਜਵਾਨਾਂ ਅੰਦਰ ਗ਼ਲਤ ਕੰਮ ਕਰਨ ਦੇ ਹੌਸਲੇ ਵਧਦੇ ਹਨ ਜਿਸ ਕਰਕੇ ਸੋਸ਼ਲ ਮੀਡੀਆ ਇਸ ਤਰ੍ਹਾਂ ਦੇ ਪ੍ਰੇਮ ਪ੍ਰਸੰਗਾਂ ਨੂੰ ਜਨਮ ਦੇ ਕੇ ਜਿੱਥੇ ਘਰਾਂ ਦੇ ਘਰ ਉਜਾੜ ਰਿਹਾ ਹੈ ਉੱਥੇ ਕਿੰਨੇ ਬੱਚਿਆਂ ਦੇ ਮਾਪਿਆਂ ਨੂੰ ਤੋੜ ਕੇ ਉਹਨਾਂ ਦਾ ਭਵਿੱਖ ਧੁੰਦਲਾ ਕਰ ਰਿਹਾ ਹੈ।

ਉਂਝ ਤਾਂ ਪਿਆਰ ਦੇ ਪੁਜਾਰੀ ਕਹਿੰਦੇ ਹਨ ਕਿ ਪਿਆਰ ਤਾਂ ਕਿਸੇ ਵੀ ਉਮਰ ਵਿੱਚ ਕਿਸੇ ਵੀ ਧਰਮ ਅਤੇ ਜਾਤ ਪਾਤ ਦੇ ਵਿਅਕਤੀ ਨਾਲ ਹੋ ਸਕਦਾ ਹੈ ਪਰ ਆਪਣੀ ਸ਼ਖ਼ਸੀਅਤ, ਘਰਬਾਰ ,ਧਰਮ,ਸਮਾਜ ਦੀ ਇੱਜ਼ਤ ਨੂੰ ਛਿੱਕੂ ਵਿੱਚ ਪਾ ਕੇ ਟੰਗਣ ਵਾਲੀ ਬੁੱਢੀ ਔਰਤ ਸਰਬਜੀਤ ਕੌਰ ਉਰਫ਼ ਨੂਰ ਹੁਸੈਨ ਦੇ ਇਸ਼ਕ ਬਾਰੇ ਕੀ ਵਿਸ਼ਲੇਸ਼ਣ ਕੀਤਾ ਜਾਵੇ।

ਆਪਣੇ ਸਮਾਜ ਦੀ ਖੁੱਲ੍ਹ ਦਾ ਫਾਇਦਾ ਉਠਾ ਕੇ ਗਈਆਂ ਇਹੋ ਜਿਹੀਆਂ ਔਰਤਾਂ ਜੋ ਗਲ਼ ਵਿੱਚ ਚੁੰਨੀ ਪਾਉਣ ਨੂੰ ਵੀ ਬੰਦਿਸ਼ ਸਮਝਦੀਆਂ ਹਨ ਉੱਥੋਂ ਉਹਨਾਂ ਦੀਆਂ ਤਸਵੀਰਾਂ ਜਦ ਨਸ਼ਰ ਹੁੰਦੀਆਂ ਹਨ ਤਾਂ ਸ਼ਾਲੂ ਲਪੇਟ ਕੇ ਸਿਰ ਮੂੰਹ ਢਕ ਕੇ ਬੈਠੀਆਂ ਨਜ਼ਰ ਆਉਂਦੀਆਂ ਹਨ। ਬਾਅਦ ਵਿੱਚ ਉੱਥੇ ਉਹਨਾਂ ਦਾ ਕੀ ਹਸ਼ਰ ਹੁੰਦਾ ਹੈ ਇਹ ਵੀ ਸਾਰੀ ਦੁਨੀਆਂ ਸਾਹਮਣੇ ਲਿਆਉਣਾ ਚਾਹੀਦਾ ਹੈ ਤਾਂ ਜੋ ਉਸ ਤੋਂ ਵੀ ਲੋਕਾਂ ਕੁਝ ਸਿੱਖਣ ਨੂੰ ਮਿਲ਼ੇ।

ਉੱਥੇ ਜਾ ਕੇ ਇਹ ਔਰਤਾਂ ਗੁੰਮਸ਼ੁਦਗੀ ਦੀ ਜ਼ਿੰਦਗੀ ਜਿਊਣ ਲੱਗਦੀਆਂ ਹਨ, ਇਹਨਾਂ ਦੀ ਭਾਫ਼ ਤੱਕ ਬਾਹਰ ਨਹੀਂ ਨਿਕਲਦੀ ਜੋ ਸਾਡੇ ਸਮਾਜ ਵਿੱਚ ਵਿਚਰਦਿਆਂ ਸੋਸ਼ਲ ਮੀਡੀਆ ਦੀਆਂ ਸਟਾਰ ਬਣੀਆਂ ਹੁੰਦੀਆਂ ਹਨ। ਉਹ ਕਿਹੜੇ ਮਾੜੇ ਹਾਲਾਤਾਂ ਵਿੱਚ ਉੱਥੇ ਜੀਵਨ ਬਸਰ ਕਰਦੀਆਂ ਹਨ ਇਹਨਾਂ ਸਾਰੀਆਂ ਔਰਤਾਂ ਦੀ ਉਹ ਤਸਵੀਰ ਵੀ ਜ਼ਰੂਰ ਸਾਹਮਣੇ ਆਉਣੀ ਚਾਹੀਦੀ ਹੈ। ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਨ ਅਤੇ ਸਰਕਾਰ ਨੂੰ ਧੋਖਾ ਦੇ ਕੇ ਜਾਣ ਵਾਲੇ ਇਹੋ ਜਿਹੇ ਲੋਕਾਂ ਨੂੰ ਵਾਪਿਸ ਲਿਆਉਣ ਦੇ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਇੱਥੇ ਦੇ ਕਾਨੂੰਨ ਅਨੁਸਾਰ ਉਹਨਾਂ ਉੱਤੇ ਸਖ਼ਤ ਕਾਰਵਾਈ ਕੀਤੀ ਜਾ ਸਕੇ।

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


PACIFIC ATLANTIC
INSURANCE SERVICES INC.
AGENCY LIC# 6022536
ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ
ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ
ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ
ਕਾਰੋਬਾਰ ਦੀ ਇੰਸ਼ੋਰੈਂਸ
ਕਾਰ ਜਾਂ ਘਰ ਦੀ ਇੰਸ਼ੋਰੈਂਸ
ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ
ਸੰਪਰਕ ਕਰੋ
Farhan Ali
CLIENT RELATIONS MANAGER
Jessie Ghangas
BROKER AGENT CA LIC# 0171673
(916)800-9828
621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com
ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ
VISIT US ON :


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵਿੱਚ ਭਾਰਤੀ ਰੀਅਲ ਅਸਟੇਟ ਵਿੱਚ **$13 ਬਲਿਅਨ** ਲਗਾਏ—ਕਿਉਂਕਿ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵਿੱਚ ਵਾਪਸ ਆਏ
- **$70 ਬਲਿਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵਿੱਖ ਨੂੰ ਸੁਰੱਖਿਅਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵਿੱਚ । ਤੁਹਾਡੀ ਜਾਇਦਾਦ ਭਾਰਤ ਵਿੱਚ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਗਲੋਬਲ ਸ਼ਾਂਤੀ ਨਿਰਮਾਣ ਮਾਡਲਾਂ 'ਤੇ ਇੱਕ ਉੱਚ-ਪੱਧਰੀ ਮੀਟਿੰਗ ਹੋਈ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਐਲਨ ਜੇ. ਇਨਮੈਨ, ਸੀਨੀਅਰ ਸਲਾਹਕਾਰ ਨਾਲ ਗਲੋਬਲ ਪੀਸ ਫਾਊਂਡੇਸ਼ਨ ਦੇ ਨੇਤਾਵਾਂ ਅਤੇ ਏਸ਼ੀਆਈ ਭਾਈਚਾਰੇ ਦੇ ਮੁੱਖ ਪ੍ਰਤੀਨਿਧੀਆਂ ਨੂੰ ਇਕੱਠਾ ਕਰਕੇ ਗਲੋਬਲ ਸ਼ਾਂਤੀ ਨਿਰਮਾਣ ਮਾਡਲਾਂ 'ਤੇ ਇੱਕ ਉੱਚ-ਪੱਧਰੀ ਚਰਚਾ ਕੀਤੀ ਗਈ। ਮੀਟਿੰਗ ਦੌਰਾਨ, ਭਾਗੀਦਾਰਾਂ ਨੇ ਜਨਤਕ ਅਤੇ ਨਿੱਜੀ ਖੇਤਰ ਦੇ ਭਾਈਵਾਲਾਂ ਦੇ ਇੱਕ ਗਲੋਬਲ ਨੈੱਟਵਰਕ ਦੀ ਪੜਚੋਲ ਕੀਤੀ ਜੋ ਸਰਗਰਮੀ ਨਾਲ ਭਾਈਚਾਰਕ, ਰਾਸ਼ਟਰੀ ਅਤੇ ਖੇਤਰੀ ਸ਼ਾਂਤੀ-ਨਿਰਮਾਣ ਢਾਂਚੇ ਨੂੰ ਵਿਕਸਤ ਕਰ ਰਹੇ ਹਨ। ਗੱਲਬਾਤ ਸਹਿਯੋਗ ਨੂੰ ਮਜ਼ਬੂਤ ਕਰਨ, ਸਫਲ ਮਾਡਲਾਂ ਨੂੰ ਸਾਂਝਾ ਕਰਨ ਅਤੇ ਨਿਰੰਤਰ ਸ਼ਾਂਤੀ ਵੱਲ ਇੱਕ ਏਕੀਕ੍ਰਿਤ ਪਹੁੰਚ ਬਣਾਉਣ 'ਤੇ ਕੇਂਦ੍ਰਿਤ ਸੀ। ਪ੍ਰਮੁੱਖ ਏਸ਼ੀਆਈ ਭਾਈਚਾਰੇ ਦੇ ਨੇਤਾਵਾਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਸ਼ਾਇਰ ਯਾਰ, ਡੈਨੀਅਲ, ਦਵਿੰਦਰ ਐਸ. ਗਿੱਲ, ਰਾਜ ਰਾਠੌਰ, ਹਰਜੀਤ ਐਸ. ਹੁੰਦਲ, ਅਤੇ ਡਾ. ਸੁਰਿੰਦਰ ਐਸ. ਗਿੱਲ, ਇੰਟਰਨੈਸ਼ਨਲ ਫੋਰਮ ਯੂਐਸਏ ਦੇ ਚੇਅਰਮੈਨ ਸ਼ਾਮਲ ਸਨ, ਜਿਨ੍ਹਾਂ ਨੇ ਪੂਰੀ ਮੀਟਿੰਗ ਦਾ ਤਾਲਮੇਲ ਕੀਤਾ।
ਗਲੋਬਲ ਪੀਸ ਫਾਊਂਡੇਸ਼ਨ ਦੇ ਨੇਤਾਵਾਂ ਨੇ ਸ਼ਾਂਤੀ ਨਿਰਮਾਣ, ਅੰਤਰ-ਸੱਭਿਆਚਾਰਕ ਸਮਝ ਅਤੇ ਹੋਰ ਭਾਈਚਾਰਿਆਂ ਨਾਲ ਸੰਪਰਕ ਵਧਾਉਣ ਦੇ ਏਜੰਡੇ 'ਤੇ ਚਰਚਾ ਕਰਨ ਲਈ ਏਸ਼ੀਆਈ ਭਾਈਚਾਰੇ ਨਾਲ ਜੁੜਿਆ। ਸੈਸ਼ਨ ਨੇ ਸਦਭਾਵਨਾ ਅਤੇ ਵਿਸ਼ਵਵਿਆਪੀ ਸਥਿਰਤਾ ਨੂੰ ਉਤਸ਼ਾਹਿਤ ਕਰਨ ਲਈ ਸਹਿਯੋਗ, ਵਿਸ਼ਵਾਸ-ਨਿਰਮਾਣ ਅਤੇ ਸਾਂਝੇ ਉਪਰਾਲਿਆਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਮੀਟਿੰਗ ਇੱਕ ਹੋਰ ਸ਼ਾਂਤੀਪੂਰਨ ਅਤੇ ਜੁੜੇ ਸੰਸਾਰ ਲਈ ਨਿਰੰਤਰ ਭਾਈਵਾਲੀ ਅਤੇ ਸਮੂਹਿਕ ਯਤਨਾਂ ਦੀ ਵਚਨਬੱਧਤਾ ਨਾਲ ਸਮਾਪਤ ਹੋਈ।

# ਗੁਰਦੁਆਰਾ ਵੈਸਟ ਸੈਕਰਾਮੈਂਟੋ ਵਿਖੇ ਸ਼੍ਰੀ ਅਕਾਲ ਤਖਤ ਸਾਹਿਬ ਦੀ ਮੁਰਿਆਦਾ ਮੁਤਾਬਕ ਨਿਸ਼ਾਨ ਸਾਹਿਬ ਝੁਲਾਏ ਗਏ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਸੈਕਰਾਮੈਂਟੋ ਦੇ ਨਾਮਵਰ ਤੇ ਸਿਆਸੀ ਗਤੀਵਿਧੀਆਂ ਦੇ ਗੜ ਵਜੋਂ ਜਾਣੇ ਜਾਂਦੇ ਗੁਰਦੁਆਰਾ ਵੈਸਟ ਸੈਕਰਾਮੈਂਟੋ ਦੇ ਨਿਸ਼ਾਨ ਸਾਹਿਬ ਦੇ ਚੋਲਾ ਸਾਹਿਬ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾ ਤੇ ਮੁਰਿਆਦਾ ਮੁਤਾਬਕ ਖੱਟੇ ਰੰਗ ਚ ਬਦਲੇ ਗਏ ਇਸ ਸਮੇਂ ਸੰਗਤਾਂ ਨੇ ਵੀ ਭਾਰੀ ਗਿਣਤੀ ਹਾਜਰੀ ਲੁਆਈ ਤੇ ਗੁਰਬਾਣੀ ਦਾ ਗੁਣਗਾਨ ਕੀਤਾ। ਸਜੇ ਦਿਵਾਨਾਂ ਵਿੱਚ ਭਾਈ ਤਨਵੀਤ ਸਿੰਘ ਚੰਡੀਗੜ ਵਾਲੇ, ਭਾਈ ਜਸਪਾਲ ਸਿੰਘ, ਭਾਈ ਗੁਰਬਚਨ ਸਿੰਘ , ਭਾਈ ਅਮਰਜੀਤ ਸਿੰਘ, ਭਾਈ ਰਣਜੀਤ ਸਿੰਘ, ਭਾਈ ਇੰਦਰਪਾਲ ਸਿੰਘ ਜੀ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਤੇ ਮਨੋਹਰ ਗੁਰਬਾਣੀ ਦਾ ਕੀਰਤਨ ਕੀਤਾ। ਇਸ ਨਿਸ਼ਾਨ ਸਾਹਿਬ ਦੇ ਚੋਲਾ ਸਾਹਿਬ ਦੀ ਸੇਵਾ ਚਾਵਲਾ ਪਰਿਵਾਰ ਵਲੋਂ ਕੀਤੀ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਨਰਿੰਦਰ ਸਿੰਘ ਥਾਂਦੀ ਨੇ ਦੱਸਿਆ ਕਿ ਇਹ ਗੁਰਦੁਆਰਾ ਸਾਹਿਬ ਸ੍ਰੀ ਅਕਾਲ ਤਕਤ ਸਾਹਿਬ ਨੂੰ ਸਮਰਪਤ ਤੇ ਮੁਰਿਆਦਾ ਦੀ ਪਾਲਣਾ ਕਰਦਾ ਹੈ ਇਸ ਕਰਕੇ ਹੀ ਨਿਸ਼ਾਨ ਸਾਹਿਬ ਦੇ ਰੰਗ ਚ ਤਬਦੀਲੀ ਕੀਤੀ ਗਈ ਹੈ। ਉਨਾ ਦੱਸਿਆ ਕਿ ਗੁਰਦੁਆਰਾ ਸਾਹਿਬ ਨੂੰ ਹੋਰ ਸੁੰਦਰ ਬਣਾਇਆ ਜਾ ਰਿਹਾ ਹੈ। ਇਸ ਮੌਕੇ ਪਬਲਿਕ ਰਿਲੇਸ਼ਨ ਸੇਵਾਦਾਰ ਦਰਸ਼ਨ ਸਿੰਘ ਮੁੰਡੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਵਿੱਚ ਪਹਿਲਾਂ ਨਾਲੋਂ ਜਿਆਦਾ ਸੰਗਤ ਹੋਣ ਕਰਕੇ ਰੱਖ ਰਖਾਓ ਦੇ ਹੋਰ ਪ੍ਰਬੰਧ ਕੀਤੇ ਜਾ ਰਹੇ ਹਨ।

# ਸਰਵਰ ਡਾਊਨ: ਐਕਸ ਅਤੇ ਚੈਟਜੀਪੀਟੀ ਦੁਨੀਆ ਭਰ ਵਿੱਚ 4 ਘੰਟਿਆਂ ਲਈ ਬੰਦ ਰਹੇ: 7.5 ਮਿਲੀਅਨ ਵੈੱਬਸਾਈਟਾਂ ਪ੍ਰਭਾਵਿਤ ਹੋਈਆਂ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਸੋਸ਼ਲ ਮੀਡੀਆ ਪਲੇਟਫਾਰਮ ਐਕਸ, ਏਆਈ ਚੈਟਬੋਟ ਚੈਟਜੀਪੀਟੀ, ਅਤੇ ਕੈਨਵਾ ਲਈ ਸੇਵਾਵਾਂ (ਸਰਵਰ ਡਾਊਨ) ਦੁਨੀਆ ਭਰ ਵਿੱਚ ਬੰਦ ਰਹੀਆਂ। ਇਹ ਸੇਵਾਵਾਂ ਮੰਗਲਵਾਰ ਸ਼ਾਮ 5 ਵਜੇ ਤੋਂ ਰਾਤ 9 ਵਜੇ ਤੱਕ ਬੰਦ ਰਹੀਆਂ। ਭਾਰਤ ਸਮੇਤ ਦੁਨੀਆ ਭਰ ਦੇ ਉਪਭੋਗਤਾਵਾਂ ਨੂੰ ਲੌਗਇਨ ਕਰਨ, ਸਾਈਨ ਅੱਪ ਕਰਨ, ਪੋਸਟ ਕਰਨ ਅਤੇ ਸਮੱਗਰੀ ਦੇਖਣ ਦੇ ਨਾਲ-ਨਾਲ ਪ੍ਰੀਮੀਅਮ ਸੇਵਾਵਾਂ ਸਮੇਤ ਮੁੱਖ ਸਹੂਲਤਾਂ ਦੀ ਵਰਤੋਂ ਕਰਨ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ। ਸਰਵਰ ਡਾਊਨਟਾਈਮ ਦੀ ਰਿਪੋਰਟ ਕਰਨ ਵਾਲੀ ਵੈੱਬਸਾਈਟ, ਧੋਨਧਏਟਏਚਟੋਰ ਵੀ ਬੰਦ ਰਹੀ। ਇਹ ਆਊਟੇਜ ਸਰਵਰ ਪ੍ਰਦਾਤਾ, ਕਲਾਊਡਫਲੇਅਰ ਕਾਰਨ ਹੋਇਆ, ਜਿਸ ਨਾਲ ਇਸ ਨਾਲ ਜੁੜੀਆਂ ਲਗਭਗ 7.5 ਮਿਲੀਅਨ ਵੈੱਬਸਾਈਟਾਂ ਪ੍ਰਭਾਵਿਤ ਹੋਈਆਂ। ਡਾਊਨਡਿਟੈਕਟਰ ਦੇ ਅਨੁਸਾਰ, ਦੁਨੀਆ ਭਰ ਵਿੱਚ ਬਹੁਤ ਸਾਰੇ ਐਕਸ ਉਪਭੋਗਤਾਵਾਂ ਨੂੰ ਵੈੱਬ ਅਤੇ ਐਪ ਦੋਵਾਂ ਸੰਸਕਰਣਾਂ ‘ਤੇ ਪੋਸਟਾਂ ਤੱਕ ਪਹੁੰਚ ਕਰਨ ਅਤੇ ਅਪਡੇਟ ਕਰਨ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ। ਲਗਭਗ 43% ਨੂੰ ਪੋਸਟਾਂ ਦੇਖਣ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ, 23% ਨੂੰ ਵੈੱਬਸਾਈਟ ਦੀ ਵਰਤੋਂ ਕਰਨ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ, ਅਤੇ ਲਗਭਗ 24% ਨੇ ਵੈੱਬ ਕਨੈਕਸ਼ਨ ਨਾਲ ਸਮੱਸਿਆਵਾਂ ਦੀ ਰਿਪੋਰਟ ਕੀਤੀ। ਕਲਾਊਡਫਲੇਅਰ ਇੱਕ ਇੰਟਰਨੈੱਟ ਬੁਨਿਆਦੀ ਢਾਂਚਾ ਕੰਪਨੀ ਹੈ ਜੋ ਵੈੱਬਸਾਈਟਾਂ ਅਤੇ ਐਪਲੀਕੇਸ਼ਨਾਂ ਨੂੰ ਤੇਜ਼, ਵਧੇਰੇ ਸੁਰੱਖਿਅਤ ਅਤੇ ਵਧੇਰੇ ਭਰੋਸੇਮੰਦ ਬਣਾਉਣ ਲਈ ਸੇਵਾਵਾਂ ਪ੍ਰਦਾਨ ਕਰਦੀ ਹੈ। ਆਊਟੇਜ ਕਾਰਨ ਇਹ ਸੇਵਾਵਾਂ ਬੰਦ ਹੋ ਗਈਆਂ। ਕਲਾਊਡਫਲੇਅਰ ਨੇ ਕਿਹਾ ਕਿ ਉਹ ਇਸ ਮੁੱਦੇ ਤੋਂ ਜਾਣੂ ਹੈ ਅਤੇ ਜਾਂਚ ਕਰ ਰਹੀ ਹੈ। “ਅਸੀਂ ਇਸ ਮੁੱਦੇ ਦੇ ਪੂਰੇ ਪ੍ਰਭਾਵ ਨੂੰ ਸਮਝਣ ਅਤੇ ਇਸਨੂੰ ਘਟਾਉਣ ਲਈ ਕੰਮ ਕਰ ਰਹੇ ਹਾਂ। ਅਸੀਂ ਜਲਦੀ ਹੀ ਹੋਰ ਅੱਪਡੇਟ ਪ੍ਰਦਾਨ ਕਰਾਂਗੇ।”

# ਸ਼ਰਨਾਰਥੀ ਬੱਚੇ ਵਜੋਂ ਰੂਸ ਤੋਂ ਅਮਰੀਕਾ ਆਇਆ ਸੀ ਅਤੇ ਹੁਣ ਪਿਤਾ ਦੇ ਰੂਪ ਵਿੱਚ ਦੇਸ਼ ਨਿਕਾਲਾ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਰੋਮਨ ਸੁਰੋਵਤਸਵ ਸ਼ਰਨਾਰਥੀ ਬੱਚੇ ਵਜੋਂ ਸਾਬਕਾ ਸੋਵੀਅਤ ਯੂਨੀਅਨ ਤੋਂ ਅਮਰੀਕਾ ਆਇਆ ਸੀ ਤੇ ਹੁਣ ਜਦ ਕਿ ਉਹ ਦੋ ਛੋਟੀਆਂ ਬੱਚੀਆਂ ਦਾ ਪਿਤਾ ਬਣ ਚੁੱਕਾ ਹੈ, ਉਸ ਨੂੰ ਦੇਸ਼ ਨਿਕਾਲਾ ਦੇ ਦਿੱਤਾ ਗਿਆ ਹੈ। ਉਸ ਨੂੰ ਯੁਕਰੇਨ ਵਾਪਿਸ ਭੇਜ ਦਿੱਤਾ ਗਿਆ ਹੈ ਜਿਥੇ ਉਹ ਕਦੀ ਰਿਹਾ ਹੀ ਨਹੀਂ ਕਿਉਂਕਿ ਜਦੋਂ ਸੁਰੋਵਤਸਵ ਅਮਰੀਕਾ ਆਇਆ ਸੀ ਓਦੋਂ ਯੁਕਰੇਨ ਸੋਵੀਅਤ ਯੂਨੀਅਨ ਦਾ ਹਿੱਸਾ ਸੀ। ਰੂਟੀਨ ਦੀ ਛਾਣਬੀਣ ਦੌਰਾਨ ਇਮੀਗ੍ਰੇਸ਼ਨ ਐਂਡ ਕਸਟਮ ਇਨਫੋਰਸਮੈਂਟ ਨੇ ਸੁਰੋਵਤਸਵ ਨੂੰ ਇਸ ਸਾਲ 1 ਅਗਸਤ ਨੂੰ ਗ੍ਰਿਫਤਾਰ ਕਰ ਲਿਆ ਸੀ ਤੇ ਉਸ ਤੋਂ ਬਾਅਦ ਉਹ ਘਰ ਨਹੀਂ ਆਇਆ। 3 ਤੇ 5 ਸਾਲ ਦੀਆਂ ਧੀਆਂ ਜਦੋਂ ਆਪਣੀ ਮਾਂ ਸਮਾਨਤਾ ਨੂੰ ਪਾਪਾ ਬਾਰੇ ਪੁੱਛਦੀਆਂ ਹਨ ਤਾਂ ਉਹ ਬੱਚੀਆਂ ਦਾ ਦਿਲ ਰੱਖਣ ਲਈ ਕਹਿ ਦਿੰਦੀ ਹੈ ਕਿ ਉਹ ਕੰਮ 'ਤੇ ਹੈ। 20 ਸਾਲ ਤੋਂ ਵਧ ਸਮਾਂ ਪਹਿਲਾਂ ਇੱਕ ਕਾਰ ਚੋਰੀ ਦੇ ਮਾਮਲੇ ਵਿੱਚ ਸੁਰੋਵਤਸਵ ਦਾ ਸਥਾਈ ਨਿਵਾਸ ਦਾ ਦਰਜਾ ਖਤਮ ਕਰ ਦਿੱਤਾ ਗਿਆ ਸੀ। ਹਾਲਾਂ ਕਿ 2014 ਵਿੱਚ ਉਸ ਦੀ ਰਿਹਾਈ ਉਪਰੰਤ ਉਸ ਦੇ ਵਕੀਲ ਨੇ ਕਾਨੂੰਨੀ ਲੜਾਈ ਰਾਹੀਂ ਉਹ ਮਾਮਲਾ ਖਤਮ ਕਰਵਾ ਦਿੱਤਾ ਸੀ ਤੇ ਹੁਣ ਉਸ ਨੂੰ ਗਰੀਨ ਕਾਰਡ ਮਿਲਣ ਵਾਲਾ ਸੀ ਪਰੰਤੂ ਸੋਮਵਾਰ ਉਸ ਨੂੰ ਯੁਕਰੇਨ ਭੇਜ ਦਿੱਤਾ ਗਿਆ। ਸਮਾਨਤਾ ਜਿਸ ਦੀਆਂ ਅੱਖਾਂ ਵਿੱਚ ਪ੍ਰਤਖ ਤੌਰ 'ਤੇ ਹੰਝੂ ਨਜਰ ਆ ਰਹੇ ਸਨ,ਨੇ ਕਿਹਾ ਕਿ ਉਸ ਦੀਆਂ ਧੀਆਂ ਛੋਟੀਆਂ ਹਨ ਤੇ ਉਹ ਨਹੀਂ ਸਮਝ ਰਹੀਆਂ ਕਿ ਮਾਮਲਾ ਕੀ ਹੈ। ਉਸ ਨੇ ਕਿਹਾ ਕਿ ਮੈਨੂੰ ਮਹਿਸੂਸ ਹੋ ਰਿਹਾ ਹੈ ਕਿ ਹੁਣ ਮੈਨੂੰ ਇੱਕਲੀ ਨੂੰ ਹੀ ਆਪਣੀਆਂ ਬੇਟੀਆਂ ਨਾਲ ਜਿੰਦਗੀ ਜੀਣੀ ਪਵੇਗੀ।

# ਆਪ ਵਿਧਾਇਕ ਨੂੰ ਹਾਈਕੋਰਟ ਵੱਲੋਂ ਵੱਡਾ ਝਟਕਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੂੰ ਹਾਈਕੋਰਟ ਤੋਂ ਵੱਡਾ ਝਟਕਾ ਮਿਲਿਆ ਹੈ। ਮਨਜਿੰਦਰ ਸਿੰਘ ਲਾਲਪੁਰਾ ਨੇ ਛੇੜਛਾੜ ਮਾਮਲੇ ਵਿੱਚ ਆਪਣੇ ਖਿਲਾਫ਼ ਸਜ਼ਾ ਸਸਪੈਂਡ ਕਰਨ ਦੀ ਯਾਚਿਕਾ ਪਾਈ ਸੀ, ਜਿਸ ਨੂੰ ਹਾਈਕੋਰਟ ਵਲੋਂ ਰੱਦ ਕਰ ਦਿੱਤਾ ਹੈ। ਹਾਲਾਂਕਿ ਅਜੇ ਡੀਟੇਲ ਆਰਡਰ ਆਉਣਾ ਬਾਕੀ ਹੈ, ਪਰ ਹਾਈ ਕੋਰਟ ਦੇ ਇਸ ਫ਼ੈਸਲੇ ਨਾਲ ਮਨਜਿੰਦਰ ਲਾਲਪੁਰਾ ਲਈ ਕਾਨੂੰਨੀ ਚੁਣੌਤੀਆਂ ਵਧ ਗਈਆਂ ਹਨ। ਇਹ ਮਾਮਲਾ ਛੇੜਛਾੜ ਦੇ ਦੋਸ਼ਾਂ ਨਾਲ ਸੰਬੰਧਿਤ ਹੈ, ਜਿਸ ਵਿੱਚ ਲਾਲਪੁਰਾ ਪਹਿਲਾਂ ਹੀ ਜ਼ਿੰਮੇਵਾਰ ਹਨ। ਸਿਆਸੀ ਵਿਸ਼ਲੇਸ਼ਕਾਂ ਦੇ ਅਨੁਸਾਰ, ਇਸ ਫ਼ੈਸਲੇ ਨਾਲ ਮਨਜਿੰਦਰ ਲਾਲਪੁਰਾ ਦੀ ਪਾਰਟੀ ਵਿੱਚ ਸਥਿਤੀ ਪ੍ਰਭਾਵਿਤ ਹੋ ਸਕਦੀ ਹੈ, ਖ਼ਾਸ ਕਰਕੇ ਚੋਣਾਂ ਦੇ ਸੰਦਰਭ ਵਿੱਚ। ਹਾਈ ਕੋਰਟ ਦੇ ਅਗਲੇ ਡੀਟੇਲ ਆਰਡਰ ਦੇ ਆਉਣ ਦੀ ਉਡੀਕ ਕੀਤੀ ਜਾ ਰਹੀ ਹੈ, ਜੋ ਮਾਮਲੇ ਦੇ ਹੋਰ ਨੁਕਤੇ ਸਾਹਮਣੇ ਲਿਆਵੇਗਾ। ਪਿਛਲੀ ਸੁਣਵਾਈ ਦੌਰਾਨ ਹਾਈ ਕੋਰਟ ਨੇ ਹੇਠਲੀ ਅਦਾਲਤ ਨੂੰ ਪੂਰਾ ਮਾਮਲਾ ਰਿਕਾਰਡ ਦੇਣ ਦੇ ਆਦੇਸ਼ ਦਿੱਤੇ ਸਨ। ਤਰਨਤਾਰਨ ਅਦਾਲਤ ਨੇ ਇਸ ਮਾਮਲੇ ਵਿੱਚ ਵਿਧਾਇਕ ਮਨਜਿੰਦਰ ਲਾਲਪੁਰਾ ਨੂੰ 4 ਸਾਲ ਦੀ ਸਜ਼ਾ ਸੁਣਾਈ ਹੈ। ਹੁਣ ਹਾਈ ਕੋਰਟ ਦੇ ਫੈਸਲੇ ਨਾਲ ਮਨਜਿੰਦਰ ਲਾਲਪੁਰਾ ਲਈ ਕਾਨੂੰਨੀ ਚੁਣੌਤੀਆਂ ਵਧ ਗਈਆਂ ਹਨ ਅਤੇ ਉਹਨਾਂ ਦੀ ਸਿਆਸੀ ਸਥਿਤੀ ‘ਤੇ ਵੀ ਪ੍ਰਭਾਵ ਪੈ ਸਕਦਾ ਹੈ, ਖਾਸ ਕਰਕੇ ਜਦੋਂ ਕਿ ਖਡੂਰ ਸਾਹਿਬ ਵਿੱਚ ਜ਼ਿਮਨੀ ਚੋਣ ਦੀ ਆਹਟ ਹੈ। ਅਗਲੇ ਕਦਮ ਅਤੇ ਡੀਟੇਲ ਆਰਡਰ ਦੇ ਆਉਣ ਦੀ ਉਡੀਕ ਕੀਤੀ ਜਾ ਰਹੀ ਹੈ, ਜਿਸ ਨਾਲ ਮਾਮਲੇ ਦੇ ਹੋਰ ਨੁਕਤੇ ਸਾਹਮਣੇ ਆ ਸਕਣਗੇ। ਇਸ ਘਟਨਾ ਨੇ ਸਿਆਸੀ ਅਤੇ ਜਨਤਕ ਮਾਹੌਲ ਵਿੱਚ ਗਰਮਾ-ਗਰਮ ਚਰਚਾ ਛੇੜ ਦਿੱਤੀ ਹੈ।

# ਸਟੈਨਿਸਲਾਸ ਕਾਉਂਟੀ ਵਿੱਚ ਰਾਸ਼ਟਰੀ ਸਿੱਖ ਜਾਗਰੂਕਤਾ ਮਹੀਨੇ ਨੂੰ ਮਾਨਤਾ ਦਿੱਤੀ ਗਈ



ਸਟੈਨਿਸਲਾਸ
ਸਾਂਝੀ ਸੋਚ ਬਿਊਰੋ

ਸਟੈਨਿਸਲਾਸ ਕਾਉਂਟੀ ਵਿੱਚ ਰਾਸ਼ਟਰੀ ਸਿੱਖ ਜਾਗਰੂਕਤਾ ਮਹੀਨੇ ਨੂੰ ਮਾਨਤਾ ਦਿੱਤੀ ਗਈ। ਇਸ ਮੌਕੇ ਕਾਉਂਟੀ ਸੁਪਰਵਾਈਜ਼ਰ, ਮਨੀ ਗਰੇਵਾਲ ਨੇ ਪ੍ਰੋਗਰਾਮ ਦੀ ਮੇਜ਼ਬਾਨੀ ਕੀਤੀ।

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੈਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੈਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ
ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO • HOME • TRUCK • BUSINESS • LIFE • MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

**6624 FLORIN ROAD, SACRAMENTO CA, 95828**

**FAX: 916)258-0441, Cell: (916)308-7997**

Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**

**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**



**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

# ਐਨਸੀਸੀ ਗਰੁੱਪ ਹੈੱਡਕੁਆਰਟਰ ਦੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਕੁਲਬੀਰ ਸਿੰਘ ਨੇ 2 ਪੀਬੀ ਏਆਈਆਰ ਐਨਸੀਸੀ ਅੰਮ੍ਰਿਤਸਰ ਦਾ ਦੌਰਾ ਕੀਤਾ

ਅੰਮ੍ਰਿਤਸਰ
ਧੈਰਿਆ ਮਹਿਰਾ



ਐਨਸੀਸੀ ਗਰੁੱਪ ਹੈੱਡਕੁਆਰਟਰ ਅੰਮ੍ਰਿਤਸਰ ਤੋਂ ਗਰੁੱਪ ਕਮਾਂਡਰ ਬ੍ਰਿਗੇਡੀਅਰ ਕੁਲਬੀਰ ਸਿੰਘ ਨੇ 13 ਨਵੰਬਰ 2025 ਨੂੰ 2 ਪੀਬੀ ਏਆਈਆਰ ਐਨਸੀਸੀ ਅੰਮ੍ਰਿਤਸਰ ਦਾ ਦੌਰਾ ਕੀਤਾ। ਕੁੱਲ 12 ਚੁਣੇ ਹੋਏ ਕ੍ਰੈਡਿਟ, ਸਾਰੇ ਪੀਆਈ ਸਟਾਫ ਅਤੇ ਸਿਵਲੀਅਨ ਸਟਾਫ ਨੇ ਇਸ ਦੌਰੇ ਵਿੱਚ ਹਿੱਸਾ ਲਿਆ। ਗਰੁੱਪ ਕੈਪਟਨ ਮਨੋਜ ਕੁਮਾਰ ਵਾਟਸ ਅਤੇ ਜੇਡਬਲਯੂਓ ਆਰਕੇ ਸ਼ਰਮਾ ਦੀ ਅਗਵਾਈ ਹੇਠ ਇਹ ਦੌਰਾ ਬਹੁਤ ਸਫਲ ਰਿਹਾ। ਗਰੁੱਪ ਕਮਾਂਡਰ ਯੂਨਿਟ 2 ਪੀਬੀ ਏਅਰ ਐਨਸੀਸੀ ਅੰਮ੍ਰਿਤਸਰ ਤੋਂ ਜਾਣੂ ਹੋਏ, ਦੌਰੇ ਦੇ ਮਹੱਤਵਪੂਰਨ ਪਹਿਲੂ ਏਅਰੋ-ਮਾਡਲਿੰਗ, ਡਰੋਨ ਸਿਖਲਾਈ, ਆਰਸੀ ਮਾਡਲ ਅਤੇ ਫਲਾਇੰਗ ਸਿਮੂਲੇਟਰ ਸਨ। ਸਤੰਬਰ 2025 ਵਿੱਚ ਬੰਗਲੌਰ ਵਿਖੇ ਆਯੋਜਿਤ ਏਆਈਵੀਐਸਸੀ ਕੈਂਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਕ੍ਰੈਡਿਟਾਂ ਨੂੰ ਨਕਦੀ ਦੀਆਂ ਕੀਮਤਾਂ ਅਤੇ ਮੋਮੈਂਟੋ ਵੰਡਿਆ ਗਿਆ। ਉਨ੍ਹਾਂ ਨੇ ਆਪਣੇ ਕੀਮਤੀ ਸ਼ਬਦਾਂ ਨਾਲ ਕੈਡਿਟਾਂ ਨੂੰ ਸੰਬੋਧਿਤ ਕੀਤਾ ਅਤੇ ਸਖ਼ਤ ਮਿਹਨਤ ਕਰਨ ਅਤੇ ਜੇਕਰ ਉਨ੍ਹਾਂ ਦੇ ਜੀਵਨ ਵਿੱਚ ਅਸਫਲਤਾ ਆਉਂਦੀ ਹੈ ਤਾਂ ਉਸ ਲਈ ਤਿਆਰ ਰਹਿਣ ਲਈ ਪ੍ਰੇਰਿਤ ਕੀਤਾ।

# ਦਲਿਤ ਨੌਜਵਾਨ ਦੀ ਲਾਸ਼ ਨਾ ਰੱਖਣ ਦੇ ਮਾਮਲੇ 'ਤੇ ਐਸ.ਸੀ ਕਮਿਸ਼ਨ ਸਖ਼ਤ- ਡੀ.ਸੀ. ਰੂਪਨਗਰ ਤੋਂ ਤੁਰੰਤ ਰਿਪੋਰਟ ਤਲਬ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਪ੍ਰਕਾਸ਼ਿਤ ਖ਼ਬਰ ਮੁਤਾਬਿਕ ਇੱਕ ਦਲਿਤ ਨੌਜਵਾਨ ਦੀ ਲਾਸ਼ ਨੂੰ ਮੁਰਦਾ ਘਰ ਵਿੱਚ ਰੱਖਣ ਤੋਂ ਇਨਕਾਰ ਕਰਨ ਦੇ ਗੰਭੀਰ ਮਾਮਲੇ ਦਾ ਸੂ-ਮੋਟੋ ਨੋਟਿਸ ਲਿਆ ਹੈ। ਇਸ ਸਬੰਧੀ ਉਨ੍ਹਾਂ ਨੇ ਡਿਪਟੀ ਕਮਿਸ਼ਨਰ, ਰੂਪਨਗਰ ਨੂੰ ਮਾਮਲੇ ਦੀ ਤੁਰੰਤ ਜਾਂਚ ਕਰਕੇ ਰਿਪੋਰਟ ਪੇਸ਼ ਕਰਨ ਦੇ ਆਦੇਸ਼ ਜਾਰੀ ਕੀਤੇ ਹਨ। ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸਪਸ਼ਟ ਕੀਤਾ ਕਿ ਅਨੁਸੂਚਿਤ ਜਾਤੀਆਂ ਨਾਲ ਜੁੜੇ ਕਿਸੇ ਵੀ ਭੇਦਭਾਵ, ਲਾਪਰਵਾਹੀ ਜਾਂ ਅਣਮਨੁੱਖੀ ਵਰਤਾਰੇ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਧਿਆਨ ਹਰੇਕ ਘਟਨਾ ਦੀ ਗੰਭੀਰ ਜਾਂਚ, ਤੁਰੰਤ ਕਾਰਵਾਈ ਅਤੇ ਪੀੜਤ ਪੱਖ ਨੂੰ ਨਿਆਂ ਮੁਹੱਈਆ ਕਰਵਾਉਣ 'ਤੇ ਹੈ। ਇਸ ਲਈ, ਸਬੰਧਤ ਅਧਿਕਾਰੀਆਂ ਨੂੰ ਨਿਰਧਾਰਤ ਮਿਆਦ ਅੰਦਰ ਪੂਰੇ ਤੱਥਾਂ ਸਮੇਤ ਜ਼ਿੰਮੇਵਾਰੀ ਨਾਲ ਰਿਪੋਰਟ ਪੇਸ਼ ਕਰਨ ਦੇ ਸਖ਼ਤ ਆਦੇਸ਼ ਜਾਰੀ ਕੀਤੇ ਗਏ ਹਨ। ਚੇਅਰਮੈਨ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਐਸ.ਡੀ.ਐਮ ਅਤੇ ਸਿਵਲ ਸਰਜਨ ਰੂਪਨਗਰ ਵੱਲੋਂ 19 ਨਵੰਬਰ ਨੂੰ ਨਿੱਜੀ ਪੱਧਰ 'ਤੇ ਕਮਿਸ਼ਨ ਅੱਗੇ ਹਾਜ਼ਰ ਹੋ ਕੇ ਮੁਕੰਮਲ ਕਾਰਵਾਈ ਰਿਪੋਰਟ ਪੇਸ਼ ਕਰਨੀ ਲਾਜ਼ਮੀ ਕੀਤੀ ਗਈ ਹੈ। ਇਸ ਤੋਂ ਇਲਾਵਾ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸ਼੍ਰੀ ਗੁਰੂ ਰਵਿਦਾਸ ਅਧਿਐਨ ਕੇਂਦਰ ਲਈ ਐਲਾਨ ਕੀਤੀ 25 ਕਰੋੜ ਰੁਪਏ ਦੀ ਰਕਮ ਸਬੰਧੀ ਮੌਜੂਦਾ ਸਥਿਤੀ ਬਾਰੇ ਵੀ ਵਿਸਥਾਰਿਤ ਰਿਪੋਰਟ ਮੰਗੀ ਹੈ। ਇਸ ਸਬੰਧ ਵਿਚ ਡਿਪਟੀ ਕਮਿਸ਼ਨਰ, ਜਲੰਧਰ ਨੂੰ ਆਦੇਸ਼ ਦਿੱਤੇ ਗਏ ਹਨ ਕਿ ਕੇਂਦਰ ਨਾਲ ਜੁੜੇ ਸਾਰੇ ਰਿਕਾਰਡ ਅਤੇ ਐਕਸ਼ਨ ਪਲਾਨ ਸਮੇਤ ਸਬੰਧਤ ਏ.ਡੀ.ਸੀ. ਰਾਹੀਂ 26 ਨਵੰਬਰ, ਸਵੇਰੇ 11.30 ਵਜੇ ਤੱਕ ਨਿੱਜੀ ਤੌਰ 'ਤੇ ਕਮਿਸ਼ਨ ਅੱਗੇ ਪੇਸ਼ ਕੀਤਾ ਜਾਵੇ।

# 'ਨਿਰੰਤਰ ਮਿਲਾਪ ਟੀਮ' ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

ਅੰਮ੍ਰਿਤਸਰ
ਧੈਰਿਆ ਮਹਿਰਾ



ਮਕੈਨੀਜ਼ਡ ਇਨਫੈਂਟਰੀ ਰੈਜੀਮੈਂਟ ਦੀ 'ਨਿਰੰਤਰ ਮਿਲਾਪ ਟੀਮ' ਸਾਬਕਾ ਸੈਨਿਕਾਂ, ਵੀਰ ਨਾਰੀਆਂ (ਯੁੱਧ ਵਿਧਵਾਵਾਂ) ਅਤੇ ਉਨ੍ਹਾਂ ਦੇ ਆਸ਼ਰਿਤਾਂ ਦੇ ਪੈਨਸ਼ਨ ਅਤੇ ਭਲਾਈ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਦੇ ਉਦੇਸ਼ ਨਾਲ ਚੱਲ ਰਹੀ ਦੇਸ਼ ਵਿਆਪੀ ਪਹਿਲ ਦੇ ਹਿੱਸੇ ਵਜੋਂ ਰੈਜੀਮੈਂਟ ਦੇ ਕਰਨਲ, ਲੈਫਟੀਨੈਂਟ ਜਨਰਲ ਪੀ.ਐਸ. ਸ਼ੇਖਾਵਤ, ਪੀਵੀਐਸਐਮ, ਏਵੀਐਸਐਮ, ਐਸਐਮ ਦੀ ਅਗਵਾਈ ਹੇਠ, ਟੀਮ ਨੂੰ ਅਹਿਲਿਆਨਗਰ ਦੇ ਮਕੈਨਾਈਜ਼ਡ ਇਨਫੈਂਟਰੀ ਸੈਂਟਰ ਐਂਡ ਸਕੂਲ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਅਤੇ 18 ਨਵੰਬਰ 2025 ਨੂੰ ਅੰਮ੍ਰਿਤਸਰ ਪਹੁੰਚੇਗੀ। ਇਹ ਸਮਾਗਮ ਜ਼ਿਲ੍ਹਾ ਸੈਨਿਕ ਭਲਾਈ ਦਫਤਰ, ਅੰਮ੍ਰਿਤਸਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਜਾਵੇਗਾ ਜਿੱਥੇ ਰਿਕਾਰਡ ਦਫਤਰ, ਮਕੈਨਾਈਜ਼ਡ ਇਨਫੈਂਟਰੀ ਰੈਜੀਮੈਂਟ ਦੇ ਨੁਮਾਇੰਦੇ, ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਗੱਲਬਾਤ ਕਰਨਗੇ। ਬ੍ਰਿਗੇਡੀਅਰ ਪੀ. ਸੁਨੀਲ ਕੁਮਾਰ, ਐਸਐਮ (ਸੈਂਟਰ ਕਮਾਂਡੈਂਟ) ਅਤੇ ਲੈਫਟੀਨੈਂਟ ਕਰਨਲ ਅਸ਼ੋਕ ਕੁਮਾਰ (ਮੁੱਖ ਰਿਕਾਰਡ ਅਫਸਰ) ਦੀ ਅਗਵਾਈ ਹੇਠ ਚਲਾਏ ਜਾ ਰਹੇ ਇਸ ਮਿਸ਼ਨ ਵਿੱਚ 'ਨਿਰੰਤਰ ਮਿਲਾਪ ਟੀਮ' ਦੇਸ਼ ਭਰ ਦੇ ਵੱਖ-ਵੱਖ ਜ਼ਿਲ੍ਹਿਆਂ ਦਾ ਦੌਰਾ ਕਰਦੀ ਹੈ ਅਤੇ ਸਾਬਕਾ ਸੈਨਿਕਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕਰਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਭਲਾਈ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕੀਤਾ ਜਾ ਸਕੇ। ਰੈਜੀਮੈਂਟ ਦੇ ਵੱਡੀ ਗਿਣਤੀ ਵਿੱਚ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਨੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਅਤੇ ਅਗਲੇ ਇੱਕ ਸਾਲ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਢਾਹਾਂ ਕਲੇਰਾਂ ਹਸਪਤਾਲ ਵਿਚ ਲੱਗੇ ਚਮੜੀ ਦੀਆਂ ਬਿਮਾਰੀਆਂ ਦੇ ਮੁਫ਼ਤ ਕੈਂਪ ਦਾ 206 ਮਰੀਜ਼ਾਂ ਲਾਭ ਪ੍ਰਾਪਤ ਕੀਤਾ

ਬੰਗਾ
ਸਾਂਝੀ ਸੋਚ ਬਿਊਰੋ




ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਚਮੜੀ ਦੀਆਂ ਬਿਮਾਰੀਆਂ ਦਾ ਦੂਜਾ ਮੁਫਤ ਚੈਕਅੱਪ ਕੈਂਪ ਲਗਾਇਆ ਗਿਆ, ਜਿਸ ਦਾ 206 ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ। ਇਸ ਮੌਕੇ ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਦੱਸਿਆ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਇਲਾਕੇ ਦੇ ਲੋੜਵੰਦ ਮਰੀਜ਼ਾਂ ਦੀ ਮਦਦ ਕਰਨ ਲਈ ਮੁਫਤ ਮੈਡੀਕਲ ਕੈਂਪਾਂ ਦੀ ਲੜੀ ਵਿਚ ਚਮੜੀ ਦੀਆਂ ਲੋੜਵੰਦ ਮਰੀਜ਼ਾਂ ਦੀ ਮਦਦ ਕਰਨ ਲਈ ਚਮੜੀ ਦੇ ਰੋਗਾਂ ਦਾ ਦੂਜਾ ਮੁਫਤ ਕੈਂਪ ਲਗਾਇਆ ਗਿਆ ਹੈ। ਇਸ ਮੌਕੇ ਹਸਪਤਾਲ ਦੇ ਚਮੜੀ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਕਰਨ ਛਾਬੜਾ ਐਮਡੀ (ਸਕਿਨ) ਵੱਲੋਂ ਕੈਂਪ ਵਿਚ 206 ਮਰੀਜ਼ਾਂ ਦੀ ਮੁਫਤ ਜਾਂਚ ਕੀਤੀ ਅਤੇ ਮੁਫਤ ਦਵਾਈਆਂ ਪ੍ਰਦਾਨ ਕੀਤੀਆਂ। ਫਰੀ ਕੈਂਪ ਵਿਚ ਡਾ. ਕਰਨ ਛਾਬੜਾ ਨੇ ਮਰੀਜ਼ਾਂ ਨੂੰ ਚਮੜੀ ਦੀਆਂ ਬਿਮਾਰੀਆਂ ਤੋਂ ਬਚਾਅ ਰੱਖਣ ਲਈ ਜਾਗਰੁਕ ਵੀ ਕੀਤਾ। ਇਸ ਮੌਕੇ ਡਾ.ਨਿਤਿਕਾ ਠਾਕਰ ਮੈਡੀਕਲ ਅਫਸਰ,ਮੈਡਮ ਜੋਤੀ ਭਾਟੀਆ, ਰਣਜੀਤ ਸਿੰਘ ਮਾਨ, ਵਿਵੇਕ ਅਰੋੜਾ, ਕਰਨ ਸਰਗੰਲ,ਵਿਸ਼ਾਲ ਚੌਧਰੀ, ਰਾਹੁਲ ਹਸਪਤਾਲ ਦਾ ਨਰਸਿੰਗ, ਮੈਡੀਕਲ ਸਟਾਫ ਮੌਜੂਦ ਸੀ।




NOW OPEN
NOW OPEN
Tandoori
FLAVORS
MARINATE MEAT SHOP
ਮੇਰੀਨੇਟ ਮੀਟ ਸ਼ੋਪ
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori
FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫ਼ੂਡ ਤੇ ਮੈਰੀਨੇਡ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
''ਅਸੀਂ ਆਪਣੇ ਖਾਣੇ 'ਚ ਫ਼ੂਡ-ਕਲਰ ਨਹੀਂ ਵਰਤਦੇ।''
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
Feel the difference
BARKLEY
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205


Pal Films Production
All Your Photo/Videography & Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਹਵਨ ਯੱਗ:ਵੈਦਿਕ ਮੰਤਰਾਂ ਦੀ ਗੂੰਜ ਵਾਤਾਵਰਣ ਨੂੰ ਸ਼ੁੱਧ ਕਰਦੀ ਹੈ

ਜੰਡਿਆਲਾ ਗੁਰੂ
ਡਾ.ਰਾਜਿੰਦਰ ਰਿਖੀ

ਗੁਰੂਦੇਵ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਦੇ ਪਵਿੱਤਰ ਮਾਰਗਦਰਸ਼ਨ ਹੇਠ, ਰਘੂਨਾਥ ਮੰਦਿਰ, ਡਾਲੀਆਣਾ ਜੰਡਿਆਲਾ ਗੁਰੂ ਵਿਖੇ ਸ਼੍ਰੀਮਦ ਭਾਗਵਤ ਕਥਾ ਦੀ ਸਮਾਪਤੀ ਤੋਂ ਬਾਅਦ ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੁਆਰਾ ਇੱਕ ਵਿਸ਼ਾਲ ਹਵਨ ਯੱਗ ਦਾ ਆਯੋਜਨ ਕੀਤਾ ਗਿਆ। ਇਸ ਪਵਿੱਤਰ ਯੱਗ ਵਿੱਚ ਸਾਧਵੀ ਭਾਗਿਆਸ਼੍ਰੀ ਭਾਰਤੀ ਜੀ ਨੇ ਸੰਗਤ ਦੇ ਨਾਲ, ਹਵਨ ਕੁੰਡ ਵਿੱਚ ਪੂਰਨ ਭੇਟਾਂ ਚੜ੍ਹਾਈਆਂ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਕਿਹਾ ਕਿ ਹਵਨ ਯੱਗ ਸਾਡੀ ਵੈਦਿਕ ਸੰਸਕ੍ਰਿਤੀ, ਅਧਿਆਤਮਿਕ ਉੱਨਤੀ ਅਤੇ ਨੈਤਿਕ ਤਰੱਕੀ ਦਾ ਇੱਕ ਜੀਵਤ ਪ੍ਰਤੀਕ ਹੈ, ਜੋ ਵਿਚਾਰਾਂ ਦੀ ਸ਼ੁੱਧਤਾ, ਅਧਿਆਤਮਿਕ ਸ਼ਕਤੀ ਅਤੇ ਵਿਅਕਤੀ ਦੇ ਅੰਦਰ ਅੰਦਰੂਨੀ ਸੰਤੁਲਨ ਪੈਦਾ ਕਰਦਾ ਹੈ। ਵੈਦਿਕ ਮੰਤਰਾਂ ਦੀ ਗੂੰਜ ਵਾਤਾਵਰਣ ਨੂੰ ਸ਼ੁੱਧ ਕਰਦੀ ਹੈ ਅਤੇ ਹਵਾ ਵਿੱਚ ਸਕਾਰਾਤਮਕ ਵਾਈਬ੍ਰੇਸ਼ਨ ਪੈਦਾ ਕਰਦੀ ਹੈ, ਨਕਾਰਾਤਮਕ ਊਰਜਾ ਨੂੰ ਖਤਮ ਕਰਦੀ ਹੈ।



ਵੈਦਿਕ ਗ੍ਰੰਥਾਂ ਦੇ ਅਨੁਸਾਰ, ਹਵਨ ਯੱਗ ਹੜ੍ਹ, ਭੂਚਾਲ ਅਤੇ ਜਵਾਲਾਮੁਖੀ ਵਰਗੀਆਂ ਕੁਦਰਤੀ ਆਫ਼ਤਾਂ ਤੋਂ ਬਚਾਉਣ ਲਈ ਲਾਭਦਾਇਕ ਊਰਜਾ ਫੈਲਾਉਂਦਾ ਹੈ। ਇਸਨੂੰ ਮਾਨਸਿਕ ਸ਼ਾਂਤੀ, ਤਣਾਅ ਤੋਂ ਰਾਹਤ ਅਤੇ ਸਰੀਰਕ ਤੰਦਰੁਸਤੀ ਲਈ ਵੀ ਬਹੁਤ ਲਾਭਦਾਇਕ ਮੰਨਿਆ ਜਾਂਦਾ ਹੈ। ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੈਦਿਕ ਪਰੰਪਰਾਵਾਂ ਨੂੰ ਸੁਰੱਖਿਅਤ ਰੱਖਣ ਅਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਲਗਾਤਾਰ ਯਤਨਸ਼ੀਲ ਹੈ। ਸਾਧਵੀ ਭਾਗਿਆਸ਼੍ਰੀ ਭਾਰਤੀ ਜੀ ਨੇ ਸੰਗਤਾਂ ਨੂੰ ਵੈਦਿਕ ਰੀਤੀ ਰਿਵਾਜਾਂ ਦੇ ਮਹੱਤਵ ਨੂੰ ਸਮਝਣ ਅਤੇ ਹਵਨ ਯੱਗ ਦੀ ਪਰੰਪਰਾ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ, ਜਿਸ ਨਾਲ ਸਮਾਜਿਕ ਏਕਤਾ, ਅਧਿਆਤਮਿਕ ਚੇਤਨਾ ਅਤੇ ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰਹੇਗੀ। "ਹਵਨ-ਧਰਮ, ਵਿਗਿਆਨ ਅਤੇ ਅਧਿਆਤਮਿਕ ਉੱਨਤੀ ਦੀ ਸਭ ਤੋਂ ਉੱਤਮ ਪਰੰਪਰਾ।" ਇਸ ਪਵਿੱਤਰ ਸਮਾਗਮ ਵਿੱਚ ਸਾਧਵੀ ਕ੍ਰਿਸ਼ਨਪ੍ਰੀਤ ਭਾਰਤੀ ਜੀ, ਸਾਧਵੀ ਨੀਰਜਾ ਭਾਰਤੀ ਜੀ, ਸਾਧਵੀ ਰਾਜਵਿੰਦਰ ਭਾਰਤੀ ਜੀ, ਸਾਧਵੀ ਭਗਵਤੀ ਭਾਰਤੀ ਜੀ, ਸਾਧਵੀ ਹਰੀਤਾ ਭਾਰਤੀ ਜੀ, ਸਾਧਵੀ ਸਤਿੰਦਰ ਭਾਰਤੀ ਜੀ, ਸਾਧਵੀ ਸ਼ੀਤਲ ਭਾਰਤੀ ਜੀ, ਸਾਧਵੀ ਸ਼ੀਤਲ ਭਾਰਤੀ ਜੀ, ਸਾਧਵੀ ਜੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।

# ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਲਈ ਚਟਾਨ ਵਾਂਗ ਖੜ੍ਹਾ ਹਾਂ ਸੂਬੇ ਦੇ ਹੱਕ ਨਹੀਂ ਖੋਹਣ ਦੇਵਾਂਗਾ- ਮੁੱਖ ਮੰਤਰੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਸੁਰੱਖਿਆ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਖਾਤਰ ਚਟਾਨ ਵਾਂਗ ਖੜ੍ਹਾ ਹਾਂ ਅਤੇ ਕਿਸੇ ਨੂੰ ਪੰਜਾਬ ਦੇ ਹੱਕ ਖੋਹਣ ਦੀ ਇਜਾਜ਼ਤ ਨਹੀਂ ਦੇਵਾਂਗਾ। ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬੀਤੇ ਦਿਨ ਉੱਤਰੀ ਜ਼ੋਨਲ ਕੌਂਸਲ ਦੀ 32ਵੀਂ ਮੀਟਿੰਗ ਦੌਰਾਨ ਸਾਰੇ ਮੈਂਬਰ ਸੂਬਿਆਂ ਨੇ ਆਪੋ-ਆਪਣੇ ਮਸਲਿਆਂ ਉਤੇ ਰਾਏ ਰੱਖੀ ਸੀ। ਉਨ੍ਹਾਂ ਕਿਹਾ ਕਿ ਇਹ ਬੜੇ ਦੁੱਖ ਦੀ ਗੱਲ ਹੈ ਕਿ ਹਰਿਆਣਾ, ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਸਮੇਤ ਬਹੁਤੇ ਸੂਬੇ ਪੰਜਾਬ ਦੇ ਹੱਕਾਂ ਉਤੇ ਡਾਕਾ ਮਾਰਨ ਲਈ ਪੱਬਾਂ ਭਾਰ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਦਕਿਸਮਤੀ ਨਾਲ ਹਰਿਆਣਾ, ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਸਾਡੇ ਹੱਕ ਖੋਹਣ ਲਈ ਬੇਲੋੜਾ ਦਬਾਅ ਬਣਾ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸੂਬਿਆਂ ਦੀ ਗੈਰ-ਜ਼ਿੰਮੇਵਾਰ ਲੀਡਰਸ਼ਿਪ ਨੇ ਸੂਬੇ ਦੇ ਸਰੋਤਾਂ ਅਤੇ ਇੱਥੋਂ ਤੱਕ ਕਿ ਦਰਿਆਈ ਪਾਣੀਆਂ ਵਿੱਚ ਹਿੱਸਾ ਪਾਉਣ ਦੀ ਅਨਿਆਂਪੂਰਨ ਮੰਗ ਕਰਕੇ ਉੱਤਰੀ ਜ਼ੋਨਲ ਵਰਗੇ ਵੱਕਾਰੀ ਪਲੇਟਫਾਰਮ ਦਾ ਮਜ਼ਾਕ ਉਡਾਇਆ ਹੈ। ਉਨ੍ਹਾਂ ਕਿਹਾ ਕਿ ਇਸ ਮੀਟਿੰਗ ਵਿੱਚ ਸਾਰੇ ਮੈਂਬਰ ਸੂਬਿਆਂ ਨੇ ਆਪਣੇ ਵਿਚਾਰ ਰੱਖੇ ਅਤੇ ਸੂਬੇ ਦੇ ਮੁਖੀ ਹੋਣ ਦੇ ਨਾਤੇ ਉਨ੍ਹਾਂ ਨੇ ਵੀ ਪੰਜਾਬ ਦਾ ਪੱਖ ਪੇਸ਼ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੁੱਲ 28 ਏਜੰਡਾ ਆਈਟਮਾਂ ਵਿੱਚੋਂ 11 ਸੂਬੇ ਨਾਲ ਸਬੰਧਤ ਸਨ ਅਤੇ ਪਹਿਲੀ ਵਾਰ ਸੂਬਾ ਸਰਕਾਰ ਦੇ ਸਖ਼ਤ ਯਤਨਾਂ ਸਦਕਾ ਇਨ੍ਹਾਂ ਸਾਰਿਆਂ ਨੂੰ ਮੁਲਤਵੀ ਕਰ ਦਿੱਤਾ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਮੁੱਦੇ ਅਸਲ ਵਿੱਚ ਅਕਾਲੀਆਂ, ਭਾਜਪਾ ਅਤੇ ਕਾਂਗਰਸ ਦੀਆਂ ਪਿਛਲੀਆਂ ਸਰਕਾਰਾਂ ਦੁਆਰਾ ਪੰਜਾਬ ਅਤੇ ਇਸ ਦੇ ਲੋਕਾਂ ਲਈ ਬੀਜੇ ਗਏ ਕੰਡੇ ਹਨ। ਹਾਲਾਂਕਿ, ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਲਈ ਸਖ਼ਤ ਯਤਨ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜਿਹੜੇ ਲੋਕ ਦਰਿਆਈ ਪਾਣੀਆਂ 'ਤੇ ਰੌਲਾ ਪਾ ਰਹੇ ਹਨ, ਉਨ੍ਹਾਂ ਨੂੰ ਇੱਕ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਦਰਿਆਈ ਪਾਣੀਆਂ ਦੀ ਉਪਲਬਧਤਾ ਦੇ ਅਸਲ ਸਮੇਂ ਦਾ ਮੁਲਾਂਕਣ ਕੀਤਾ ਜਾਣਾ ਚਾਹੀਦਾ ਹੈ ਜਿਸ ਲਈ ਪਾਣੀ ਦੀ ਮੌਜੂਦਗੀ ਦੀ ਸਮੀਖਿਆ ਕੀਤੀ ਜਾਣੀ ਚਾਹੀਦੀ ਹੈ।

ਦਰਿਆਈ ਪਾਣੀਆਂ, ਰਾਜਧਾਨੀ, ਪੰਜਾਬ ਯੂਨੀਵਰਸਿਟੀ ਅਤੇ ਹੈੱਡ ਵਰਕਸ ਬਾਰੇ ਬੋਲਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦੁੱਖ ਦੀ ਗੱਲ ਹੈ ਕਿ ਹਰ ਦੂਜਾ ਸੂਬਾ ਪੰਜਾਬ ਦੇ ਅਧਿਕਾਰਾਂ ਵਿੱਚੋਂ ਹਿੱਸਾ ਮੰਗ ਰਿਹਾ ਹੈ, ਜੋ ਕਿ ਪੂਰੀ ਤਰ੍ਹਾਂ ਨਾਜਾਇਜ਼ ਹੈ। ਉਨ੍ਹਾਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਤਨਜ਼ ਕੱਸਦਿਆਂ ਕਿਹਾ ਕਿ ਹਰਿਆਣਾ ਨੇ ਬਹੁਤ ਹੀ ਅਜੀਬ ਜਿਹੀ ਮੰਗ ਕੀਤੀ ਹੈ ਕਿ ਪੰਜਾਬ ਨੂੰ ਭਾਖੜਾ ਮੇਨ ਲਾਈਨ 'ਤੇ ਮਿੰਨੀ ਹਾਈਡਲ ਪ੍ਰੋਜੈਕਟਾਂ ਦੇ ਨਿਰਮਾਣ ਤੋਂ ਰੋਕਿਆ ਜਾਵੇ ਕਿਉਂਕਿ ਇਸ ਨਾਲ ਪਾਣੀ ਦੇ ਵਹਾਅ ਵਿੱਚ ਰੁਕਾਵਟ ਪੈਦਾ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਹੈਰਾਨੀ ਵਾਲੀ ਗੱਲ ਹੈ ਕਿ ਹਰਿਆਣਾ ਦੀ ਭੋਲੀ ਲੀਡਰਸ਼ਿਪ ਅਜਿਹੇ ਬੇਹੂਦਾ ਮਸਲੇ ਖੜ੍ਹੇ ਰਹੀ ਹੈ ਜੋ ਬੇਬੁਨਿਆਦ ਅਤੇ ਤੱਥਾਂ ਤੋਂ ਬਹੁਤ ਦੂਰ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਤਲੁਜ ਯਮੁਨਾ ਲਿੰਕ (ਐਸ.ਵਾਈ.ਐਲ.) ਦੇ ਮੁੱਦੇ ਸਿਰਫ ਯਮੁਨਾ ਸਤਲੁਜ ਲਿੰਕ (ਵਾਈ.ਐਸ.ਐਲ.) ਰਾਹੀਂ ਹੀ ਹੱਲ ਕੀਤੇ ਜਾ ਸਕਦੇ ਹਨ, ਜੋ ਯਮੁਨਾ ਦੇ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਐਸ.ਵਾਈ.ਐਲ. ਰਾਹੀਂ ਕੋਈ ਵਾਧੂ ਪਾਣੀ ਨਹੀਂ ਹੈ ਅਤੇ ਪਾਣੀ ਦੀ ਉਪਲਬਧਤਾ ਬਾਰੇ ਵਿਗਿਆਨਕ ਆਧਾਰ ਉਤੇ ਹਿਸਾਬ ਨਹੀਂ ਲਾਇਆ ਗਿਆ।



ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਇਕ ਬੂੰਦ ਵੀ ਵਾਧੂ ਪਾਣੀ ਨਹੀਂ ਹੈ ਅਤੇ ਇਸ ਬਾਰੇ ਸਵਾਲ ਹੀ ਪੈਦਾ ਨਹੀਂ ਹੁੰਦਾ। ਪਾਣੀ ਨਾਲ ਸਬੰਧਤ ਮੁੱਦੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿੰਧੂ ਜਲ ਸੰਧੀ ਰੱਦ ਹੋਣ ਦੇ ਮੱਦੇਨਜ਼ਰ ਸਬੰਧਤ ਸੂਬਿਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਨੂੰ ਦੇਖਦਿਆਂ ਇਹ ਪਾਣੀ ਨਾਲ ਸਬੰਧਤ ਮੁੱਦਿਆਂ ਦੇ ਹੱਲ ਲਈ ਇੱਕ ਵਧੀਆ ਮੌਕਾ ਹੈ। ਉਨ੍ਹਾਂ ਕਿਹਾ ਕਿ ਚਨਾਬ ਦਰਿਆ ਨੂੰ ਰਾਵੀ ਅਤੇ ਬਿਆਸ ਦਰਿਆਵਾਂ ਨਾਲ ਜੋੜਨ ਦੀ ਸੰਭਾਵਨਾ ਹੈ, ਜਿਸ ਸਬੰਧੀ ਸਾਡੇ ਕੋਲ ਪਹਿਲਾਂ ਹੀ ਪਾਣੀ ਦੇ ਵਹਾਅ ਨੂੰ ਨਿਯਮਤ ਕਰਨ ਵਾਲੇ ਡੈਮ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਚਨਾਬ ਦਰਿਆ ਨੂੰ ਰਾਵੀ ਅਤੇ ਬਿਆਸ ਦਰਿਆਵਾਂ ਨਾਲ ਜੋੜਨ 'ਤੇ ਵਾਧੂ ਪਾਣੀ ਦੇ ਵਹਾਅ ਨੂੰ ਹੇਠਲੇ ਰਾਜਾਂ ਦੁਆਰਾ ਬਿਜਲੀ ਉਤਪਾਦਨ ਅਤੇ ਸਿੰਚਾਈ ਦੋਵਾਂ ਉਦੇਸ਼ਾਂ ਲਈ ਲਾਭਦਾਇਕ ਢੰਗ ਨਾਲ ਵਰਤਿਆ ਜਾ ਸਕਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਰਾਜਸਥਾਨ ਤੋਂ ਬੀ.ਬੀ.ਐਮ.ਬੀ. ਵਿੱਚ ਮੈਂਬਰ ਦੀ ਸਥਾਈ ਨਿਯੁਕਤੀ ਬਾਰੇ ਪੰਜਾਬ ਨੇ ਆਪਣਾ ਸਖ਼ਤ ਵਿਰੋਧ ਦਰਜ ਕਰਵਾਇਆ। ਉਨ੍ਹਾਂ ਕਿਹਾ ਕਿ ਬੀਬੀਐਮਬੀ ਪੰਜਾਬ ਪੁਨਰਗਠਨ ਐਕਟ, 1966 ਦੇ ਅਧੀਨ ਗਠਿਤ ਸੰਸਥਾ ਹੈ, ਜੋ ਸਿਰਫ ਉੱਤਰਾਧਿਕਾਰੀ ਰਾਜਾਂ ਪੰਜਾਬ ਅਤੇ ਹਰਿਆਣਾ ਨਾਲ ਸਬੰਧਤ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਪਹਿਲਾਂ ਹੀ ਮੈਂਬਰਾਂ ਦੀ ਨਿਯੁਕਤੀ ਲਈ ਇੱਕ ਪੈਨਲ ਪੇਸ਼ ਕੀਤਾ ਹੈ ਅਤੇ ਭਾਰਤ ਸਰਕਾਰ ਪੰਜਾਬ ਅਤੇ ਹਰਿਆਣਾ ਤੋਂ ਇੱਕ-ਇੱਕ ਮੈਂਬਰ ਦੀ ਅਸਲ ਵਿਵਸਥਾ ਨੂੰ ਜਾਰੀ ਰੱਖੇ ਕਿਉਂਕਿ ਪੂਰੇ ਸਮੇਂ ਦੀ ਵਾਧੂ ਅਸਾਮੀ ਲਈ ਨਾ ਸਿਰਫ ਖਰਚਾ ਵਧੇਗਾ ਜਿਸ ਨੂੰ ਬਿਨਾਂ ਕਿਸੇ ਉਦੇਸ਼ ਦੇ ਪੰਜਾਬ ਨੂੰ ਸਹਿਣ ਕਰਨਾ ਪਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਚੰਡੀਗੜ੍ਹ ਨੂੰ ਪੰਜਾਬ ਹਵਾਲੇ ਕਰਨ ਦੀ ਜ਼ੋਰਦਾਰ ਅਪੀਲ ਕੀਤੀ ਸੀ ਅਤੇ ਕਿਹਾ ਕਿ ਸੂਬੇ ਦੇ ਪੁਨਰਗਠਨ ਤੋਂ ਬਾਅਦ 1970 ਦੇ ਇੰਦਰਾ ਗਾਂਧੀ ਸਮਝੌਤੇ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਸੀ ਕਿ "ਚੰਡੀਗੜ੍ਹ ਦਾ ਰਾਜਧਾਨੀ ਪ੍ਰੋਜੈਕਟ ਖੇਤਰ, ਸਮੁੱਚੇ ਤੌਰ 'ਤੇ ਪੰਜਾਬ ਨੂੰ ਜਾਵੇਗਾ, ਜੋ ਕਿ ਕੇਂਦਰ ਸਰਕਾਰ ਦੀ ਸਪੱਸ਼ਟ ਵਚਨਬੱਧਤਾ ਸੀ। ਉਨ੍ਹਾਂ ਕਿਹਾ ਕਿ 24 ਜੁਲਾਈ, 1985 ਨੂੰ ਤਤਕਾਲੀ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਅਤੇ ਸੰਤ ਹਰਚੰਦ ਸਿੰਘ ਲੌਂਗੋਵਾਲ ਵਿਚਕਾਰ ਹੋਏ ਰਾਜੀਵ-ਲੌਂਗੋਵਾਲ ਸਮਝੌਤੇ ਨੇ ਸਪੱਸ਼ਟ ਤੌਰ 'ਤੇ ਪੁਸ਼ਟੀ ਕੀਤੀ ਸੀ ਕਿ ਚੰਡੀਗੜ੍ਹ ਨੂੰ ਪੰਜਾਬ ਹਵਾਲੇ ਕਰ ਦਿੱਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਹਾਲਾਂਕਿ ਸਾਰੇ ਵਾਅਦਿਆਂ ਦੇ ਬਾਵਜੂਦ ਚੰਡੀਗੜ੍ਹ ਨੂੰ ਪੰਜਾਬ ਹਵਾਲੇ ਨਹੀਂ ਕੀਤਾ ਗਿਆ ਜਿਸ ਨੇ ਹਰ ਪੰਜਾਬੀ ਦੇ ਮਨ ਨੂੰ ਠੇਸ ਪਹੁੰਚਾਈ ਹੈ। ਚੰਡੀਗੜ੍ਹ ਯੂਟੀ ਦੇ ਕੰਮਕਾਜ ਵਿੱਚ ਪੰਜਾਬ ਅਤੇ ਹਰਿਆਣਾ ਦੇ ਸੇਵਾ ਕਰਮਚਾਰੀਆਂ ਦੀ ਭਰਤੀ ਦੇ 60:40 ਅਨੁਪਾਤ ਨੂੰ ਬਰਕਰਾਰ ਰੱਖਣ ਦੇ ਮੁੱਦੇ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਇਹ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿ ਆਈਏਐਸ ਅਤੇ ਪੀਸੀਐਸ ਦੇ ਅਧਿਕਾਰੀਆਂ ਨੂੰ ਚੰਡੀਗੜ੍ਹ ਪ੍ਰਸ਼ਾਸਨ ਵਿੱਚ ਮੁੱਖ ਅਹੁਦਿਆਂ ਤੋਂ ਬਾਹਰ ਰੱਖਿਆ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਬਕਾਰੀ, ਸਿੱਖਿਆ, ਵਿੱਤ ਅਤੇ ਸਿਹਤ ਵਰਗੇ ਵਿਭਾਗਾਂ ਵਿੱਚ ਅਸਾਮੀਆਂ ਨੂੰ ਸਟੇਟ ਯੂਟੀ ਕੇਡਰ ਵਰਗੇ ਕੇਡਰਾਂ ਲਈ ਖੋਲ੍ਹਿਆ ਜਾ ਰਿਹਾ ਹੈ, ਜਿਸ ਨਾਲ ਯੂਟੀ ਪ੍ਰਸ਼ਾਸਨ ਦੇ ਪ੍ਰਭਾਵਸ਼ਾਲੀ ਕੰਮਕਾਜ ਵਿੱਚ ਪੰਜਾਬ ਰਾਜ ਦੀ ਭੂਮਿਕਾ 'ਤੇ ਮਾੜਾ ਪ੍ਰਭਾਵ ਪੈ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇੱਕ ਹੋਰ ਜੁੜਿਆ ਮੁੱਦਾ ਪੰਜਾਬ ਕੇਡਰ ਦੇ ਅਧਿਕਾਰੀਆਂ ਨੂੰ ਜਨਰਲ ਮੈਨੇਜਰ ਐਫ.ਸੀ.ਆਈ (ਪੰਜਾਬ) ਦੇ ਅਹੁਦੇ 'ਤੇ ਤਾਇਨਾਤ ਕਰਨਾ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਪੂਲ ਵਿੱਚ ਪੰਜਾਬ ਰਾਜ ਦੇ ਲਗਾਤਾਰ ਵੱਡੇ ਯੋਗਦਾਨ ਨੂੰ ਦੇਖਦਿਆਂ ਭਾਰਤ ਸਰਕਾਰ ਨੂੰ ਪੰਜਾਬ ਕੇਡਰ ਦੇ ਆਈ.ਏ.ਐਸ. ਅਧਿਕਾਰੀ ਨੂੰ ਐਫ.ਸੀ.ਆਈ. ਦੇ ਰੀਜ਼ਨਲ ਦਫ਼ਤਰ ਵਿੱਚ ਤਾਇਨਾਤ ਕਰਨ ਦੇ ਸਥਾਪਿਤ ਰੁਝਾਨ ਨੂੰ ਭੰਗ ਨਹੀਂ ਕਰਨਾ ਚਾਹੀਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਐਮ.ਡੀ. ਸਿਟਕੋ ਦਾ ਅਹੁਦਾ ਪਹਿਲਾਂ ਤੋਂ ਪੰਜਾਬ ਕੇਡਰ ਦੇ ਆਈ.ਏ.ਐਸ. ਅਧਿਕਾਰੀ ਕੋਲ ਰਿਹਾ ਹੈ, ਜਦ ਕਿ ਹੁਣ ਯੂ.ਟੀ. ਸਟੇਸ ਸਰਵਿਸ ਆਫ਼ਿਸਰਜ਼ ਨੂੰ ਇਸ ਅਹੁਦੇ 'ਤੇ ਤਾਇਨਾਤ ਕੀਤਾ ਜਾ ਰਿਹਾ ਹੈ, ਜੋ ਕਿ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਨ ਵਿੱਚ ਪੰਜਾਬ ਅਤੇ ਹਰਿਆਣਾ ਤੋਂ ਕਰਮਚਾਰੀਆਂ ਦੀ ਭਰਤੀ ਦੇ 60:40 ਦੇ ਨਿਰਧਾਰਤ ਅਨੁਪਾਤ ਦੇ ਵਿਰੁੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਲਗਭਗ 13,500 ਕਰੋੜ ਰੁਪਏ ਦਾ ਭਾਰੀ ਨੁਕਸਾਨ ਹੋਇਆ ਹੈ ਪਰ ਫਿਰ ਵੀ ਅਸੀਂ ਰਾਸ਼ਟਰੀ ਖੁਰਾਕ ਪੂਲ ਵਿੱਚ 150 ਲੱਖ ਮੀਟ੍ਰਿਕ ਟਨ ਝੋਨੇ ਦਾ ਯੋਗਦਾਨ ਪਾ ਰਹੇ ਹਾਂ। ਭਗਵੰਤ ਸਿੰਘ ਮਾਨ ਨੇ ਰੋਪੜ, ਹਰੀਕੇ ਅਤੇ ਫਿਰੋਜ਼ਪੁਰ ਹੈੱਡਵਰਕਸ ਦਾ ਕੰਟਰੋਲ ਬੀਬੀਐਮਬੀ ਨੂੰ ਤਬਦੀਲ ਕਰਨ ਦੇ ਪ੍ਰਸਤਾਵ ਦਾ ਵੀ ਵਿਰੋਧ ਕੀਤਾ ਕਿਉਂਕਿ ਇਹ ਹੈੱਡਵਰਕਸ ਪੂਰੀ ਤਰ੍ਹਾਂ ਪੰਜਾਬ ਦੇ ਅੰਦਰ ਸਥਿਤ ਹਨ ਅਤੇ ਹਮੇਸ਼ਾ ਰਾਜ ਦੁਆਰਾ ਸੰਚਾਲਿਤ ਅਤੇ ਰੱਖ-ਰਖਾਅ ਕੀਤੇ ਜਾਂਦੇ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਕਿਤੇ ਵੀ ਕਿਸੇ ਰਾਜ ਦੇ ਹੈੱਡਵਰਕਸ ਕਿਸੇ ਬਾਹਰੀ ਏਜੰਸੀ ਦੁਆਰਾ ਨਹੀਂ ਚਲਾਏ ਜਾ ਰਹੇ ਅਤੇ ਜੇਕਰ ਹੈੱਡਵਰਕਸ ਦਾ ਕੰਟਰੋਲ ਵੀ ਪੰਜਾਬ ਤੋਂ ਖੋਹ ਲਿਆ ਜਾਂਦਾ ਹੈ ਤਾਂ ਸੂਬੇ ਨੂੰ ਹੜ੍ਹਾਂ ਨਾਲ ਨਜਿੱਠਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਬੀਐਸਐਫ ਅਤੇ ਫੌਜ ਦੀ ਸਰਹੱਦੀ ਚੌਕੀ (ਬੀਓਪੀ) 'ਤੇ ਹੜ੍ਹ ਸੁਰੱਖਿਆ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੇ ਮੁੱਦੇ ਵੀ ਉਠਾਏ ਹਨ।

Gillson TRUCKING INC

NOW HIRING
TRUCK DRIVERS
CLASS A CDL



- ✓ Signing Bonus
- ✓ Top pay
- ✓ Mileage Pay
- ✓ Great Benefits
- ✓ Over the Road or Local Routes
- ✓ Reefers and Dry Van Operations
- ✓ No touch freight



SKILLS
- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

RESPONSIBILITIES
- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

PAY
- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR APPLY NOW

HEALTH BENEFITS: Health | Dental | Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking | company/gillsontrucking | www.teamgillson.com


GHUMAN LAW GROUP
Immigration Law | Criminal Defense Law
GHUMAN
LAW GROUP INC.
FIGHTING FOR YOUR RIGHTS
TRUST OUR EXPERIENCED TEAM FOR RELENTLESS PROTECTION OF YOUR RIGHTS.
IMMIGRATION LAW
GUARDIANSHIP | SIJS
GREEN CARD
EMPLOYMENT VISA
INVESTMENT VISA
VAWA
U VISA
P3 VISA
R1 VISA
IMMIGRATION LAW
HELP
CRIMINAL DEFENSE LAW
EXPUNGEMENT
Clean your criminal record through Courts
ਅਕਸਪੰਜਮਿੰਟ
DOMESTIC VIOLENCE (DV)
ਘਰੇਲੂ ਝਗੜੇ
RESTRAINING ORDERS
ਰੀਸਟਰੈਨਿੰਗ ਆਡਰ
DUI
ਸ਼ਰਾਬ ਪੀ ਕੇ ਗੱਡੀ ਚਲਾਉਂਦੇ ਫੜੇ ਜਾਣਾ
DRUG CHARGES
ਡਰੱਗ ਦੇ ਕੇਸ
FELONY / MISDEMEANOR ALL TYPE CHARGES
ਫੈਲਨੀ/ ਮੀਸਡੀਮੀਨਰ ਸਬੰਧੀ ਕੇਸ
MON - FRI | 9:00 AM - 3:00 PM
+1-228-200-0001 | www.ghumanlawgroup.org
2450 VENTURE OAKS WAY, STE 225 SACRAMENTO, CA





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# 350ਵਾਂ ਸ਼ਹੀਦੀ ਦਿਹਾੜਾ: ਸ਼ਰਧਾਲੂਆਂ ਦੀ ਸੁਚਾਰੂ ਅਤੇ ਸੁਰੱਖਿਅਤ ਆਵਾਜਾਈ ਲਈ ਸ੍ਰੀ ਅਨੰਦਪੁਰ ਸਾਹਿਬ ਨੂੰ 25 ਸੈਕਟਰਾਂ ਵਿੱਚ ਵੰਡਿਆ

**ਸ਼੍ਰੀ ਆਨੰਦਪੁਰ ਸਾਹਿਬ ਸਾਂਝੀ ਸੋਚ ਬਿਊਰੋ**

ਨੌਵੇਂ ਪਾਤਸ਼ਾਹ ਗੁਰੂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਸਬੰਧੀ ਵਿਸ਼ਾਲ ਸਮਾਗਮਾਂ ਵਾਸਤੇ ਸੁਚਾਰੂ ਅਤੇ ਸੁਰੱਖਿਅਤ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਆਪਕ ਸੁਰੱਖਿਆ, ਸਹੂਲਤ ਅਤੇ ਟ੍ਰੈਫਿਕ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।

ਮੀਡੀਆ ਨੂੰ ਸੰਬੋਧਨ ਕਰਦਿਆਂ ਡੀਜੀਪੀ ਨੇ ਦੱਸਿਆ ਕਿ ਉਨ੍ਹਾਂ ਨੇ ਸਾਰੇ ਸੁਪਰਵਾਈਜ਼ਰੀ ਅਧਿਕਾਰੀਆਂ ਨੂੰ ਪੇਸ਼ੇਵਰਤਾ, ਵਚਨਬੱਧਤਾ, ਦਇਆ-ਭਾਵਨਾ ਅਤੇ ਸ਼ਰਧਾ ਦੇ ਉੱਚਤਮ ਮਿਆਰਾਂ ਨੂੰ ਯਕੀਨੀ ਬਣਾਉਂਦਿਆਂ ਆਪਣੀ ਡਿਊਟੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਮੌਕੇ ਉਨ੍ਹਾਂ ਨਾਲ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਅਤੇ ਵਿਸ਼ੇਸ਼ ਡੀਜੀਪੀ ਇੰਟੈਲੀਜੈਂਸ ਪ੍ਰਵੀਨ ਸਿਨਹਾ ਵੀ ਮੌਜੂਦ ਸਨ।

23 ਤੋਂ 25 ਨਵੰਬਰ, 2025 ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਵਿਸ਼ਾਲ ਯਾਦਗਾਰੀ ਸਮਾਗਮਾਂ ਵਿੱਚ ਦੁਨੀਆਂ ਭਰ ਤੋਂ ਲੱਖਾਂ ਸ਼ਰਧਾਲੂਆਂ ਦੇ ਪਹੁੰਚਣ ਦੀ ਉਮੀਦ ਹੈ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਸੀਨੀਅਰ ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ 8,000 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਇੱਕ ਵੱਡੀ ਫੋਰਸ ਤਾਇਨਾਤ ਕੀਤੀ ਗਈ ਹੈ ਤਾਂ ਜੋ ਆਉਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ, ਸੁਚਾਰੂ ਆਉਣ-ਜਾਣ ਅਤੇ ਆਰਾਮਦਾਇਕ ਅਨੁਭਵ ਨੂੰ ਯਕੀਨੀ ਬਣਾਇਆ ਜਾ ਸਕੇ।

ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸੁਰੱਖਿਆ ਪ੍ਰਬੰਧ ਅਤਿ-ਆਧੁਨਿਕ ਤਕਨਾਲੋਜੀ 'ਤੇ ਅਧਾਰਤ ਹਨ ਅਤੇ ਸ਼ਹਿਰ ਦੇ ਸਾਰੇ ਪ੍ਰਵੇਸ਼ ਅਤੇ ਨਿਕਾਸ ਸਥਾਨਾਂ 'ਤੇ ਆਟੋਮੈਟਿਕ ਨੰਬਰ ਪਲੇਟ ਰੈਕੋਗੀਨੇਸ਼ਨ (ਏਐਨਪੀਆਰ), ਪੀਟੀਜ਼ੈਡ, ਅਤੇ ਚਿਹਰੇ ਦੀ ਪਛਾਣ ਵਾਲੇ ਕੈਮਰਿਆਂ ਦੇ ਨਾਲ ਡਰੋਨ ਨਿਗਰਾਨੀ ਦੀ ਵਿਵਸਥਾ ਕੀਤੀ ਗਈ ਹੈ, ਜਿਸ ਲਈ ਇੱਕ ਉੱਚ-ਤਕਨੀਕੀ ਕੰਟਰੋਲ ਰੂਮ ਸਥਾਪਤ ਕੀਤਾ ਜਾ ਰਿਹਾ ਹੈ।ਡੀਜੀਪੀ ਨੇ ਕਿਹਾ ਕਿ ਪੂਰੇ ਖੇਤਰ ਨੂੰ ਯੋਜਨਾਬੱਧ ਢੰਗ ਨਾਲ 25 ਸੈਕਟਰਾਂ ਵਿੱਚ ਵੰਡਿਆ ਗਿਆ ਹੈ ਅਤੇ ਹਰੇਕ ਸੈਕਟਰ ਦਾ ਆਪਣਾ ਸਬ-ਕੰਟਰੋਲ ਰੂਮ ਅਤੇ ਹੈਲਪ ਡੈਸਕ ਹੈ ਤਾਂ ਜੋ ਕੁਸ਼ਲ ਪ੍ਰਬੰਧਨ ਨੂੰ ਯਕੀਨੀ ਬਣਾਇਆ ਜਾ ਸਕੇ। ਸ਼ਰਧਾਲੂਆਂ ਦੀ ਸਹੂਲਤ



ਲਈ, ਵਿਆਪਕ ਟ੍ਰੈਫਿਕ ਅਤੇ ਲੌਜਿਸਟਿਕਲ ਯੋਜਨਾਵਾਂ ਬਣਾਈਆਂ ਗਈਆਂ ਹਨ ਜਿਸ ਵਿੱਚ ਸਾਰੇ ਸਥਾਨਾਂ ਅਤੇ ਟੈਂਟ ਸਿਟੀਜ਼ ਲਈ 24ਣ7 ਸ਼ਟਲ ਸੇਵਾਵਾਂ ਸ਼ਾਮਲ ਹਨ। ਇਸ ਤੋਂ ਇਲਾਵਾ ਸੰਗਤ ਦੀ ਸੁਚਾਰੂ ਆਵਾਜਾਈ ਅਤੇ ਜ਼ਮੀਨੀ ਪੱਧਰ 'ਤੇ ਮਜ਼ਬੂਤ ਪ੍ਰਬੰਧਨ ਲਈ ਰਣਨੀਤਕ ਤੌਰ 'ਤੇ ਸਮਾਰਟ ਬੈਰੀਕੇਡਿੰਗ ਪ੍ਰਣਾਲੀਆਂ ਸਥਾਪਤ ਕੀਤੀਆਂ ਜਾ ਰਹੀਆਂ ਹਨ।

ਸ਼ਰਧਾਲੂਆਂ ਲਈ ਨਿਰਵਿਘਨ ਟ੍ਰੈਫਿਕ ਪ੍ਰਬੰਧਨ ਅਤੇ ਘੱਟੋ-ਘੱਟ ਪਰੇਸ਼ਾਨੀ ਲਈ ਜ਼ਿਲ੍ਹਾ ਪੁਲਿਸ ਨੇ ਆਈਆਈਟੀ ਰੋਪੜ ਨਾਲ ਸਾਂਝੇਦਾਰੀ ਤਹਿਤ ਸੰਗਤ ਦੇ ਮਾਰਗਦਰਸ਼ਨ ਅਤੇ ਕੁਸ਼ਲ ਟ੍ਰੈਫਿਕ ਪ੍ਰਬੰਧਨ ਲਈ ਪਾਰਕਿੰਗ ਜ਼ੋਨਾਂ ਦੀ ਰੀਅਲ-ਟਾਈਮ ਡਿਜੀਟਲ ਮੈਪਿੰਗ ਦਾ ਪ੍ਰਬੰਧ ਕੀਤਾ ਗਿਆ ਹੈ । ਇਸ ਤੋਂ ਇਲਾਵਾ ਦੇਸ਼ ਭਰ ਤੋਂ ਆਉਣ ਵਾਲੀ ਸੰਗਤ ਦੀ ਸਹੂਲਤ ਅਤੇ ਢੁਕਵੀਂ ਵਿਵਸਥਾ ਨੂੰ ਬਣਾਈ ਰੱਖਣ ਲਈ ਐਡਵਾਂਸਡ ਸਰਵੇਲੈਂਸ ਗਰਿੱਡ, ਆਧੁਨਿਕ ਟ੍ਰੈਫਿਕ ਪ੍ਰਬੰਧਨ ਅਤੇ ਮਜ਼ਬੂਤ ਫੀਲਡ ਨਿਗਰਾਨ ਪ੍ਰਣਾਲੀ ਪੂਰੀ ਤਰ੍ਹਾਂ ਕਾਰਜਸ਼ੀਲ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਸ਼ਰਧਾਲੂਆਂ ਲਈ ਇੱਕ ਸੁਚਾਰੂ, ਸੁਰੱਖਿਅਤ ਅਤੇ ਅਧਿਆਤਮਿਕ ਤੌਰ 'ਤੇ ਸੰਪੂਰਨ ਅਨੁਭਵ ਨੂੰ ਯਕੀਨੀ ਬਣਾਉਣ ਲਈ ਤਕਨਾਲੋਜੀ-ਅਧਾਰਤ ਸਹੂਲਤ ਪ੍ਰਣਾਲੀਆਂ, ਜਿਸ ਵਿੱਚ ਸਮਰਪਿਤ ਹੈਲਪ ਡੈਸਕ, ਜਨਤਕ ਸਹੂਲਤਾਂ ਅਤੇ ਰੀਅਲ-ਟਾਈਮ ਨਿਗਰਾਨੀ ਡੈਸ਼ਬੋਰਡ ਸ਼ਾਮਲ ਹਨ, ਸਥਾਪਿਤ ਕੀਤੀਆਂ ਗਈਆਂ ਹਨ।

ਉਨ੍ਹਾਂ ਅੱਗੇ ਕਿਹਾ ਕਿ ਵਿਆਪਕ ਐਮਰਜੈਂਸੀ ਯੋਜਨਾਵਾਂ, ਜਿਸ ਵਿੱਚ ਸੰਗਤ ਦੀ ਆਵਾਜਾਈ, ਰਿਕਵਰੀ ਵੈਨਾਂ ਅਤੇ ਮੁਹੱਲਾ ਕਲੀਨਿਕ ਤੇ ਰੈਫਰਲ ਹਸਪਤਾਲ ਵਰਗੀਆਂ ਡਾਕਟਰੀ ਸੇਵਾਵਾਂ ਸ਼ਾਮਲ ਹਨ, ਦੀ ਵੀ ਢੁਕਵੀਂ ਵਿਵਸਥਾ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਫੋਰਸ ਦੀ ਤਾਇਨਾਤੀ ਨੂੰ ਬ੍ਰੀਫਿੰਗ ਕਰਨ ਲਈ ਕਿਊ.ਆਰ. ਕੋਡਾਂ ਦੀ ਵਰਤੋਂ ਕੀਤੀ ਗਈ ਹੈ, ਤਾਂ ਜੋ ਇਸਨੂੰ ਸੁਚਾਰੂ ਬਣਾਇਆ ਜਾ ਸਕੇ ਅਤੇ ਭੀੜ-ਭੜੱਕੇ ਵਾਲੇ ਅਤੇ ਸੰਵੇਦਨਸ਼ੀਲ ਸਥਾਨਾਂ 'ਤੇ ਮਹਿਲਾ ਪੁਲਿਸ ਅਤੇ ਵਿਸ਼ੇਸ਼ ਸਿਵਲ ਵਰਦੀਧਾਰੀ ਕਰਮਚਾਰੀਆਂ ਨੂੰ ਵੀ ਤਾਇਨਾਤ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਰੋਪੜ ਜ਼ਿਲ੍ਹੇ ਅਤੇ ਇਸਦੇ ਆਲੇ ਦੁਆਲੇ ਦੇ ਸਨੈਚਰਾਂ ਨਾਲ ਸਬੰਧਤ ਡੇਟਾ ਨੂੰ ਚਿਹਰੇ ਦੀ ਪਛਾਣ ਕਰਨ ਵਾਲੀ ਪ੍ਰਣਾਲੀ ਨਾਲ ਜੋੜਿਆ ਗਿਆ ਹੈ।

ਡੀਜੀਪੀ ਨੇ ਕਿਹਾ ਕਿ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਾਗਰਿਕਾਂ ਦੇ ਅਧਿਕਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਸਮਾਗਮ ਦੀ ਪਵਿੱਤਰਤਾ ਬਣਾਈ ਰੱਖਣ ਲਈ ਨਿਮਰਤਾ ਅਤੇ ਸਤਿਕਾਰ ਨਾਲ ਆਪਣੇ ਫਰਜ਼ ਨਿਭਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਡੀਜੀਪੀ ਗੌਰਵ ਯਾਦਵ ਨੇ ਰੂਪਨਗਰ ਜ਼ਿਲ੍ਹੇ ਵਿੱਚ ਰੋਪੜ ਪੁਲਿਸ ਲਾਈਨ ਵਿਖੇ ਆਡੀਟੋਰੀਅਮ ਅਤੇ ਨਵੀਨੀਕਰਨ ਕੀਤੀ ਗਈ ਜੀਓ ਮੈਸ ਅਤੇ ਥਾਣਾ ਸਿੰਘ ਭਗਵੰਤਪੁਰ ਦਾ ਉਦਘਾਟਨ ਕੀਤਾ।ਇਸ ਮੌਕੇ ਏਡੀਜੀਪੀ ਕਾਨੂੰਨ ਅਤੇ ਵਿਵਸਥਾ ਐਸਐਸ ਪਰਮਾਰ, ਏਡੀਜੀਪੀ ਇੰਟਰਨਲ ਵਿਜੀਲੈਂਸ ਨੌਨਿਹਾਲ ਸਿੰਘ, ਆਈਜੀ ਪ੍ਰੋਵੀਜ਼ਨਿੰਗ ਐਸ ਭੂਪਤੀ, ਡੀਆਈਜੀ ਜਲੰਧਰ ਰੇਂਜ ਨਵੀਨ ਸਿੰਗਲਾ, ਡੀਆਈਜੀ ਰੋਪੜ ਰੇਂਜ ਨਾਨਕ ਸਿੰਘ, ਡਿਪਟੀ ਕਮਿਸ਼ਨਰ ਰੂਪਨਗਰ ਵਰਜੀਤ ਵਾਲੀਆ, ਐਸਐਸਪੀ ਰੂਪਨਗਰ ਗੁਲਨੀਤ ਖੁਰਾਨਾ ਅਤੇ ਡੀਜੀਪੀ ਪੰਜਾਬ ਦੇ ਸਟਾਫ ਅਫਸਰ ਦਰਪਨ ਆਹਲੂਵਾਲੀਆ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਮਨਰੇਗਾ ਕਾਮਿਆਂ ਦੀ ਬੇਮਿਸਾਲ ਕਟੌਤੀ ਗਰੀਬ ਪਰਿਵਾਰਾਂ ’ਤੇ ਭਾਜਪਾ ਦੀ ਕੇਂਦਰ ਸਰਕਾਰ ਦਾ ਵੱਡਾ ਵਾਰ: ਬਲਬੀਰ ਸਿੱਧੂ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਮਨਰੇਗਾ ਡੇਟਾਬੇਸ ਵਿੱਚੋਂ ਕੇਵਲ ਇੱਕ ਮਹੀਨੇ 10 ਅਕਤੂਬਰ ਤੋਂ 14 ਨਵੰਬਰ ਦੇ ਦਰਮਿਆਨ ਲਗਭਗ 27 ਲੱਖ ਮਜ਼ਦੂਰਾਂ ਦੇ ਨਾਮ ਕੱਟੇ ਜਾਣ ਦੀ ਖ਼ਬਰ ਨੂੰ ਸਾਬਕਾ ਸਿਹਤ ਮੰਤਰੀ ਬਲਬੀਰ ਸਿੱਧੂ ਨੇ ਬਹੁਤ ਹੀ ਚਿੰਤਾਜਨਕ ਦੱਸਦਿਆਂ ਇਸ ਨੂੰ ਗਰੀਬ ਮਜ਼ਦੂਰ ਵਰਗ ਨਾਲ ਕੀਤੀ ਗਈ ਸਿੱਧੀ ਨਾਇਨਸਾਫ਼ੀ ਕਰਾਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਇਹ ਕਾਰਵਾਈ ਇਕ ਗੰਭੀਰ ਪ੍ਰਸ਼ਾਸਨਿਕ ਨਾਕਾਮੀ ਅਤੇ ਮਜ਼ਦੂਰ-ਵਿਰੋਧੀ ਫੈਸਲਾ ਹੈ।ਬਲਬੀਰ ਸਿੱਧੂ ਨੇ ਦੋਸ਼ ਲਗਾਇਆ ਕਿ ਕੇਂਦਰ ਨੇ ਈ-ਕੇਵਾਈਸੀ ਦੀ ਆੜ ਲੈ ਕੇ ਕਰੋੜਾਂ ਗਰੀਬ ਕਾਮਿਆਂ ਨੂੰ ਆਪਣੇ ਕਾਨੂੰਨੀ ਹੱਕ ਤੋਂ ਵੰਚਿਤ ਕਰਨ ਦੀ ਸਾਜ਼ਿਸ਼ ਰਚੀ ਹੈ। ਲਿਬ ਟੈਕ ਦੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਜਿੱਥੇ ਪਿਛਲੇ ਛੇ ਮਹੀਨਿਆਂ ਵਿੱਚ ਕੇਵਲ 15 ਲੱਖ ਵਰਕਰ ਹੀ ਹਟੇ ਸਨ, ਉੱਥੇ ਇੱਕ ਮਹੀਨੇ ਵਿੱਚ 27 ਲੱਖ ਨਾਮ ਕੱਟੇ ਜਾਣਾ ਸਾਫ਼ ਦੱਸਦਾ ਹੈ ਕਿ ਇਹ ਕੋਈ "ਨਿਰੰਤਰ ਤਸਦੀਕੀ ਪ੍ਰਕਿਰਿਆ" ਨਹੀਂ, ਸਗੋਂ ਜਾਣਬੁੱਝ ਕੇ ਕੀਤਾ ਗਿਆ ਵੱਡੇ ਪੱਧਰ ’ਤੇ ਡੇਟਾਬੇਸ ਸਫ਼ਾਇਆ ਹੈ।ਉਨ੍ਹਾਂ ਨੇ ਧਿਆਨ ਦਿਵਾਇਆ ਕਿ ਜਿਹੜੇ ਰਾਜ ਜਿਵੇਂ ਆਂਧਰਾ ਪ੍ਰਦੇਸ਼, ਤਾਮਿਲਨਾਡੂ ਅਤੇ ਛੱਤੀਸਗੜ੍ਹ ਜਿੱਥੇ ਈ-ਕੇਵਾਈਸੀ ਦਾ ਰਿਕਾਰਡ ਸਭ ਤੋਂ ਵਧੀਆ ਹੈ, ਓਥੇ ਹੀ ਸਭ ਤੋਂ ਵੱਧ ਨਾਮ ਕੱਟੇ ਗਏ ਹਨ। ਇਹ ਗੱਲ ਕੇਂਦਰ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਨਹੀਂ, ਸਗੋਂ ਸ਼ੱਕੀ ਤੇ ਪੱਖਪਾਤੀ ਬਣਾਉਂਦੀ ਹੈ।ਸਿੱਧੂ ਨੇ ਕਿਹਾ ਕਿ ਮਜ਼ਦੂਰ ਤਾਂ ਪਹਿਲਾਂ ਹੀ ਬਹੁਤ ਮਹਿੰਗਾਈ ਦੀ ਮਾਰ ਝੱਲ ਰਹੇ ਹਨ, ਇਹ ਉਨ੍ਹਾਂ ਦਾ ਬਹੁਤ ਵੱਡਾ ਨੁਕਸਾਨ ਹੈ, ਮਨਰੇਗਾ ਵਿੱਚ ਕੰਮ ਕਰਨ ਉਨ੍ਹਾਂ ਦੀ ਰੋਜ਼ੀ ਰੋਟੀ ਦਾ ਸਾਧਨ ਸੀ।ਸਿੱਧੂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਤੁਰੰਤ ਸਾਰੇ ਕੱਟੇ ਗਏ ਜੌਬ ਕਾਰਡਾਂ ਦੀ ਸੁਤੰਤਰ ਜਾਂਚ ਕਰਵਾਏ, ਗਲਤ ਤਰੀਕੇ ਨਾਲ ਹਟਾਏ ਨਾਮ ਤੁਰੰਤ ਬਹਾਲ ਕਰੇ ਅਤੇ ਈ-ਕੇਵਾਈਸੀ ਦੀ ਆੜ ਵਿੱਚ ਚੱਲ ਰਹੀ ਇਸ ਬੇਰਹਿਮ ਕਾਰਵਾਈ ਨੂੰ ਰੋਕੇ। ਉਨ੍ਹਾਂ ਨੇ ਕਿਹਾ ਕਿ ਮਨਰੇਗਾ ਕਾਮੇ ਦੇਸ਼ ਦੀ ਪੇਂਡੂ ਅਰਥਵਿਵਸਥਾ ਦਾ ਮਜ਼ਬੂਤ ਅਧਾਰ ਹਨ ਅਤੇ ਉਨ੍ਹਾਂ ਦੇ ਹੱਕਾਂ ਨਾਲ ਛੇੜਛਾੜ ਕਿਸੇ ਵੀ ਰੂਪ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਬਲਬੀਰ ਸਿੱਧੂ ਨੇ ਕਿਹਾ ਕਿ ਇਹ ਕਟੌਤੀ ਸਿੱਧਾ ਪੇਂਡੂ ਪਰਿਵਾਰਾਂ ਦੀ ਰੋਟੀ-ਰੋਜ਼ੀ ’ਤੇ ਵਾਰ ਹੈ। ਮਨਰੇਗਾ ਦੀ 200-300 ਰੁਪਏ ਦਿਹਾੜੀ ਉਨ੍ਹਾਂ ਲਈ ਜੀਵਨ-ਯੋਗ ਆਮਦਨ ਦਾ ਮੁੱਖ ਸਰੋਤ ਹੈ। ਇਸ ਲਈ ਇਹ ਕਾਰਵਾਈ ਸਿਰਫ਼ ਡੇਟਾ ਮਿਟਾਉਣਾ ਨਹੀਂ, ਸਗੋਂ ਲੱਖਾਂ ਪਰਿਵਾਰਾਂ ਦੀ ਜ਼ਿੰਦਗੀ ਨਾਲ ਖਿਲਵਾੜ ਹੈ।ਉਨ੍ਹਾਂ ਨੇ ਕੇਂਦਰ ਦੀ ਇਸ ਦਲੀਲ ਨੂੰ ਨਕਾਰਿਆ ਕਿ "ਇਹ ਨਿਰੰਤਰ ਤਸਦੀਕੀ ਪ੍ਰਕਿਰਿਆ ਦਾ ਹਿੱਸਾ ਹੈ"। ਉਨ੍ਹਾਂ ਨੇ ਪੁੱਛਿਆ ਕਿ ਜੇ ਇਹ ਆਮ ਪ੍ਰਕਿਰਿਆ ਸੀ, ਤਾਂ ਫਿਰ ਇੱਕੋ ਮਹੀਨੇ ਵਿੱਚ 27 ਲੱਖ ਕਾਮੇ ਕਿਵੇਂ ਗ਼ਾਇਬ ਹੋ ਸਕਦੇ ਹਨ? ਇਸ ਨਾਲ ਸਾਫ਼ ਹੈ ਕਿ ਭਾਜਪਾ ਦੀ ਕੇਂਦਰ ਸਰਕਾਰ ਮਨਰੇਗਾ ਦੇ ਬਜਟ ਅਤੇ ਅਧਿਕਾਰਾਂ ਨੂੰ ਹੌਲੀ-ਹੌਲੀ ਘਟਾਉਣ ਦੀ ਯੋਜਨਾ ’ਤੇ ਕੰਮ ਕਰ ਰਿਹਾ ਹੈ।

ਸਿੱਧੂ ਨੇ ਕਿਹਾ ਕਿ ਮਜ਼ਦੂਰਾਂ ਦੇ ਨਾਮ ਕੱਟਣਾ ਸਿਰਫ਼ ਇੱਕ ਸਕੀਮ ਕੱਟਣਾ ਨਹੀਂ, ਸਗੋਂ ਪੇਂਡੂ ਭਾਰਤ ਦੀ ਆਰਥਿਕ ਰੀੜ੍ਹ ਦੀ ਹੱਡੀ ਨੂੰ ਤੋੜਨਾ ਹੈ। ਜਿੱਥੇ ਮਜ਼ਦੂਰ ਆਪਣੀ ਘਰੇਲੂ ਆਮਦਨ ਨੂੰ ਮਜ਼ਬੂਤ ਕਰਨ ਲਈ ਮਨਰੇਗਾ ’ਤੇ ਨਿਰਭਰ ਹਨ, ਉੱਥੇ ਸਰਕਾਰ ਦੀ ਇਹ ਕਾਰਵਾਈ ਸਿੱਧੇ ਤੌਰ ’ਤੇ ਗਰੀਬਾਂ, ਦਲਿਤਾਂ, ਮਹਿਲਾਵਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਦੇ ਹਿੱਤਾਂ ’ਤੇ ਖੁੱਲ੍ਹਾ ਹਮਲਾ ਹੈ।ਉਨ੍ਹਾਂ ਨੇ ਦੁਹਰਾਇਆ ਕਿ ਮਨਰੇਗਾ ਕੋਈ ਭੇਂਟ ਨਹੀਂ, ਸਗੋਂ ਕਾਨੂੰਨੀ ਅਧਿਕਾਰ ਹੈ। ਇਸ ਅਧਿਕਾਰ ਨੂੰ ਡਿਜ਼ਿਟਲ



ਖਾਮੀਆਂ ਜਾਂ ਤਸਦੀਕੀ ਗਲਤੀਆਂ ਦੇ ਹਵਾਲਿਆਂ ਨਾਲ ਖਤਮ ਕਰਨਾ ਸੰਵਿਧਾਨਿਕ ਮੁੱਲਾਂ ਦੇ ਖ਼ਿਲਾਫ਼ ਹੈ। ਕੇਂਦਰ ਸਰਕਾਰ ਨੂੰ ਚਾਹੀਦਾ ਸੀ ਕਿ ਮਜ਼ਦੂਰਾਂ ਲਈ ਮੁਸ਼ਕਲ ਡਿਜ਼ਿਟਲ ਸੈਂਟਰ ਬਣਾਉਣ ਦੀ ਬਜਾਏ, ਸੁਗਮ ਤੇ ਮਨੁੱਖੀ-ਕੇਂਦਰਿਤ ਪ੍ਰਕਿਰਿਆਵਾਂ ਤਿਆਰ ਕਰੇ।

# ਆਸਟਰੇਲੀਆ ਨੇ ਵੀਜ਼ਾ ਸਕੈਮ ਬਾਰੇ ਜਾਗਰੂਕਤਾ ਵਧਾਉਣ ਲਈ ਮੁਹਿੰਮ ਕੀਤੀ ਸ਼ੁਰੂ

**ਮੈਲਬੌਰਨ ਸਾਂਝੀ ਸੋਚ ਬਿਊਰੋ**

ਭਾਰਤ ਵਿੱਚ ਆਸਟ੍ਰੇਲੀਆਈ ਹਾਈ ਕਮਿਸ਼ਨ, ਅੰਤਰਰਾਸ਼ਟਰੀ ਹਮਰੁਤਬਾ ਨਾਲ ਸਾਂਝੇਦਾਰੀ ਵਿੱਚ, 16-22 ਨਵੰਬਰ ਨੂੰ ਚੱਲ ਰਹੇ ਅੰਤਰਰਾਸ਼ਟਰੀ ਧੋਖਾਧੜੀ ਜਾਗਰੂਕਤਾ ਹਫ਼ਤੇ ਦੇ ਹਿੱਸੇ ਵਜੋਂ ਵੀਜ਼ਾ ਘੁਟਾਲਿਆਂ ਅਤੇ ਧੋਖਾਧੜੀ ਵਾਲੇ ਪ੍ਰਵਾਸ ਅਭਿਆਸਾਂ ਬਾਰੇ ਜਾਗਰੂਕਤਾ ਵਧਾ ਰਿਹਾ ਹੈ ਇੱਕ ਵਿਸ਼ਵਵਿਆਪੀ ਸਮਾਗਮ ਜੋ ਸਰਕਾਰਾਂ, ਕਾਰੋਬਾਰਾਂ ਅਤੇ ਭਾਈਚਾਰਕ ਸੰਗਠਨਾਂ ਨੂੰ ਸਿੱਖਿਆ ਅਤੇ ਜਾਗਰੂਕਤਾ ਰਾਹੀਂ ਧੋਖਾਧੜੀ ਦੇ ਪ੍ਰਭਾਵ ਨੂੰ ਘਟਾਉਣ ਲਈ ਇਕੱਠੇ ਕੰਮ ਕਰਨ ਲਈ ਉਤਸ਼ਾਹਿਤ ਕਰਦਾ ਹੈ।ਆਸਟ੍ਰੇਲੀਆਈ ਹਾਈ ਕਮਿਸ਼ਨ ਦੁਆਰਾ ਜਾਰੀ ਇੱਕ ਬਿਆਨ “ਵੀਜ਼ਾ ਧੋਖਾਧੜੀ ਇੱਕ ਵਧ ਰਿਹਾ ਵਿਸ਼ਵਵਿਆਪੀ ਮੁੱਦਾ ਹੈ, ਜਿਸ ਵਿੱਚ ਅਪਰਾਧੀ ਝੂਠੇ ਵੀਜ਼ਾ ਗਾਰੰਟੀਆਂ, ਜਾਅਲੀ ਵੀਜ਼ਾ ਦਸਤਾਵੇਜ਼ਾਂ ਅਤੇ ਜਾਇਜ਼ ਪ੍ਰਵਾਸ ਏਜੰਟ ਹੋਣ ਦੇ ਦਾਅਵਿਆਂ ਰਾਹੀਂ ਵਿਅਕਤੀਆਂ ਨੂੰ ਧੋਖਾ ਦਿੰਦੇ ਹਨ। ਇਹਨਾਂ ਘੁਟਾਲਿਆਂ ਦੇ ਨਤੀਜੇ ਵਜੋਂ ਇੱਕ ਵਿਅਕਤੀ ਦੀ ਯਾਤਰਾ ਕਰਨ ਦੀ ਯੋਗਤਾ ‘ਤੇ ਮਹੱਤਵਪੂਰਨ ਵਿੱਤੀ ਨੁਕਸਾਨ, ਭਾਵਨਾਤਮਕ ਪ੍ਰੇਸ਼ਾਨੀ ਅਤੇ ਲੰਬੇ ਸਮੇਂ ਦੇ ਪ੍ਰਭਾਵ ਪੈ ਸਕਦੇ ਹਨ।ਆਸਟ੍ਰੇਲੀਆ, ਕੈਨੇਡਾ, ਨਿਊਜ਼ੀਲੈਂਡ, ਯੂਨਾਈਟਿਡ ਕਿੰਗਡਮ ਅਤੇ ਸੰਯੁਕਤ ਰਾਜ ਅਮਰੀਕਾ ਦੇ ਮੰਤਰੀਆਂ ਨੇ ਸਤੰਬਰ ਵਿੱਚ ਲੰਡਨ ਵਿੱਚ ਆਯੋਜਿਤ ਪੰਜ ਦੇਸ਼ਾਂ ਦੇ ਮੰਤਰੀ ਪੱਧਰ ਦੌਰਾਨ ਪ੍ਰਵਾਸ ਅਤੇ ਸਰਹੱਦੀ ਪ੍ਰਣਾਲੀਆਂ ਦੀ ਅਖੰਡਤਾ ਦੀ ਰੱਖਿਆ ਲਈ ਆਪਣੀ ਸਾਂਝੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਸੀ।ਮੀਟਿੰਗ ਤੋਂ ਬਾਅਦ, ਇੱਕ ਤਾਲਮੇਲ ਵਾਲੀ ਚਾਰ-ਦੇਸ਼ੀ ਅੰਤਰਰਾਸ਼ਟਰੀ ਮੁਹਿੰਮ ‘ਵੀਜ਼ਾ ਧੋਖਾਧੜੀ ਨਾਲ ਲੜਨਾ’ ਇਸ ਹਫ਼ਤੇ ਸ਼ੁਰੂ ਕੀਤੀ ਜਾ ਰਹੀ ਹੈ ਜਿਸਦਾ ਉਦੇਸ਼ ਪ੍ਰਵਾਸੀਆਂ ਦੀ ਰੱਖਿਆ ਕਰਨਾ ਅਤੇ ਵਿਸ਼ਵਵਿਆਪੀ ਸਰਹੱਦੀ ਅਖੰਡਤਾ ਨੂੰ ਮਜ਼ਬੂਤ ਕਰਨਾ ਹੈ। ਆਸਟ੍ਰੇਲੀਆਈ ਹਾਈ ਕਮਿਸ਼ਨ ਨੇ ਕਿਹਾ, “ਵੀਜ਼ਾ ਧੋਖਾਧੜੀ ਨਾਲ ਲੜਨ ਦੀ ਮੁਹਿੰਮ ਐਫਸੀਐਮ ਭਾਈਵਾਲਾਂ ਦੀ ਵੀਜ਼ਾ ਘੁਟਾਲਿਆਂ ਦਾ ਸਹਿਯੋਗੀ ਢੰਗ ਨਾਲ ਮੁਕਾਬਲਾ ਕਰਨ ਅਤੇ ਜਨਤਕ ਜਾਗਰੂਕਤਾ ਵਧਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।”

# "ਕੀ ਤੁਸੀਂ ਆਪਣੇ ਘਰ, ਗੱਡੀ, ਪਰਿਵਾਰ ਜਾਂ ਕਾਰੋਬਾਰ ਦੀ ਸੁਰੱਖਿਆ ਲਈ ਇੰਸ਼ੋਰੈਂਸ ਲੱਭ ਰਹੇ ਹੋ ?


FARMERS INSURANCE

## ਨਵਨੀਤ ਕੌਰ INSURANCE AGENCY

------------- "ਤੁਹਾਡਾ ਸੁਆਗਤ ਹੈ" -------------

"ਅਸੀਂ ਤੁਹਾਡੀ ਹਰ ਲੋੜ ਲਈ ਇੰਸ਼ੋਰੈਂਸ ਪੌਲਿਸੀਆਂ ਵੇਚਦੇ ਹਾਂ, ਜਿਵੇਂ :

- ਆਟੋ





- ਹੋਮ



- ਲਾਈਫ



- ਵਪਾਰਕ ਇੰਸ਼ੋਰੈਂਸ



"ਸਾਡੇ ਕੋਲ ਖੇਤਾਂ, ਪਹਾੜਾਂ ਅਤੇ ਕਸਟਮ ਬਿਲਡ ਘਰਾਂ ਦੀ ਵੀ ਇੰਸ਼ੋਰੈਂਸ ਉਪਲਬਧ ਹੈ ਇਸ ਤੋਂ ਇਲਾਵਾ, ਅਸੀਂ ਨੌਨ-ਸਟੈਂਡਰਡ ਆਟੋ ਪੌਲਿਸੀਜ਼ ਵੀ ਕਰਦੇ ਹਾਂ!"

**Get a free Quote**



KANWALJIT SINGH
(Insurance Agent)

## "ਸਾਡੇ ਨਾਲ ਸੰਪਰਕ ਕਰੋ :



ਫ਼ੋਨ ਨੰਬਰ: (209) 672-4539

ਪਤਾ :- 17416 Murphy Pkwy, Lathrop, CA 95330

ਨਵਨੀਤ ਕੌਰ ਫਾਰਮਰ ਇੰਸ਼ੋਰੈਂਸ – ਜਿੱਥੇ ਤੁਹਾਡੀ ਸੁਰੱਖਿਆ ਸਾਡੀ ਪਹਿਲੀ ਤਰਜੀਹ ਹੈ!"


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated


ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# ਰੁਕਮਣੀ ਆਤਮਾ ਦਾ ਪ੍ਰਤੀਕ ਅਤੇ ਭਗਵਾਨ ਕ੍ਰਿਸ਼ਨ ਪਰਮ ਪੁਰਖ ਦਾ ਪ੍ਰਤੀਕ- ਸਾਧਵੀ ਭਾਗਿਆਸ਼੍ਰੀ ਭਾਰਤੀ

ਜੰਡਿਆਲਾ ਗੁਰੂ
ਡਾ.ਰਾਜਿੰਦਰ ਰਿਖੀ





ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਡਾਲੀਆਣਾ ਜੰਡਿਆਲਾ ਗੁਰੂ ਦੇ ਰਘੁਨਾਥ ਮੰਦਿਰ ਵਿਖੇ ਆਯੋਜਿਤ ਸ਼੍ਰੀਮਦ ਭਾਗਵਤ ਕਥਾ ਦੇ ਸੱਤਵੇਂ ਦਿਨ ਸਾਧਵੀ ਭਾਗਿਆਸ਼੍ਰੀ ਭਾਰਤੀ ਨੇ ਭਗਵਾਨ ਕ੍ਰਿਸ਼ਨ ਅਤੇ ਰੁਕਮਣੀ ਦੇ ਵਿਆਹ ਦਾ ਵਰਣਨ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਹ ਵਿਆਹ ਕੋਈ ਆਮ ਵਿਆਹ ਨਹੀਂ ਸੀ। ਰੁਕਮਣੀ ਆਤਮਾ ਦਾ ਪ੍ਰਤੀਕ ਹੈ, ਅਤੇ ਭਗਵਾਨ ਕ੍ਰਿਸ਼ਨ ਪਰਮ ਪੁਰਖ ਦਾ ਪ੍ਰਤੀਕ ਹੈ। ਇਹ ਵਿਆਹ ਆਤਮਾ ਅਤੇ ਪਰਮ ਪੁਰਖ ਦੇ ਮੇਲ ਨੂੰ ਦਰਸਾਉਂਦਾ ਹੈ। ਪਰ ਇਹ ਮੇਲ ਕਦੋਂ ਸੰਭਵ ਹੋਇਆ? ਜਦੋਂ ਇੱਕ ਬ੍ਰਾਹਮਣ ਦੇ ਰੂਪ ਵਿੱਚ ਇੱਕ ਗੁਰੂ ਨੇ ਦਖਲ ਦਿੱਤਾ। ਸਿਰਫ਼ ਇੱਕ ਗੁਰੂ ਹੀ ਸਾਡੀਆਂ ਰੂਹਾਂ ਨੂੰ ਪਰਮ ਪੁਰਖ ਨਾਲ ਜੋੜ ਸਕਦਾ ਹੈ, ਸਾਨੂੰ ਸਾਡੇ ਦਿਲਾਂ ਵਿੱਚ ਬ੍ਰਹਮਤਾ ਦਾ ਅਨੁਭਵ ਕਰਵਾ ਕੇ।ਕਥਾ ਵਿੱਚ ਅੱਗੇ ਸਾਧਵੀ ਜੀ ਨੇ ਦੱਸਿਆ ਕਿ ਭਗਵਾਨ ਕ੍ਰਿਸ਼ਨ ਨੇ ਰੁਕਮਣੀ ਦੀ ਪ੍ਰਾਰਥਨਾ ਸੁਣੀ ਅਤੇ ਇਸਨੂੰ ਪੂਰਾ ਕੀਤਾ, ਕਿਉਂਕਿ ਭਗਵਾਨ ਕ੍ਰਿਸ਼ਨ ਔਰਤਾਂ ਦੇ ਮੁਕਤੀਦਾਤਾ ਹਨ।

ਉਹ ਕਿਸੇ ਵੀ ਔਰਤ 'ਤੇ ਜ਼ੁਲਮ ਹੁੰਦੇ ਦੇਖਣਾ ਬਰਦਾਸ਼ਤ ਨਹੀਂ ਕਰ ਸਕਦੇ। ਅੱਜ, ਅਸੀਂ ਆਪਣੇ ਆਪ ਨੂੰ ਭਗਵਾਨ ਕ੍ਰਿਸ਼ਨ ਦੇ ਭਗਤ ਕਹਿੰਦੇ ਹਾਂ, ਪਰ ਅਸੀਂ ਉਨ੍ਹਾਂ ਤੋਂ ਪ੍ਰੇਰਨਾ ਲੈਣ ਵਿੱਚ ਅਸਫਲ ਰਹਿੰਦੇ ਹਾਂ। ਅੱਜ ਸਮਾਜ ਵਿੱਚ ਔਰਤਾਂ ਦੀ ਸਥਿਤੀ ਬਹੁਤ ਹੀ ਤਰਸਯੋਗ ਹੈ। ਔਰਤਾਂ ਦਾ ਸ਼ੋਸ਼ਣ, ਹਿੰਸਾ, ਅਗਵਾ ਅਤੇ ਦਾਜ ਦੀ ਵੇਦੀ 'ਤੇ ਬਲੀ ਦਿੱਤੀ ਜਾ ਰਹੀ ਹੈ। ਕੁਝ ਥਾਵਾਂ 'ਤੇ, ਉਨ੍ਹਾਂ ਨੂੰ ਸਿਰਫ਼ ਭੋਗ-ਵਿਲਾਸ ਦੀਆਂ ਵਸਤੂਆਂ ਵਜੋਂ ਮੰਨਿਆ ਜਾਂਦਾ ਹੈ, ਅਤੇ ਕੁਝ ਥਾਵਾਂ 'ਤੇ, ਦਰਵਾਜ਼ੇ ਦੇ ਸਮਾਨ ਵਜੋਂ। ਅੱਜ, ਸਮਾਜ ਵਿੱਚ ਔਰਤਾਂ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਲੋੜ ਹੈ। ਸਾਧਵੀ ਜੀ ਨੇ ਦੱਸਿਆ ਕਿ ਜਦੋਂ ਸ਼੍ਰੀ ਗੁਰੂ ਆਸ਼ੂਤੋਸ਼ ਮਹਾਰਾਜ ਜੀ ਨੇ ਸਮਾਜ ਵਿੱਚ ਔਰਤਾਂ ਦੀ ਤਰਸਯੋਗ ਦੁਰਦਸ਼ਾ ਦੇਖੀ, ਤਾਂ ਸੰਸਥਾ ਨੇ ਔਰਤਾਂ ਲਈ "ਸੰਤੁਲਨ" ਨਾਮਕ ਇੱਕ ਪ੍ਰੋਜੈਕਟ ਸ਼ੁਰੂ ਕੀਤਾ। ਇਹ ਪ੍ਰੋਜੈਕਟ ਔਰਤਾਂ ਵਿਰੁੱਧ ਜ਼ੁਲਮ ਅਤੇ ਹਿੰਸਾ ਵਿਰੁੱਧ ਇੱਕ ਮਜ਼ਬੂਤ ਆਵਾਜ਼ ਹੈ। ਇਸ ਪਹਿਲ ਕਦਮੀ ਦੇ ਤਹਿਤ, ਸੰਸਥਾ ਸਮੇਂ-ਸਮੇਂ 'ਤੇ ਵੱਖ-ਵੱਖ ਪ੍ਰੋਗਰਾਮਾਂ ਰਾਹੀਂ ਸਮਾਜ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ।

ਇਸ ਦੇ ਨਾਲ ਹੀ, ਔਰਤਾਂ ਨੂੰ ਬ੍ਰਾਹਮਣ ਦੇ ਗਿਆਨ ਰਾਹੀਂ ਅੰਦਰੂਨੀ ਤੌਰ 'ਤੇ ਸਸ਼ਕਤ ਬਣਾਇਆ ਜਾ ਰਿਹਾ ਹੈ। ਕਿਉਂਕਿ ਜਦੋਂ ਇੱਕ ਔਰਤ ਅੰਦਰੋਂ ਜਾਗਦੀ ਹੈ, ਤਾਂ ਉਹ ਆਪਣੀ ਸਥਿਤੀ ਨੂੰ ਸੁਧਾਰਨ ਦੇ ਯੋਗ ਹੋਵੇਗੀ। ਸਿਰਫ਼ ਔਰਤਾਂ ਹੀ ਨਹੀਂ, ਸਗੋਂ ਪੂਰੇ ਸਮਾਜ ਨੂੰ ਜਾਗ੍ਰਿਤੀ ਲਈ ਬ੍ਰਾਹਮਣ ਦੇ ਗਿਆਨ ਦੀ ਲੋੜ ਹੈ।

ਸਵਾਮੀ ਰਣਜੀਤਾਨੰਦ ਜੀ, ਸਵਾਮੀ ਕੁਲਬੀਰਾਨੰਦ ਜੀ, ਸਾਧਵੀ ਹਰੀਤਾ ਭਾਰਤੀ ਜੀ, ਸਾਧਵੀ ਭਗਵਤੀ ਭਾਰਤੀ ਜੀ, ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਸਰਕਾਰ, ਨਰੇਸ਼ ਪਾਠਕ ਮੈਂਬਰ ਐਸ.ਐਸ ਬੋਰਡ, ਸਾਹਿਲ ਸ਼ਰਮਾ ਪ੍ਰਧਾਨ ਰਘੂਨਾਥ ਮੰਦਿਰ, ਪਰਵੀਨ ਸ਼ਰਮਾ ਜਨਰਲ ਸਕੱਤਰ ਰਘੁਨਾਥ ਮੰਦਰ, ਰਵਿੰਦਰਪਾਲ ਸਿੰਘ ਕੁੱਕੂ ਸਾਬਕਾ ਪ੍ਰਧਾਨ ਨਗਰ ਕੌਂਸਲ, ਪ੍ਰਿਕਸ਼ਤ ਸ਼ਰਮਾ, ਹਰਪਾਲ ਸਿੰਘ ਪਾਲਾ, ਕੁਲਬੀਰ ਸਿੰਘ ਆਸ਼ੂ ਜਨਰਲ ਸਕੱਤਰ ਭਾਜਪਾ ਪੰਜਾਬ, ਦੀਪਕ ਸ਼ਰਮਾ, ਪਰਗਟ ਸਿੰਘ, ਰਾਹੁਲ ਸ਼ਰਮਾ, ਜਸਪਾਲ ਸਿੰਘ, ਸੁਰੇਸ਼ ਕੁਮਾਰ, ਜੋਗਿੰਦਰਪਾਲ ਸੂਰੀ, ਸੰਜੀਵ ਬਾਂਸਲ, ਸੰਜੀਵ ਭੰਡਾਰੀ ਪ੍ਰਧਾਨ ਮੰਦਿਰ ਰਾਮਵਾੜਾ ਪ੍ਰਬੰਧਕ ਕਮੇਟੀ, ਡਾ.ਰਜਿੰਦਰ ਰਿਖੀ,ਪ੍ਰਦੀਪ ਰਾਮਪਾਲ, ਜਗਦੀਸ਼ ਕੁਮਾਰ ਪਟਵਾਰੀ, ਪ੍ਰਿੰਸ ਬਾਵਾ, ਅਭਿਨਵ ਜੋਸ਼ੀ, ਇੰਦਰਜੀਤ ਸਿੰਘ, ਨੀਰਜ ਕੁਮਾਰ, ਰਵਿੰਦਰ ਸਿੰਘ ਡੀ.ਐਸ.ਪੀ ਜੰਡਿਆਲਾ ਗੁਰੂ, ਅਮਨ ਕੁਮਾਰ ਖੰਨਾ, ਸਤਿੰਦਰ ਸਿੰਘ, ਰਾਕੇਸ਼ ਕੁਮਾਰ ਖੰਨਾ, ਸੁਖਦੇਵ ਰਾਜ, ਤਰਸੇਮ ਲਾਲ ਨਈਅਰ, ਹਰਜਿੰਦਰ ਸਿੰਘ ਕਥਾ ਦੌਰਾਨ ਹਾਜ਼ਰ ਸਨ।

# ਪੰਜਾਬ ਨੂੰ ਦਰਪੇਸ਼ ਚੁਣੌਤੀਆਂ ਦਾ ਸਥਾਈ ਹੱਲ 'ਡਬਲ-ਇੰਜਨ ਸਰਕਾਰ' ਹੀ ਹੈ: ਪ੍ਰੋ. ਸਰਚਾਂਦ ਸਿੰਘ ਖ਼ਿਆਲਾ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਕਿਹਾ ਕਿ ਪੰਜਾਬ ਇਸ ਸਮੇਂ ਕਾਨੂੰਨ-ਵਿਵਸਥਾ, ਆਰਥਿਕ ਸੰਕਟ, ਬੇਰੁਜ਼ਗਾਰੀ, ਨਸ਼ਾ ਤਸਕਰੀ, ਗੈਂਗਸਟਰ ਜਾਲ, ਸਰਹੱਦੀ ਖਤਰੇ ਅਤੇ ਉਦਯੋਗਿਕ ਮਾਇਗ੍ਰੇਸ਼ਨ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਇਨ੍ਹਾਂ ਅੰਦਰੂਨੀ ਸਮੱਸਿਆਵਾਂ ਤੋਂ ਇਲਾਵਾ ਬਾਹਰੀ ਤਾਕਤਾਂ ਅਤੇ ਪਾਕਿਸਤਾਨ ਵੱਲੋਂ ਸਮਾਜ ਵਿਰੋਧੀ ਅਨਸਰਾਂ ਨੂੰ ਧਨ ਅਤੇ ਲਾਲਚ ਦੇ ਕੇ ਪੰਜਾਬ ਨੂੰ ਅਸਥਿਰ ਕਰਨ ਦੀਆਂ ਸਾਜ਼ਿਸ਼ਾਂ ਵੀ ਲਗਾਤਾਰ ਰਚੀਆਂ ਜਾ ਰਹੀਆਂ ਹਨ।

ਬੀਤੇ ਦਿਨ ਫ਼ਿਰੋਜ਼ਪੁਰ ਵਿੱਚ ਆਰ.ਐੱਸ.ਐੱਸ. ਵਰਕਰ ਨਵੀਨ ਅਰੋੜਾ ਦੀ ਦਿਨ-ਦਿਹਾੜੇ ਟਾਰਗੇਟ ਕਿਲਿੰਗ ਵੀ ਭਾਈਚਾਰਕ ਏਕਤਾ ਨੂੰ ਤੋੜਨ ਦੀ ਉਸੇ ਹੀ ਵੱਡੀ ਸਾਜ਼ਿਸ਼ ਦਾ ਹਿੱਸਾ ਹੈ। ਉਹਨਾਂ ਕਿਹਾ ਕਿ ਇਹ ਸਭ ਚੁਣੌਤੀਆਂ ਤਾਂ ਹੀ ਕਾਬੂ ਹੋ ਸਕਦੀਆਂ ਹਨ ਜੇ ਕੇਂਦਰ ਅਤੇ ਰਾਜ ਇਕੋ ਟੀਮ ਵਜੋਂ ਕੰਮ ਕਰਨ, ਅਰਥਾਤ ਪੰਜਾਬ ਵਿੱਚ ਡਬਲ-ਇੰਜਨ ਸਰਕਾਰ ਬਣੇ।

ਪ੍ਰੋ. ਖ਼ਿਆਲਾ ਨੇ ਕਿਹਾ ਕਿ 2022 ਤੋਂ ਬਾਅਦ ਭਾਜਪਾ ਦਾ ਪੰਜਾਬ ਵਿੱਚ ਵਿਸਥਾਰ ਤਾਂ ਹੋਇਆ ਹੈ, ਪਰ ਇੱਕੱਲੇ ਆਪਣੇ ਦਮ 'ਤੇ 2027 'ਚ ਸਰਕਾਰ ਬਣਾਉਣ ਦੀ ਸਥਿਤੀ ਅਜੇ ਦੂਰ ਦੀ ਗੱਲ ਹੈ। ਮੌਜੂਦਾ ਹਾਲਾਤਾਂ ਵਿੱਚ ਸੱਤਾ ਤਬਦੀਲੀ ਤਦ ਹੀ ਸੰਭਵ ਹੈ ਜੇ ਭਾਰਤੀ ਜਨਤਾ ਪਾਰਟੀ ਕਿਸੇ ਮਜ਼ਬੂਤ ਖੇਤਰੀ ਪੰਥਕ ਪਾਰਟੀ ਨਾਲ ਗੱਠਜੋੜ ਮੁੜ ਸਥਾਪਿਤ ਕਰੇ। ਇਸ ਲਈ ਗੰਭੀਰ ਚਿੰਤਨ-ਮੰਥਨ ਦੀ ਲੋੜ ਹੈ।ਤਰਨਤਾਰਨ ਉਪਚੋਣ ਦੇ ਤਾਜ਼ਾ ਨਤੀਜੇ ਸਾਫ਼ ਦਰਸਾਉਂਦੇ ਹਨ ਕਿ ਪੰਜਾਬ ਦੀ ਰਾਜਨੀਤੀ ਇਕ ਨਿਰਣਾਇਕ ਮੋੜ 'ਤੇ ਖੜ੍ਹੀ ਹੈ। ਪੰਜਾਬ ਦਾ ਵੋਟਰ ਹੁਣ ਤਬਦੀਲੀ ਚਾਹੁੰਦਾ ਹੈ। 2022 ਵਿੱਚ ਆਮ ਆਦਮੀ ਪਾਰਟੀ ਨੂੰ ਭਾਰੀ ਮੰਡੇਟ ਦੇਣ ਤੋਂ ਬਾਅਦ ਇਸ ਦੀ ਹਰ ਪੱਧਰ 'ਤੇ ਨਾਕਾਮੀ ਨੇ ਲੋਕਾਂ ਵਿੱਚ ਨਿਰਾਸ਼ਾ ਅਤੇ ਅਵਿਸ਼ਵਾਸ ਪੈਦਾ ਕੀਤਾ ਹੈ।

ਉਹਨਾਂ ਕਿਹਾ ਕਿ 1997 ਦਾ ਇਤਿਹਾਸਕ ਅਕਾਲੀ-ਭਾਜਪਾ ਗੱਠਜੋੜ ਸਿਰਫ ਚੋਣ ਸਮਝੌਤਾ ਨਹੀਂ ਸੀ; ਇਹ ਹਿੰਦੂ-ਸਿੱਖ ਏਕਤਾ, ਆਪਸੀ ਭਰੋਸੇ ਅਤੇ ਪੰਜਾਬ ਦੀ ਸਥਿਰਤਾ 'ਤੇ ਆਧਾਰਿਤ ਇੱਕ ਵਸੀਹ, ਦੂਰਦਰਸ਼ੀ ਅਤੇ ਵਿਚਾਰਧਾਰਕ ਸਾਂਝ ਸੀ। ਅੱਜ ਵੀ ਇਹ ਦ੍ਰਿਸ਼ਟੀ ਪਹਿਲਾਂ ਨਾਲੋਂ ਵੱਧ ਪ੍ਰਸੰਗਿਕ ਹੈ। ਐਸੀ ਵਿਚਾਰਧਾਰਕ ਸਾਂਝ ਹੀ ਪੰਜਾਬ ਦੀ ਸਾਂਝੀ ਵਿਰਾਸਤ, ਸਮਾਜਿਕ ਸਦਭਾਵਨਾ ਅਤੇ ਪੰਜਾਬੀ ਚੇਤਨਾ ਦੀ ਅਸਲ ਰੱਖਿਆ ਕਰ ਸਕਦੀ ਹੈ।

ਅਕਾਲੀ-ਭਾਜਪਾ ਦੇ ਸ਼ਾਸਨ ਦੌਰਾਨ ਪੰਜਾਬ ਨੇ ਬੁਨਿਆਦੀ ਢਾਂਚੇ, ਪੇਂਡੂ-ਸ਼ਹਿਰੀ ਸੁਵਿਧਾਵਾਂ, ਬਿਜਲੀ, ਸੜਕਾਂ, ਸਿੱਖਿਆ, ਸਿਹਤ ਅਤੇ ਉਦਯੋਗਿਕ ਨਿਵੇਸ਼ ਵਿੱਚ ਉਹ ਤਰੱਕੀ ਕੀਤੀ ਜਿਸ ਨੂੰ ਉਸ ਤੋਂ ਬਾਅਦ ਕਿਸੇ ਸਰਕਾਰ ਨੇ ਨਹੀਂ ਛੂਹਿਆ। ਨਾ ਕਾਂਗਰਸ ਸਰਕਾਰ ਅਤੇ ਨਾ ਹੀ ਮੌਜੂਦਾ 'ਆਪ' ਸਰਕਾਰ ਨੇ ਪੰਜਾਬ ਨੂੰ ਕੋਈ ਦਿਸ਼ਾ ਦਿੱਤੀ; ਉਲਟ ਇਸ ਦਾ ਵਿਕਾਸ ਪੂਰੀ ਤਰ੍ਹਾਂ ਠੱਪ ਹੋ ਗਿਆ ਹੈ।ਅੱਜ ਦੀ 'ਆਪ' ਸਰਕਾਰ ਸਿਰਫ਼ ਇਸ਼ਤਿਹਾਰਾਂ ਵਿੱਚ ਹੈ, ਜਦਕਿ ਜ਼ਮੀਨੀ ਹਕੀਕਤ ਉਸ ਦੇ ਬਿਲਕੁਲ ਉਲਟ ਹੈ। ਪਾਣੀ-ਸੀਵਰੇਜ ਪ੍ਰਣਾਲੀ, ਕਚਰਾ ਪ੍ਰਬੰਧਨ, ਪ੍ਰਸ਼ਾਸਨਿਕ ਹਫ਼ੜਾ-ਦਫ਼ੜੀ, ਅਤੇ ਸਕੂਲਾਂ-ਹਸਪਤਾਲਾਂ ਦੀ ਬਦਹਾਲੀ ਨੇ ਵੀ ਸ਼ਹਿਰਾਂ ਨੂੰ ਸੰਕਟ ਵਿੱਚ ਧੱਕ ਦਿੱਤਾ ਹੈ।

ਪ੍ਰੋ. ਖ਼ਿਆਲਾ ਨੇ ਕਿਹਾ ਕਿ ਡਬਲ-ਇੰਜਨ ਮਾਡਲ ਨਾਲ ਵਿਕਾਸ ਯੋਜਨਾਵਾਂ ਨੂੰ ਕੇਂਦਰੀ ਸਹਿਯੋਗ ਤੇਜ਼ੀ ਨਾਲ ਮਿਲਦਾ ਹੈ, ਹਾਈਵੇ, ਸੜਕਾਂ, ਹਵਾਈ ਅੱਡੇ, ਸਿਹਤ ਤੇ ਸਿੱਖਿਆ ਪ੍ਰੋਜੈਕਟ ਤੁਰੰਤ ਮਨਜ਼ੂਰ ਹੁੰਦੇ ਹਨ ਅਤੇ ਫੰਡ ਵੀ ਸਮੇਂ 'ਤੇ ਮਿਲਦੇ ਹਨ। ਸਰਹੱਦੀ ਸੁਰੱਖਿਆ ਲਈ ਵੀ ਕੇਂਦਰ-ਰਾਜ ਦੀ ਇੱਕੋ ਦਿਸ਼ਾ ਵਾਲੀ ਯੋਜਨਾ ਲਾਜ਼ਮੀ ਹੈ ਕਿਉਂਕਿ ਅੰਤਰਰਾਸ਼ਟਰੀ ਬਾਰਡਰ 'ਤੇ ਡਰੋਨ, ਹਥਿਆਰਾਂ ਅਤੇ ਨਸ਼ੇ ਦੀ ਘੁਸਪੈਠ ਲਗਾਤਾਰ ਵਧ ਰਹੀ ਹੈ। ਨਸ਼ਾ ਤੇ ਗੈਂਗਸਟਰ ਮਾਫ਼ੀਆ 'ਤੇ ਵੱਡੀ ਕਾਰਵਾਈ ਕੇਂਦਰੀ ਏਜੰਸੀਆਂ ਜਿਵੇਂ ਐਨਆਈਏ, ਐਨਸੀਬੀ ਅਤੇ ਈਡੀ ਦੇ ਸੰਯੁਕਤ ਓਪਰੇਸ਼ਨ ਨਾਲ ਹੀ ਸੰਭਵ ਹੈ।ਕਾਨੂੰਨ-ਵਿਵਸਥਾ, ਉਦਯੋਗਿਕ ਪੁਨਰਜਾਗਰਣ ਅਤੇ ਰੁਜ਼ਗਾਰ ਦੇ ਮੌਕਿਆਂ ਲਈ ਰਾਜਨੀਤਿਕ ਸਥਿਰਤਾ ਅਤੇ ਕੇਂਦਰ ਨਾਲ ਤਾਲਮੇਲ ਬੇਹੱਦ ਜ਼ਰੂਰੀ ਹੈ ਅਤੇ ਇਹ ਗਾਰੰਟੀ ਸਿਰਫ਼ ਡਬਲ-ਇੰਜਨ ਮਾਡਲ ਹੀ ਦੇ ਸਕਦਾ ਹੈ।

ਪੰਜਾਬ ਦੀ ਡਿੱਗਦੀ ਆਰਥਿਕਤਾ ਨੂੰ ਉਭਾਰਨ ਲਈ ਖ਼ਾਸ ਕੇਂਦਰੀ ਪੈਕੇਜ ਅਤੇ ਗਰਾਂਟਾਂ ਦੀ ਲੋੜ ਹੈ, ਜੋ ਇਸ ਮਾਡਲ ਨਾਲ ਆਸਾਨੀ ਨਾਲ ਪ੍ਰਾਪਤ ਹੋ ਸਕਦੀਆਂ ਹਨ। ਖੇਤੀਬਾੜੀ ਵਿੱਚ ਐਮਐਸਪੀ, ਫਸਲ ਬੀਮਾ, ਤਕਨੀਕੀ ਸੁਧਾਰ ਅਤੇ ਸਬਸਿਡੀਆਂ ਵੀ ਕੇਂਦਰ-ਰਾਜ ਦੇ ਮਿਲੀ-ਜੁਲੀ ਕੋਸ਼ਿਸ਼ਾਂ



ਨਾਲ ਹੀ ਪ੍ਰਭਾਵਸ਼ਾਲੀ ਹੋ ਸਕਦੀਆਂ ਹਨ।

ਭ੍ਰਿਸ਼ਟਾਚਾਰ 'ਤੇ ਕਾਬੂ ਪਾਉਣ ਲਈ ਵੀ ਇਹ ਮਾਡਲ ਸਭ ਤੋਂ ਜ਼ਿਆਦਾ ਕਾਰਗਰ ਹੈ ਕਿਉਂਕਿ ਇਸ ਨਾਲ ਜਵਾਬਦੇਹੀ ਅਤੇ ਨਿਗਰਾਨੀ ਦੋਵੇਂ ਮਜ਼ਬੂਤ ਹੁੰਦੇ ਹਨ। ਕੁੱਲ ਮਿਲਾ ਕੇ ਕਾਨੂੰਨ-ਵਿਵਸਥਾ ਤੋਂ ਲੈ ਕੇ ਆਰਥਿਕ ਪੁਨਰਜਾਗਰਣ ਤੱਕ ਇਹ ਮਾਡਲ ਪੰਜਾਬ ਵਰਗੇ ਸੰਵੇਦਨਸ਼ੀਲ ਰਾਜ ਲਈ ਸਭ ਤੋਂ ਉਚਿਤ ਅਤੇ ਲਾਭਕਾਰੀ ਸਾਬਤ ਹੁੰਦਾ ਹੈ।

# ਹੁਣ ਨਵੇਂ ਬਿਜਲੀ ਕੁਨੈਕਸ਼ਨਾਂ ਲਈ ਐਨਓਸੀ ਦੀ ਲੋੜ ਨਹੀਂ: ਸੰਜੀਵ ਅਰੋੜਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਪੰਜਾਬ ਸਰਕਾਰ ਦੇ ਇੱਕ ਮਹੱਤਵਪੂਰਨ ਲੋਕ ਭਲਾਈ ਫੈਸਲੇ ਦਾ ਐਲਾਨ ਕਰਦੇ ਹੋਏ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਹੁਣ ਬਿਨੈਕਾਰਾਂ ਵੱਲੋਂ ਲੋੜੀਂਦੀ ਗਰੰਟੀ ਜਮ੍ਹਾ ਕਰਨ ਤੋਂ ਬਾਅਦ ਬਿਨਾਂ ਇਤਰਾਜ਼ ਸਰਟੀਫਿਕੇਟ ਦੇ ਬਿਜਲੀ ਕੁਨੈਕਸ਼ਨ ਜਾਰੀ ਕਰੇਗਾ।ਉਨ੍ਹਾਂ ਕਿਹਾ ਕਿ ਇਹ ਕਦਮ ਮਾਨਯੋਗ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਨਾਗਰਿਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਤਾਂ ਜੋ ਕਾਨੂੰਨੀ ਪ੍ਰਕਿਰਿਆਵਾਂ ਨੂੰ ਯਕੀਨੀ ਬਣਾਇਆ ਜਾ ਸਕੇ।ਅਰੋੜਾ ਨੇ ਕਿਹਾ ਕਿ ਪਹਿਲਾਂ, ਬਿਨੈਕਾਰਾਂ ਨੂੰ ਸਥਾਨਕ ਅਧਿਕਾਰੀਆਂ ਨਾਲ ਸੰਪਰਕ ਕਰਨਾ ਪੈਂਦਾ ਸੀ ਜਿਵੇਂ ਕਿ ਐਮਸੀ, ਗਮਾਡਾ, ਗਲਾਡਾ, ਜੇਡੀਏ, ਏਡੀਏ, ਪੀਡੀਏ ਜਾਂ ਬੀਡੀਏ ਦੁਆਰਾ ਜਾਰੀ ਐਨਓਸੀ, ਰੈਗੂਲਰਾਈਜ਼ੇਸ਼ਨ ਸਰਟੀਫਿਕੇਟ ਜਾਂ ਪ੍ਰਵਾਨਿਤ ਬਿਲਡਿੰਗ ਪਲਾਨ ਵਰਗੀਆਂ ਇਜਾਜ਼ਤਾਂ ਜਮ੍ਹਾ ਕਰਨੀਆਂ ਪੈਂਦੀਆਂ ਸਨ।

ਵੱਖ-ਵੱਖ ਵਿਭਾਗਾਂ ਤੋਂ ਇਹ ਇਜਾਜ਼ਤਾਂ ਨਾ ਮਿਲਣ ਜਾਂ ਪ੍ਰਾਪਤ ਕਰਨ ਵਿੱਚ ਦੇਰੀ ਹੋਣ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।ਮੁੱਖ ਮੰਤਰੀ ਭਗਵੰਤ ਮਾਨ ਨੇ ਸਾਨੂੰ ਇੱਕ ਵਿਹਾਰਕ ਹੱਲ ਲੱਭਣ ਦੇ ਨਿਰਦੇਸ਼ ਦਿੱਤੇ ਸਨ। ਉਨ੍ਹਾਂ ਕਿਹਾ, "ਉਹ ਹੱਲ ਅੱਜ ਲਾਗੂ ਕਰ ਦਿੱਤਾ ਗਿਆ ਹੈ।"ਸੋਧੀਆਂ ਹਦਾਇਤਾਂ ਦੇ ਅਨੁਸਾਰ, ਜੇਕਰ ਬਿਨੈਕਾਰ ਇਹ ਵਾਅਦਾ ਕਰਦਾ ਹੈ ਕਿ ਭਵਿੱਖ ਵਿੱਚ ਕਿਸੇ ਸਮਰੱਥ ਅਧਿਕਾਰੀ ਦੁਆਰਾ ਇਮਾਰਤ ਨੂੰ ਗੈਰ-ਕਾਨੂੰਨੀ ਜਾਂ ਅਣਅਧਿਕਾਰਤ ਘੋਸ਼ਿਤ ਕੀਤੇ ਜਾਣ ਦੀ ਸੂਰਤ ਵਿੱਚ ਉਸਦਾ ਬਿਜਲੀ ਕੁਨੈਕਸ਼ਨ ਕੱਟਿਆ ਜਾ ਸਕਦਾ ਹੈ, ਫਿਰ ਸਪਲਾਈ ਕੋਡ 2024 ਦੇ ਲਾਗੂ ਉਪਬੰਧਾਂ ਦੇ ਤਹਿਤ ਸਾਰੇ ਬਿਨੈਕਾਰਾਂ ਨੂੰ ਬਿਜਲੀ ਕੁਨੈਕਸ਼ਨ ਜਾਰੀ ਕੀਤੇ ਜਾਣਗੇ।

ਅਰੋੜਾ ਨੇ ਸਪੱਸ਼ਟ ਕੀਤਾ ਕਿ ਨਵੀਂ ਪ੍ਰਣਾਲੀ ਜਨਤਕ ਸਹੂਲਤ ਨੂੰ ਯਕੀਨੀ ਬਣਾਏਗੀ ਅਤੇ ਨਾਲ ਹੀ ਜ਼ਰੂਰੀ ਸੁਰੱਖਿਆ ਉਪਾਅ ਵੀ ਯਕੀਨੀ ਬਣਾਏਗੀ।


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ |
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED



ਪ੍ਰਿਅੰਕਾ ਸੌਰਭ
ਕਵੀ, ਸੁਤੰਤਰ ਪੱਤਰਕਾਰ ਅਤੇ ਕਾਲਮਨਵੀਸ,
ਉੱਬਾ ਭਵਨ, ਆਰੀਆਨਗਰ, ਹਿਸਾਰ
7015375570 (ਟਾਕ+ਵਟਸਐਪ)

# "ਇੱਕ ਨਵੇਂ ਦ੍ਰਿਸ਼ਟੀਕੋਣ ਦਾ ਸਮਾਂ: ਸਾਡੇ ਬੱਚਿਆਂ ਰਾਹੀਂ ਤਬਦੀਲੀ ਦਾ ਰਸਤਾ"

## ਸਮਾਜ ਨੂੰ ਬਦਲਣ ਦੀ ਸ਼ੁਰੂਆਤ: ਬੱਚਿਆਂ ਨੂੰ ਇੱਕ ਨਵਾਂ ਦ੍ਰਿਸ਼ਟੀਕੋਣ ਦੇਣ ਦਾ ਪ੍ਰਣ

ਸਮਾਜਿਕ ਬਦਲਾਅ ਦੀ ਸਭ ਤੋਂ ਔਖੀ, ਲੰਬੀ ਅਤੇ ਸਭ ਤੋਂ ਮਹੱਤਵਪੂਰਨ ਯਾਤਰਾ ਹਮੇਸ਼ਾ ਉਨ੍ਹਾਂ ਛੋਟੇ ਬੀਜਾਂ ਤੋਂ ਸ਼ੁਰੂ ਹੁੰਦੀ ਹੈ ਜਿਨ੍ਹਾਂ ਨੂੰ ਅਸੀਂ ਬੱਚੇ ਕਹਿੰਦੇ ਹਾਂ। ਦੁਨੀਆ ਵਿੱਚ ਕੋਈ ਵੀ ਕ੍ਰਾਂਤੀ-ਭਾਵੇਂ ਉਹ ਵਿਚਾਰਾਂ, ਨੈਤਿਕਤਾ, ਤਕਨਾਲੋਜੀ, ਜਾਂ ਮਨੁੱਖੀ ਕਦਰਾਂ-ਕੀਮਤਾਂ ਦੀ ਹੋਵੇ-ਉਦੋਂ ਤੱਕ ਸਥਾਈ ਨਹੀਂ ਹੋ ਸਕਦੀ ਜਦੋਂ ਤੱਕ ਇਹ ਆਉਣ ਵਾਲੀਆਂ ਪੀੜ੍ਹੀਆਂ ਦੇ ਜੀਵਨ ਦਰਸ਼ਨ ਵਿੱਚ ਜੜ੍ਹ ਨਹੀਂ ਫੜਦੀ। ਇਹੀ ਕਾਰਨ ਹੈ ਕਿ ਬੁੱਧ, ਵਿਵੇਕਾਨੰਦ, ਗਾਂਧੀ, ਟੈਗੋਰ ਅਤੇ ਨੈਲਸਨ ਮੰਡੇਲਾ ਵਰਗੇ ਚਿੰਤਕਾਂ ਨੇ ਸਿੱਖਿਆ, ਕਦਰਾਂ-ਕੀਮਤਾਂ ਅਤੇ ਬੱਚਿਆਂ ਦੇ ਮਨਾਂ ਦੇ ਵਿਕਾਸ ਨੂੰ ਮਨੁੱਖੀ ਸਭਿਅਤਾ ਵਿੱਚ ਕਿਸੇ ਵੀ ਸਥਾਈ ਤਬਦੀਲੀ ਲਈ ਸਭ ਤੋਂ ਮਹੱਤਵਪੂਰਨ ਨੀਂਹ ਮੰਨਿਆ। ਅੱਜ, ਜਦੋਂ ਸਮਾਜ ਕਈ ਪੱਧਰਾਂ 'ਤੇ ਮੁੱਲ ਸੰਕਟ, ਹਿੰਸਾ, ਅਸਹਿਣਸ਼ੀਲਤਾ, ਉਪਭੋਗਤਾਵਾਦ, ਕੱਟੜਤਾ ਅਤੇ ਸਮਾਜਿਕ ਵਿਘਟਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ, ਤਾਂ ਇਹ ਸਵਾਲ ਹੋਰ ਵੀ ਗੰਭੀਰ ਹੋ ਜਾਂਦਾ ਹੈ: ਕੀ ਅਸੀਂ ਆਪਣੇ ਬੱਚਿਆਂ ਨੂੰ ਉਹ ਦ੍ਰਿਸ਼ਟੀ ਦੇਣ ਦੇ ਯੋਗ ਹਾਂ ਜਿਸਦੀ ਉਹਨਾਂ ਨੂੰ ਵਰਤਮਾਨ ਨਾਲੋਂ ਬਿਹਤਰ ਭਵਿੱਖ ਬਣਾਉਣ ਲਈ ਲੋੜ ਹੈ?

ਸਮਾਜ ਪ੍ਰਤੀ ਬੱਚਿਆਂ ਦੇ ਦ੍ਰਿਸ਼ਟੀਕੋਣ ਸਿਰਫ਼ ਪਾਠ-ਪੁਸਤਕਾਂ ਦੁਆਰਾ ਹੀ ਨਹੀਂ, ਸਗੋਂ ਉਨ੍ਹਾਂ ਦੇ ਪਰਿਵਾਰਾਂ, ਆਲੇ-ਦੁਆਲੇ, ਵਿਚਾਰਾਂ, ਗੱਲਬਾਤ, ਉਦਾਹਰਣਾਂ ਅਤੇ ਸਭ ਤੋਂ ਮਹੱਤਵਪੂਰਨ ਬਾਲਗਾਂ ਦੇ ਵਿਵਹਾਰ ਦੁਆਰਾ ਘੜੇ ਜਾਂਦੇ ਹਨ। ਇੱਕ ਬੱਚਾ, ਦਰਅਸਲ, ਸਮਾਜ ਦਾ ਸਭ ਤੋਂ ਸੰਵੇਦਨਸ਼ੀਲ ਸ਼ੀਸ਼ਾ ਹੁੰਦਾ ਹੈ। ਉਹ ਜੋ ਭਾਸ਼ਾ, ਸੋਚ, ਸਹਿ-ਹੋਂਦ, ਸਮਾਜਿਕ ਵਿਵਹਾਰ, ਸੰਵੇਦਨਸ਼ੀਲਤਾ ਅਤੇ ਦ੍ਰਿਸ਼ਟੀ ਆਪਣੇ ਆਲੇ-ਦੁਆਲੇ ਦੇਖਦੇ ਹਨ, ਉਹ ਹੌਲੀ-ਹੌਲੀ ਉਨ੍ਹਾਂ ਦੇ ਅੰਦਰ ਇੱਕ ਅਣਲਿਖਤ ਕਿਤਾਬ ਵਾਂਗ ਛਾਪੇ ਜਾਂਦੇ ਹਨ। ਇਸ ਲਈ, ਜੇਕਰ ਅਸੀਂ ਸਮਾਜ ਨੂੰ ਬਦਲਣਾ ਚਾਹੁੰਦੇ ਹਾਂ, ਤਾਂ ਸਾਨੂੰ ਪਹਿਲਾਂ ਆਪਣੇ ਵਿਵਹਾਰ, ਆਪਣੇ ਪਰਿਵਾਰਕ ਵਾਤਾਵਰਣ ਅਤੇ ਆਪਣੇ ਸਮਾਜਿਕ ਆਚਰਣ ਨੂੰ ਬਦਲਣਾ ਚਾਹੀਦਾ ਹੈ ਕਿਉਂਕਿ ਇੱਕ ਬੱਚਾ ਉਹ ਬਣ ਜਾਂਦਾ ਹੈ ਜੋ ਉਹ ਦੇਖਦੇ ਹਨ, ਨਾ ਕਿ ਉਹ ਜੋ ਉਹ ਸੁਣਦੇ ਹਨ।

ਅੱਜ, ਬੱਚਿਆਂ ਕੋਲ ਸਮਾਜ ਨੂੰ ਸਮਝਣ ਦੇ ਦੋ ਮੁੱਖ ਸਰੋਤ ਹਨ ਇੱਕ ਉਨ੍ਹਾਂ ਦਾ ਪਰਿਵਾਰ ਹੈ ਅਤੇ ਦੂਜਾ ਡਿਜੀਟਲ ਦੁਨੀਆ। ਬਦਕਿਸਮਤੀ ਨਾਲ, ਦੋਵਾਂ ਵਿੱਚੋਂ ਕੋਈ ਵੀ ਉਨ੍ਹਾਂ ਨੂੰ ਲੋੜੀਂਦਾ ਸਪਸ਼ਟ ਅਤੇ ਸੰਤੁਲਿਤ ਦ੍ਰਿਸ਼ਟੀਕੋਣ ਪ੍ਰਦਾਨ ਨਹੀਂ ਕਰਦਾ। ਪਰਿਵਾਰਕ ਸੰਚਾਰ ਘੱਟ ਗਿਆ ਹੈ, ਸਮਾਂ ਸੁੰਗੜ ਗਿਆ ਹੈ, ਅਤੇ ਸਮਾਜਿਕਤਾ ਦਾ ਸੱਭਿਆਚਾਰ ਲਗਭਗ ਅਲੋਪ ਹੋ ਰਿਹਾ ਹੈ। ਇਸ ਦੌਰਾਨ, ਡਿਜੀਟਲ ਦੁਨੀਆ ਬੱਚਿਆਂ ਨੂੰ ਜਾਣਕਾਰੀ ਦਾ ਅਸੀਮ ਸਮੁੰਦਰ ਪ੍ਰਦਾਨ ਕਰਦੀ ਹੈ, ਪਰ ਬੁੱਧੀ ਅਤੇ ਦਿਸ਼ਾ ਦੀ ਰੌਸ਼ਨੀ ਦੀ ਘਾਟ ਹੈ। ਇਸ ਸੰਦਰਭ ਵਿੱਚ, ਬੱਚੇ ਜਾਣਕਾਰੀ ਦਾ ਭੰਡਾਰ ਪ੍ਰਾਪਤ ਕਰਦੇ ਹਨ, ਪਰ ਸਮਝ ਦੀ ਘਾਟ ਕਾਰਨ, ਇਹ ਜਾਣਕਾਰੀ ਉਲਝਣ, ਅਸੁਰੱਖਿਆ ਅਤੇ ਇੱਕ ਅਰਾਜਕ ਦ੍ਰਿਸ਼ਟੀਕੋਣ ਪੈਦਾ ਕਰਦੀ ਹੈ।

ਇਸ ਲਈ ਬੱਚਿਆਂ ਨੂੰ ਸਮਾਜ ਪ੍ਰਤੀ ਇੱਕ ਅਜਿਹਾ ਦ੍ਰਿਸ਼ਟੀਕੋਣ ਦੇਣਾ ਜ਼ਰੂਰੀ ਹੈ ਜੋ ਸੰਵੇਦਨਸ਼ੀਲ, ਤਰਕਸ਼ੀਲ, ਵਿਗਿਆਨਕ, ਨੈਤਿਕ, ਅਤੇ ਸਭ ਤੋਂ ਵੱਧ ਮਾਨਵਤਾਵਾਦੀ ਹੋਵੇ। ਜੇਕਰ ਕੋਈ ਬੱਚਾ ਇਹ ਸਿੱਖਦਾ ਹੈ ਕਿ ਸਮਾਜ ਸਿਰਫ਼ ਇੱਕ ਭੀੜ ਨਹੀਂ ਹੈ, ਸਗੋਂ ਸ਼ਖਸੀਅਤਾਂ ਦਾ ਇੱਕ ਜੀਵੰਤ ਜਾਲ ਹੈ; ਕਿ ਹਰ ਵਿਅਕਤੀ ਦੀ ਆਪਣੀ ਸੰਘਰਸ਼ ਦੀ ਕਹਾਣੀ ਹੈ; ਕਿ ਹਰ ਫੈਸਲੇ ਦਾ ਇੱਕ ਸੰਦਰਭ ਹੁੰਦਾ ਹੈ; ਅਤੇ ਇਹ ਕਿ ਹਮਦਰਦੀ ਕਿਸੇ ਵੀ ਸਭਿਅਤਾ ਦੀ ਨੀਂਹ ਹੈ ਤਾਂ ਉਹ ਨਾ ਸਿਰਫ਼ ਬਿਹਤਰ ਨਾਗਰਿਕ ਬਣਨਗੇ ਸਗੋਂ ਸਮਾਜ ਨੂੰ ਇੱਕ ਬਿਹਤਰ ਦਿਸ਼ਾ ਵੀ ਦੇਣਗੇ।

ਸਮਾਜਿਕ ਬਦਲਾਅ ਦਾ ਇਹ ਬੀਜ ਉਦੋਂ ਹੀ ਉੱਗ ਸਕਦਾ ਹੈ ਜਦੋਂ ਅਸੀਂ ਆਪਣੇ ਬੱਚਿਆਂ ਨੂੰ ਸਵਾਲ ਪੁੱਛਣਾ ਸਿਖਾਉਂਦੇ ਹਾਂ। ਭਾਰਤ ਸਮੇਤ ਦੁਨੀਆ ਭਰ ਦੇ ਬਹੁਤ ਸਾਰੇ ਦੇਸ਼ਾਂ ਵਿੱਚ, ਬੱਚਿਆਂ ਨੂੰ ਸਵਾਲ ਪੁੱਛਣ ਦੀ ਬਜਾਏ ਜਵਾਬ ਯਾਦ ਰੱਖਣ ਦੀ ਸ਼ਰਤ ਲਗਾਈ ਜਾਂਦੀ ਹੈ। ਹਾਲਾਂਕਿ, ਸੱਚਾ ਗਿਆਨ, ਸੱਚੀ ਸੋਚ ਅਤੇ ਸੱਚੀ ਤਰੱਕੀ ਸਿਰਫ਼ ਉੱਥੇ ਹੀ ਪੈਦਾ ਹੁੰਦੀ ਹੈ ਜਿੱਥੇ ਸਵਾਲ ਕਰਨ ਦੀ ਆਜ਼ਾਦੀ ਹੋਵੇ। ਜੇਕਰ ਕੋਈ ਬੱਚਾ ਆਪਣੇ ਘਰ, ਸਕੂਲ ਅਤੇ ਸਮਾਜ ਵਿੱਚ ਮਹਿਸੂਸ ਕਰਦਾ ਹੈ ਕਿ ਉਹ ਨਿਡਰਤਾ ਨਾਲ ਸਵਾਲ ਕਰ ਸਕਦਾ ਹੈ, ਆਪਣੇ ਵਿਚਾਰ ਪ੍ਰਗਟ ਕਰ ਸਕਦਾ ਹੈ, ਅਸਹਿਮਤ ਹੋ ਸਕਦਾ ਹੈ ਅਤੇ ਗਲਤੀਆਂ ਤੋਂ ਸਿੱਖ ਸਕਦਾ ਹੈ ਤਾਂ ਉਸ ਦੇ ਅੰਦਰ ਰਚਨਾਤਮਕਤਾ ਅਤੇ ਮੌਲਿਕਤਾ ਵਿਕਸਤ ਹੁੰਦੀ ਹੈ। ਇਹ ਰਚਨਾਤਮਕਤਾ ਹੀ ਸਮਾਜ ਨੂੰ ਅੱਗੇ ਵਧਾਉਂਦੀ ਹੈ।

ਬੱਚਿਆਂ ਨੂੰ ਸਮਾਜ ਬਾਰੇ ਇੱਕ ਨਵਾਂ ਦ੍ਰਿਸ਼ਟੀਕੋਣ ਉਦੋਂ ਹੀ ਮਿਲੇਗਾ ਜਦੋਂ ਅਸੀਂ ਉਨ੍ਹਾਂ ਨੂੰ ਵਿਭਿੰਨਤਾ ਨੂੰ ਅਪਣਾਉਣਾ ਸਿਖਾਵਾਂਗੇ। ਅੱਜ ਦੇ ਸੰਸਾਰ ਵਿੱਚ, ਵੰਡ, ਧਰੁਵੀਕਰਨ ਅਤੇ ਤੰਗ-ਦਿਮਾਗੀ ਸਮਾਜ ਦੇ ਅੰਦਰ ਪਾੜੇ ਨੂੰ ਵਧਾ ਰਹੇ ਹਨ। ਬੱਚੇ ਸਕੂਲਾਂ ਵਿੱਚ ਇਕੱਠੇ ਪੜ੍ਹਦੇ ਅਤੇ ਖੇਡਦੇ ਹਨ, ਪਰ ਜਿਵੇਂ-ਜਿਵੇਂ ਉਹ ਵੱਡੇ ਹੁੰਦੇ ਹਨ, ਉਹ ਅਕਸਰ ਸਮਾਜ ਦੁਆਰਾ ਖੜ੍ਹੀਆਂ ਕੀਤੀਆਂ ਗਈਆਂ ਕੰਧਾਂ ਨੂੰ ਅੰਦਰੂਨੀ ਬਣਾਉਂਦੇ ਹਨ। ਇਸ ਲਈ, ਇਹ ਬਹੁਤ ਜ਼ਰੂਰੀ ਹੈ ਕਿ ਅਸੀਂ ਬੱਚਿਆਂ ਨੂੰ ਸਿਖਾਈਏ ਕਿ ਵਿਭਿੰਨਤਾ ਸਮਾਜ ਦੀ ਕਮਜ਼ੋਰੀ ਨਹੀਂ ਹੈ, ਸਗੋਂ ਇਸਦੀ ਸਭ ਤੋਂ ਵੱਡੀ ਤਾਕਤ ਹੈ। ਜੇਕਰ ਉਹ ਸਮਝਦੇ ਹਨ ਕਿ ਹਰ ਸੱਭਿਆਚਾਰ, ਹਰ ਭਾਸ਼ਾ, ਹਰ ਪਰੰਪਰਾ, ਹਰ ਵਿਚਾਰ ਅਤੇ ਹਰ ਵਿਅਕਤੀ ਸਮਾਜ ਦੀ ਸਮੂਹਿਕ ਪਛਾਣ ਦਾ ਹਿੱਸਾ ਹੈ ਤਾਂ ਉਹ ਨਾ ਸਿਰਫ਼ ਬਿਹਤਰ ਨਾਗਰਿਕ ਬਣ ਜਾਣਗੇ ਬਲਕਿ ਨਫ਼ਰਤ ਅਤੇ ਤੰਗ-ਦਿਮਾਗੀ ਪੈਦਾ ਕਰਨ ਵਾਲੀਆਂ ਕੰਧਾਂ ਨੂੰ ਤੋੜਨ ਦੇ ਯੋਗ ਵੀ ਹੋਣਗੇ।

ਸਮਾਜਿਕ ਪਰਿਵਰਤਨ ਦੀ ਇਸ ਪ੍ਰਕਿਰਿਆ ਵਿੱਚ ਸਿੱਖਿਆ ਪ੍ਰਣਾਲੀ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਸਿੱਖਿਆ ਸਿਰਫ਼ ਪ੍ਰੀਖਿਆਵਾਂ ਪਾਸ ਕਰਨ ਦਾ ਸਾਧਨ ਨਹੀਂ ਹੋ ਸਕਦੀ; ਇਸ ਨੂੰ ਬੱਚਿਆਂ ਨੂੰ ਜੀਵਨ ਅਤੇ ਸਮਾਜ ਨੂੰ ਸਮਝਣ ਦੀ ਕਲਾ ਵੀ ਸਿਖਾਉਣੀ ਚਾਹੀਦੀ ਹੈ। ਉਨ੍ਹਾਂ ਨੂੰ ਸਿਖਾਇਆ ਜਾਣਾ ਚਾਹੀਦਾ ਹੈ ਕਿ ਸਫਲਤਾ ਸਿਰਫ਼ ਅੰਕਾਂ ਦੁਆਰਾ ਹੀ ਨਹੀਂ, ਸਗੋਂ ਮਨੁੱਖਤਾ, ਇਮਾਨਦਾਰੀ, ਸਹਿਯੋਗ, ਹਿੰਮਤ ਅਤੇ ਸੰਵੇਦਨਸ਼ੀਲਤਾ ਦੁਆਰਾ ਵੀ ਮਾਪੀ ਜਾਂਦੀ ਹੈ। ਉਨ੍ਹਾਂ ਨੂੰ ਇਹ ਵੀ ਸਮਝਾਇਆ ਜਾਣਾ ਚਾਹੀਦਾ ਹੈ ਕਿ ਸਮਾਜ ਸਿਰਫ਼ ਲੈਣ ਵਾਲੀ ਚੀਜ਼ ਨਹੀਂ ਹੈ, ਸਗੋਂ ਦੇਣ ਵਾਲੀ ਜ਼ਿੰਮੇਵਾਰੀ ਵੀ ਹੈ। ਜਦੋਂ ਕੋਈ ਬੱਚਾ ਆਪਣੇ ਜੀਵਨ ਵਿੱਚ ਫਰਜ਼ ਦੀ ਭਾਵਨਾ ਨੂੰ ਸਮਝਦਾ ਹੈ ਤਾਂ ਹੀ ਉਹ ਸਮਾਜ ਲਈ ਕੁਝ ਕਰਨ ਦਾ ਸੰਕਲਪ ਲੈਂਦੇ ਹਨ।

ਬੱਚਿਆਂ ਨੂੰ ਇੱਕ ਨਵਾਂ ਦ੍ਰਿਸ਼ਟੀਕੋਣ ਦੇਣ ਦਾ ਪਹਿਲਾ ਕਦਮ ਉਨ੍ਹਾਂ ਨੂੰ ਸਹੀ ਰੋਲ ਮਾਡਲ ਪ੍ਰਦਾਨ ਕਰਨਾ ਹੈ। ਰੋਲ ਮਾਡਲਾਂ ਦਾ ਮਤਲਬ ਸਿਰਫ਼ ਮਹਾਨ ਸ਼ਖਸੀਅਤਾਂ ਹੀ ਨਹੀਂ ਹੁੰਦੀਆਂ, ਸਗੋਂ ਰੋਜ਼ਾਨਾ ਜੀਵਨ ਦੀਆਂ ਛੋਟੀਆਂ ਉਦਾਹਰਣਾਂ ਵੀ ਸ਼ਾਮਲ ਹੁੰਦੀਆਂ ਹਨ ਜਿਨ੍ਹਾਂ ਦਾ ਉਨ੍ਹਾਂ ਦੇ ਵਿਵਹਾਰ 'ਤੇ ਡੂੰਘਾ ਪ੍ਰਭਾਵ ਪੈਂਦਾ ਹੈ। ਉਦਾਹਰਣਾਂ ਵਿੱਚ ਭੁੱਖਿਆਂ ਨੂੰ ਭੋਜਨ ਦੇਣਾ, ਬਜ਼ੁਰਗਾਂ ਦੀ ਮਦਦ ਕਰਨਾ, ਕੁਦਰਤ ਦੀ ਰੱਖਿਆ ਕਰਨਾ, ਜਨਤਕ ਥਾਵਾਂ ਨੂੰ ਸਾਫ਼ ਰੱਖਣਾ, ਸੱਚ ਬੋਲਣਾ, ਲਿੰਗ ਸਮਾਨਤਾ ਨੂੰ ਮਾਨਤਾ ਦੇਣਾ, ਜਾਤੀਗਤ ਭੇਦਭਾਵ ਨੂੰ ਖਤਮ ਕਰਨਾ ਅਤੇ ਕਾਨੂੰਨ ਦਾ ਸਤਿਕਾਰ ਕਰਨਾ ਸ਼ਾਮਲ ਹਨ। ਜਦੋਂ ਕੋਈ ਬੱਚਾ ਇਨ੍ਹਾਂ ਉਦਾਹਰਣਾਂ ਨੂੰ ਆਪਣੇ ਘਰ ਅਤੇ ਸਮਾਜ ਵਿੱਚ ਸਪਸ਼ਟ ਤੌਰ 'ਤੇ ਦੇਖਦਾ ਹੈ, ਤਾਂ ਉਹ ਸਮਾਨ ਚਰਿੱਤਰ ਗੁਣਾਂ ਦਾ ਵਿਕਾਸ ਕਰਦੇ ਹਨ।

ਬੱਚਿਆਂ ਵਿੱਚ ਇਸ ਦ੍ਰਿਸ਼ਟੀ ਨੂੰ ਵਿਕਸਤ ਕਰਨ ਲਈ, ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਉਹਨਾਂ ਨੂੰ ਆਪਣੇ ਲਈ ਸੋਚਣ ਦਿੱਤਾ ਜਾਵੇ, ਆਪਣੇ ਲਈ ਅਨੁਭਵ ਕੀਤਾ ਜਾਵੇ ਅਤੇ ਆਪਣੇ ਲਈ ਸਿੱਖਿਆ ਜਾਵੇ। ਬੱਚਿਆਂ 'ਤੇ ਆਪਣੀ ਸੋਚ ਥੋਪਣੀ ਸਮਾਜਿਕ ਤਬਦੀਲੀ ਦਾ ਰਸਤਾ ਨਹੀਂ ਹੈ, ਸਗੋਂ ਸਮਾਜ ਨੂੰ ਖੜੋਤ ਵਿੱਚ ਧੱਕਣ ਦਾ ਇੱਕ ਤਰੀਕਾ ਹੈ। ਜੇਕਰ ਇੱਕ ਬੱਚੇ ਨੂੰ ਇਹ ਅਹਿਸਾਸ ਹੁੰਦਾ ਹੈ ਕਿ ਸਮਾਜ ਵਿੱਚ ਸਮੱਸਿਆਵਾਂ ਹਨ ਅਤੇ ਉਹਨਾਂ ਨੂੰ ਬਦਲਣਾ ਸੰਭਵ ਹੈ, ਤਾਂ ਉਹਨਾਂ ਦੇ ਅੰਦਰ ਹਕੀਕਤ ਦੀ ਸਮਝ ਅਤੇ ਬਦਲਣ ਦੀ ਹਿੰਮਤ ਪੈਦਾ ਹੁੰਦੀ ਹੈ।

ਬੱਚਿਆਂ ਨੂੰ ਇੱਕ ਨਵਾਂ ਦ੍ਰਿਸ਼ਟੀਕੋਣ ਦੇਣ ਦਾ ਮਤਲਬ ਇਹ ਨਹੀਂ ਹੈ ਕਿ ਉਨ੍ਹਾਂ ਨੂੰ ਆਦਰਸ਼ਵਾਦੀ ਕਲਪਨਾਵਾਂ ਵਿੱਚ ਰਹਿਣ ਦਿੱਤਾ ਜਾਵੇ। ਸਗੋਂ, ਇਸਦਾ ਮਤਲਬ ਹੈ ਕਿ ਉਨ੍ਹਾਂ ਨੂੰ ਇਹ ਸਿਖਾਉਣਾ ਕਿ ਸਮਾਜ ਗੁੰਝਲਦਾਰ ਹੈ, ਸਮੱਸਿਆਵਾਂ ਅਸਲ ਹਨ, ਪਰ ਹੱਲ ਵੀ ਸੰਭਵ ਹਨ। ਇਸਦਾ ਮਤਲਬ ਹੈ ਕਿ ਉਨ੍ਹਾਂ ਨੂੰ ਚੁਣੌਤੀਆਂ ਨੂੰ ਅਪਣਾਉਣ ਲਈ ਸਿਖਾਉਣਾ। ਇਸਦਾ ਮਤਲਬ ਹੈ ਕਿ ਉਨ੍ਹਾਂ ਨੂੰ ਇਹ ਦਿਖਾਉਣਾ ਕਿ ਤਰੱਕੀ ਦਾ ਰਸਤਾ ਸੰਘਰਸ਼ ਵਿੱਚੋਂ ਹੀ ਨਿਕਲਦਾ ਹੈ, ਅਤੇ ਉਨ੍ਹਾਂ ਦੇ ਛੋਟੇ-ਛੋਟੇ ਯਤਨ ਵੀ ਵੱਡੇ ਬਦਲਾਅ ਲਿਆ ਸਕਦੇ ਹਨ।

ਜੇਕਰ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਹ ਸਮਝਾ ਸਕਦੇ ਹਾਂ ਕਿ ਸਮਾਜ ਕੋਈ ਬਾਹਰੀ ਪ੍ਰਣਾਲੀ ਨਹੀਂ ਹੈ, ਸਗੋਂ ਸਾਡੇ ਸਾਰਿਆਂ ਦੀ ਸਮੂਹਿਕ ਚੇਤਨਾ ਹੈ ਤਾਂ ਸਮਾਜ ਨੂੰ ਬਦਲਣ ਦੀ ਇਹ ਯਾਤਰਾ ਸ਼ਕਤੀਸ਼ਾਲੀ ਅਤੇ ਸਫਲ ਹੋ ਸਕਦੀ ਹੈ। ਬੱਚੇ ਉਹ ਸਮਾਜ ਬਣਾਉਣਗੇ ਜੋ ਅਸੀਂ ਅੱਜ ਆਪਣੇ ਅੰਦਰ ਬੀਜਦੇ ਹਾਂ। ਜੇਕਰ ਅਸੀਂ ਅੱਜ ਉਨ੍ਹਾਂ ਦੇ ਅੰਦਰ ਸੱਚਾਈ, ਨਿਆਂ, ਦਇਆ, ਸਮਾਨਤਾ, ਵਿਗਿਆਨ, ਬੁੱਧੀ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਬੀਜ ਬੀਜਦੇ ਹਾਂ, ਤਾਂ ਉਹ ਕੱਲ੍ਹ ਨੂੰ ਉਸ ਸਮਾਜ ਦੀ ਫ਼ਸਲ ਵੱਢਣਗੇ।

ਅੰਤ ਵਿੱਚ, ਇਹ ਉਸੇ ਸਿਧਾਂਤ 'ਤੇ ਉਬਲਦਾ ਹੈ ਸਮਾਜ ਨੂੰ ਬਦਲਣ ਲਈ, ਸਾਨੂੰ ਪਹਿਲਾਂ ਆਪਣੇ ਬੱਚਿਆਂ ਨੂੰ ਇੱਕ ਨਵਾਂ ਦ੍ਰਿਸ਼ਟੀਕੋਣ ਪ੍ਰਦਾਨ ਕਰਨਾ ਚਾਹੀਦਾ ਹੈ। ਇਹ ਦ੍ਰਿਸ਼ਟੀਕੋਣ ਨਾ ਸਿਰਫ਼ ਉਨ੍ਹਾਂ ਦੇ ਭਵਿੱਖ ਨੂੰ ਰੌਸ਼ਨ ਕਰੇਗਾ ਬਲਕਿ ਸਾਡੇ ਸਮਾਜ ਦੀ ਸਮੂਹਿਕ ਚੇਤਨਾ ਨੂੰ ਨਵੇਂ ਦਿਸਹੱਦਿਆਂ ਤੱਕ ਵੀ ਉੱਚਾ ਕਰੇਗਾ। ਕਿਉਂਕਿ ਇੱਕ ਬੱਚਾ ਸਿਰਫ਼ ਇੱਕ ਪਰਿਵਾਰ ਜਾਂ ਕਿਸੇ ਰਾਸ਼ਟਰ ਦੇ ਭਵਿੱਖ ਦੀ ਉਮੀਦ ਨਹੀਂ ਹੈ ਉਹ ਉਹ ਦੀਵਾ ਹਨ ਜਿਨ੍ਹਾਂ ਦੀ ਰੌਸ਼ਨੀ ਭਵਿੱਖ ਦੇ ਰਸਤੇ ਨੂੰ ਰੌਸ਼ਨ ਕਰਦੀ ਹੈ।








ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing | Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 | (209) 505-6384
Address : 119. Maple AVe, Suite A Manteca, CA 95336


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS ,
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 77**

ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਹਰਿ ਚਲਣ ਵੇਲਾ ਆਦੀ ॥ ਕਰਿ ਸੇਵਹੁ ਪੂਰਾ ਸਤਿਗੁਰੂ ਵਣਜਾਰਿਆ ਮਿਤ੍ਰਾ ਸਭ ਚਲੀ ਰੈਣਿ ਵਿਹਾਦੀ ॥ ਹਰਿ ਸੇਵਹੁ ਖਿਨੁ ਢਿਲ ਮੂਲਿ ਨ ਕਰਿਹੁ ਜਿਤੁ ਅਸਥਿਰੁ ਜੁਗੁ ਜੁਗੁ ਹੋਵਹੁ ॥ ਹਰਿ ਸੇਤੀ ਸਦ ਮਾਣਹੁ ਰਲੀਆ ਜਨਮ ਮਰਣ ਦੁਖ ਖੋਵਹੁ ॥ ਗੁਰ ਸਤਿਗੁਰ ਸੁਆਮੀ ਭੇਦੁ ਨ ਜਾਣਹੁ ਜਿਤੁ ਮਿਲਿ ਹਰਿ ਭਗਤਿ ਸੁਖਾਂਦੀ ॥ ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਸਫਲਿਓੁ ਰੈਣਿ ਭਗਤਾ ਦੀ ॥੪॥੧॥੩॥ {ਪੰਨਾ 77}

ਭਾਵ ਅਰਥ:--

ਹੇ! ਪ੍ਰਭੂ ਨਾਮ ਦਾ ਵਪਾਰ ਕਰਨ ਆਇਆ ਵਪਾਰੀ ਸੱਜਣਾ,ਜੀਵਨ ਰਾਤ ਦੇ ਚੌਥੇ ਪਹਿਰ ਪਰਮਾਤਮਾ ਦੇ ਘਰ ਜਾਣ ਦਾ ਵੇਲਾ ਪਹੁੰਚ ਚੁੱਕਿਆ ਹੈ।ਨਾਮ ਦੇ ਵਪਾਰੀ ਮਿੱਤਰਾ , ਲੋਕ ਛੱਡ ਪ੍ਰਲੋਕ ਸਿਧਾਰਨ ਦਾ ਵਕਤ ਆ ਗਿਆ ਹੈ। ਪੂਰੇ ਸਤਿਗੁਰੂ ਜੀ ਟਹਿਲ ਬੰਦਗੀ ਕਰ ਸਭ,ਨਾਮ ਵਪਾਰ ਕਰ ,ਮੇਰੇ ਮਿੱਤਰ ਪਿਆਰਿਆ,ਜੀਵਨ ਰਾਤ ਗੁਜ਼ਾਰਕੇ ਸਭ ਨੇ ਇਥੋ ਤੁਰ ਜਾਣਾ ਹੈ।ਉਸ ਜੁਗਾਂ ਜੁਗਾਂਤਰਾਂ ਤੋਂ ਇੱਕੋ ਥਾਂ ਥਿਰ ਨਿਰੰਕਾਰ ਦੀ ਸਿਫਤ ਸਲਾਹ ਕਰਨ ਲੱਗਿਆਂ ਭੋਰਾ ਆਲਸ ਨਾ ਕਰਿਓ। ਹਰਿ ਪ੍ਰਭੂ ਦੀ ਅਧਾਰ ਟੇਕ ਦਾ ਅਨੰਦ ਹੰਢਾ ,ਜਿਸ ਨਾਲ ਜਨਮ ਮਰਨ ਦੇ ਗੇੜ ਖਤਮ ਹੋ ਜਾਂਦੇ ਹਨ। ਇਹ ਸਭ ਕੁਝ ਕਰਦੇ ਹੋਏ ਵੀ ਅਸੀਂ ,ਉਸ ਮਾਲਕ ਨੂੰ ਪੂਰਣ ਤੌਰ ਤੇ ਨਹੀ ਜਾਣ ਸਕਦੇ, ਜਿਸਨੂੰ ਮਿਲਕੇ ਸੁਖ ਮਿਲਦਾ ਹੈ।ਇਸ ਤਰਾਂ ਨਾਨਕ ਸਾਹਿਬ ਫਰਮਾਉਂਦੇ ਹਨ ਹੇ ਜੀਵ ,ਜੀਵਨ ਰਾਤ ਦਾ ਚੌਥਾ ਪਹਿਰ ਸਫਲਾ ਹੋ ਜਾਂਦਾ ਹੈ।ਭਾਵ ਜੀਵ ਮੁਕਤ ਹੋ ਜਾਂਦਾ ਹੈ।

ਸਿਰੀਰਾਗੁ ਮਹਲਾ ੫ ॥ ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਧਰਿ ਪਾਇਤਾ ਉਦਰੈ ਮਾਹਿ ॥ ਦਸੀ ਮਾਸੀ ਮਾਨਸੁ ਕੀਆ ਵਣਜਾਰਿਆ ਮਿਤ੍ਰਾ ਕਰਿ ਮੁਹਲਤਿ ਕਰਮ ਕਮਾਹਿ ॥ ਮੁਹਲਤਿ ਕਰਿ ਦੀਨੀ ਕਰਮ ਕਮਾਣੇ ਜੈਸਾ ਲਿਖਤੁ ਧੁਰਿ ਪਾਇਆ ॥ ਮਾਤ ਪਿਤਾ ਭਾਈ ਸੁਤ ਬਨਿਤਾ ਤਿਨ ਭੀਤਰਿ ਪ੍ਰਭੂ ਸੰਜੋਇਆ ॥ ਕਰਮ ਸੁਕਰਮ ਕਰਾਏ ਆਪੇ ਇਸੁ ਜੰਤੈ ਵਸਿ ਕਿਛੁ ਨਾਹਿ ॥ ਕਹੁ ਨਾਨਕ ਪ੍ਰਾਣੀ ਪਹਿਲੈ ਪਹਰੈ ਧਰਿ ਪਾਇਤਾ ਉਦਰੈ ਮਾਹਿ ॥੧॥ {ਪੰਨਾ 77}

ਭਾਵ ਅਰਥ:--

ਉਪਰੋਕਤ ਪਾਵਨ ਸ਼ਬਦ ਸਹਾਦਤ ਦੇ ਪੁੰਜ ,ਪੰਜਵੇਂ ਨਾਨਕ,ਧੰਨ ਸ਼੍ਰੀ ਗੁਰੂ ਅਰਜੁਨ ਦੇਵ ਜੀ ਮਹਾਰਾਜ ਦੁਆਰਾ ਉਚਾਰਿਆ,ਜੀਵਨ ਰੂਪੀ ਰਾਤ ਨਾਲ ਸੰਬੰਧਿਤ,ਸਿਰੀਰਾਗ ਅੰਦਰ,ਪੰਨਾ 77 ਧੰਨ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਪਰ ਸੁਸ਼ੋਭਿਤ ਹੈ। ਇਹ ਸ਼ਬਦ ਵੀ ਜੀਵਨ ਰੂਪੀ ਰਾਤ ਦੇ ਪਹਿਰਾਂ ਨਾਲ ਜੋੜਕੇ ਪ੍ਰਭੂ ਨਾਮ ਦੀ ਉਸਤਤਿ ਲਈ ਜੀਵ ਨੂੰ ਪ੍ਰੇਰਿਤ ਕਰਦੇ ਹਨ।

ਹੇ ਜੀਵਨ ਰੂਪੀ ਰਾਤ ਸਮੇਂ ਨਾਮ ਦਾ ਵਪਾਰ ਕਰਨ ਆਇਆ ਸੱਜਣਾ ,ਮਾਂ ਦੇ ਗਰਭ ਵਿੱਚ ਡੇਰਾ ਲਾਉਂਦਾ ਹੈਂ, ਉਪਰੰਤ ਦਸਵੇਂ ਮਹੀਨੇ ਜਨਮ ਲੈ ਕੇ ਨਾਮ ਦਾ ਵਪਾਰ ਕਰਨ ਆਇਆ ਮਿੱਤਰਾ ,ਸਮਾ ਕੱਢ ਤੇ ਚੰਗੇ ਕਰਮਾਂ ਨਾਲ ਜੁੜ। ਉਸ ਦਾਤਾਰ ਨੇ ਇਹ(ਸੁਨਹਿਰੀ ਮੌਕਾ ਦਿੱਤਾ ਹੈ)ਵਕਤ ਦੇਕੇ,ਮੱਥੇ ਤੇ ਜਿਹੋ ਜਿਹੇ ਕਰਮ ਕਮਾਉਣ ਲਈ ਲੇਖ ਵੀ ਘੜੇ ਹਨ , ਤੂੰ ਉਹੋ ਜਿਹੇ ਹੀ ਕਰਮ ਕਮਾਉਂਦਾ ਹੈਂ। ਮਾਤਾ ਪਿਤਾ, ਭਰਾ ਪਤਨੀ,ਪੁੱਤਰ ਸਭ ਸੰਬੰਧ ਉੱਪਰੋਂ ਹੀ ਲਿਖ ਕੇ ਆਉਂਦੇ ਹਨ। ਚੰਗੇ ਮੰਦੇ ਕਰਮ ਉਹ ਆਪ ਹੀ ਕਰਵਾਉਂਦਾ ਹੈ,ਜੀਵ ਦੇ ਕੋਈ ਵੱਸ ਨਹੀਂ । ਨਾਨਕ ਫਰਮਾਉਂਦੇ ਹਨ ।ਨਾਮ ਵਖਰ ਲੈਣ ਆਇਆ,ਹੇ ਪ੍ਰਾਣੀ।ਜੀਵਨ ਰਾਤ ਦੀ ਪਹਿਲੀ ਪਹਿਰ ਵਿੱਚ ਤੇਰਾ ਉਤਾਰਾ ਮਾਤ ਗਰਭ ਵਿੱਚ ਹੀ ਹੁੰਦਾ ਹੈ।

ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਭਰਿ ਜੁਆਨੀ ਲਹਰੀ ਦੇਇ ॥ ਬੁਰਾ ਭਲਾ ਨ ਪਛਾਣਈ ਵਣਜਾਰਿਆ ਮਿਤ੍ਰਾ ਮਨੁ ਮਤਾ ਅਹੰਮੇਇ ॥ ਬੁਰਾ ਭਲਾ ਨ ਪਛਾਣੈ ਪ੍ਰਾਣੀ ਆਗੈ ਪੰਥੁ ਕਰਾਰਾ ॥ ਪੂਰਾ ਸਤਿਗੁਰੁ ਕਬਹੂੰ ਨ ਸੇਵਿਆ ਸਿਰਿ ਠਾਢੇ ਜਮ ਜੰਦਾਰਾ ॥ ਧਰਮ ਰਾਇ ਜਬ ਪਕਰਸਿ ਬਵਰੇ ਤਬ ਕਿਆ ਜਬਾਬੁ ਕਰੇਇ ॥ ਕਹੁ ਨਾਨਕ ਦੂਜੈ ਪਹਰੈ ਪ੍ਰਾਣੀ ਭਰਿ ਜੋਬਨੁ ਲਹਰੀ ਦੇਇ ॥੨॥ {ਪੰਨਾ 77}

ਭਾਵ ਅਰਥ:--

ਪ੍ਰਭੂ ਨਾਮ ਦਾ ਵਪਾਰ ਕਰਨ ਆਇਆ,ਵਪਾਰੀ ਮਿੱਤਰਾ,ਜੀਵਨ ਰਾਤ ਦੇ ਦੂਜੇ ਪਹਿਰੇ (ਭਰ ਜੁਆਨੀ) ਠਾਠਾਂ ਮਾਰਦੀ ਹੈ ਤੇ ਹਰ ਪਾਸੇ ਅਨੰਦ ਹੀ ਅਨੰਦ ਮਹਿਸੂਸ ਹੁੰਦਾ ਹੈ।ਜੀਵ ਚੰਗੇ ਮਾੜੇ ਦਾ ਕੋਈ ਫਰਕ ਨਹੀਂ ਪਛਾਣਦਾ,ਜਦ ਕਿ ਅੱਗੇ ਆਉਣ ਵਾਲਾ ਰਸਤਾ ਮੁਸ਼ਕਿਲ ਹੈ। ਉਸ ਪੂਰੇ ਪ੍ਰਭੂ ਨਾਲ ਲਗਨ ਨਹੀਂ ਲਾਈ,ਤਾਂ ਜਮਾਂ ਨੇ ਆਪੇ ਹੀ ਸਖਤੀ ਨਾਲ ਹੀ ਤੈਨੂੰ ਸਿੱਝਣਾ ਹੈ। ਧਰਮਰਾਜ ਜੀ ਕਚਹਿਰੀ ਵਿੱਚ ਜਦ ਫੜਿਆ ਗਿਆ,ਕੀ ਜਵਾਬ ਦਵੇਂਗਾ ।ਨਾਨਕ ਫ਼ਰਮਾਉਂਦੇ ਹਨ,ਜੀਵਨ ਰਾਤ ਦੇ ਦੂਜੇ ਪਹਿਰ ਵਿੱਚ ਜਵਾਨੀ ਮਸਤੀ ਵਿੱਚ ਭੁਲਦੀ ਹੈ।

ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਬਿਖੁ ਸੰਚੈ ਅੰਧੁ ਅਗਿਆਨੁ ॥ ਪੁਤ੍ਰਿ ਕਲਤ੍ਰਿ ਮੋਹਿ ਲਪਟਿਆ ਵਣਜਾਰਿਆ ਮਿਤ੍ਰਾ ਅੰਤਰਿ ਲਹਰਿ ਲੋਭਾਨੁ ॥ ਅੰਤਰਿ ਲਹਰਿ ਲੋਭਾਨੁ ਪਰਾਨੀ ਸੋ ਪ੍ਰਭੁ ਚਿਤਿ ਨ ਆਵੈ ॥ ਸਾਧਸੰਗਤਿ ਸਿਉ ਸੰਗੁ ਨ ਕੀਆ ਬਹੁ ਜੋਨੀ ਦੁਖੁ ਪਾਵੈ ॥ ਸਿਰਜਨਹਾਰੁ ਵਿਸਾਰਿਆ ਸੁਆਮੀ ਇਕ ਨਿਮਖ ਨ ਲਗੋ ਧਿਆਨੁ ॥ ਕਹੁ ਨਾਨਕ ਪ੍ਰਾਣੀ ਤੀਜੈ ਪਹਰੈ ਬਿਖੁ ਸੰਚੇ ਅੰਧੁ ਅਗਿਆਨੁ ॥੩॥ {ਪੰਨਾ 77}

ਭਾਵ ਅਰਥ:--

ਹੇ ਮਿੱਤਰ ਪਿਆਰਿਆ! ਪ੍ਰਭੂ ਨਾਮ ਦਾ ਵਣਜ ਕਰਨ ਆਇਆ ਜੀਵਨ ਰਾਤ ਦੇ ਤੀਜੇ ਪਹਿਰ(ਅਧਖੜ ਉਮਰੇ) ਮਾਇਆ ਦੇ ਰੂਪ ਵਿੱਚ, ਅੰਨੇ ਗਿਆਨ ਕਾਰਣ ਜ਼ਹਿਰ ਇਕੱਠਾ ਕਰਦਾ ਫਿਰਦਾ ਹੈਂ।ਨਾਮ ਦਾ ਵਪਾਰ ਕਰਨ ਆਇਆ ਮਿੱਤਰਾ ਪਿਆਰਿਆ,ਪੁੱਤਰ ਪਤਨੀ ਆਦਿ ਦੇ ਮੋਹ ਪਾਸ਼ ਵਿੱਚ ਬੱਝਕੇ,ਅੰਦਰ ਲਾਲਚ ਨਾਲ ਭਰ ਜਾਂਦਾ ਹੈਂ,ਪਰ ਉਸ ਪਰਮਾਤਮਾ ਨੂੰ ਭੁੱਲ ਜਾਂਦਾ ਹੈਂ। ਦੂਜੇ ਪਾਸੇ ਕੋਈ ਚਰਿੱਤਰ ਵਾਨ ਲੋਕਾਂ ਦਾ ਸਾਥ ਨਹੀਂ ਕੀਤਾ ,ਜਿਸ ਕਾਰਣ ਜਨਮਾਂ ਜਨਮਾਂਤਰਾਂ ਤੱਕ ਦੁਖ ਸਹਿੰਦਾ ਹੈਂ। ਜਿਨ ਤੇਰੀ ਬਣਤ ਬਣਾਈ ਤੂੰ ਉਹਨੂੰ ਇੱਕ ਪਲ ਲਈ ਵੀ ਨਹੀਂ ਧਿਆਇਆ ਤਾਂ ਨਾਨਕ ਫ਼ਰਮਾਉਂਦੇ ਹਨ ,ਜੀਵ ਅਗਿਆਨਤਾ ਕਾਰਨ ਅੰਨ੍ਹੇ ਹੋਏ ਜ਼ਹਿਰ ਹੀ ਜਹਿਰ ਇਕੱਠਾ ਕਰਦਾ ਹੈ।

ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਦਿਨੁ ਨੇੜੈ ਆਇਆ ਸੋਇ ॥ ਗੁਰਮੁਖਿ ਨਾਮੁ ਸਮਾਲਿ ਤੂੰ ਵਣਜਾਰਿਆ ਮਿਤ੍ਰਾ ਤੇਰਾ ਦਰਗਹ ਬੇਲੀ ਹੋਇ ॥ ਗੁਰਮੁਖਿ ਨਾਮੁ ਸਮਾਲਿ ਪਰਾਣੀ ਅੰਤੇ ਹੋਇ ਸਖਾਈ ॥ ਇਹੁ ਮੋਹੁ ਮਾਇਆ ਤੇਰੈ ਸੰਗਿ ਨ ਚਾਲੈ ਝੂਠੀ ਪ੍ਰੀਤਿ ਲਗਾਈ ॥ ਸਗਲੀ ਰੈਣਿ ਗੁਦਰੀ ਅੰਧਿਆਰੀ ਸੇਵਿ ਸਤਿਗੁਰੁ ਚਾਨਣੁ ਹੋਇ ॥ ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਦਿਨੁ ਨੇੜੈ ਆਇਆ ਸੋਇ ॥੪॥ {ਪੰਨਾ 77-78}

ਭਾਵ ਅਰਥ:-

ਹੇ ਮਿੱਤਰ ਪਿਆਰਿਆ! ਜੀਵਨ ਰੂਪੀ ਰਾਤ ਦੇ ਚੌਥੇ ਪਹਿਰ ਨਾਮ ਬਾਣੀ ਦਾ ਵਖਰ ਕਰਨ ਆਇਆ ਮਿੱਤਰਾ ਪਿਆਰਿਆ,ਹੁਣ ਜੀਵਨ ਲੀਲਾ ਦੀ ਸਮਾਪਤੀ ਦਾ ਦਿਨ ਨੇੜੇ ਆ ਚੁੱਕਿਆ ਹੈ। ਹੁਣ ਹੀ ਸਹੀ,ਮੌਕਾ ਸੰਭਾਲ ਲੈ ਤੇ ਅਕਾਲ ਪੁਰਖ ਦੀ ਸਿਫਤ ਸਲਾਹ ਨਾਲ ਜੁੜ ਜਾ, ਉਸਤੋਂ ਬਿਨਾਂ ਤੇਰਾ ਕੋਈ ਹੋਰ ਮਿੱਤਰ ਨਹੀਂ ਹੈ ਤੇ ਜਿਸ ਨਾਮ ਨੇ ਹੀ ਅੰਤ ਸਹਾਈ ਹੋਣਾ ਹੈ।ਮੋਹ ਮਾਇਆ ਝੂਠੀ ਹੈ,ਕਿਸੇ ਵੀ ਤੇਰੇ ਨਾਲ ਨਹੀਂ ਜਾਣਾ। ਤੂੰ ਆਪਣਾ ਸਾਰਾ ਜੀਵਨ ਅਗਿਆਨਤਾ ਦੇ ਹਨ੍ਹੇਰੇ ਵਿੱਚ ਕੱਢ ਦਿੱਤਾ ਹੈ,ਜਿਸ ਵਿੱਚ ਪਰਮਾਤਮਾ ਨਾਲ ਜੁੜਕੇ ਹੀ ਤੈਨੂੰ ਰੌਸ਼ਨੀ ਮਿਲਣੀ ਸੀ।ਸੋ ਨਾਨਕ ਸਾਹਿਬ ਫਰਮਾਉਂਦੇ ਹਨ,ਦੁਨੀਆਂ ਤੋਂ ਰੁਖ਼ਸਤ ਹੋਣ ਦਾ ਵਕਤ ਢੁਕ ਰਿਹਾ ਹੈ।

**ਅੰਗ 78**

ਲਿਖਿਆ ਆਇਆ ਗੋਵਿੰਦ ਕਾ ਵਣਜਾਰਿਆ ਮਿਤ੍ਰਾ ਉਠਿ ਚਲੇ ਕਮਾਣਾ ਸਾਥਿ ॥ ਇਕ ਰਤੀ ਬਿਲਮ ਨ ਦੇਵਨੀ ਵਣਜਾਰਿਆ ਮਿਤ੍ਰਾ ਓਨੀ ਤਕੜੇ ਪਾਏ ਹਾਥ ॥ ਲਿਖਿਆ ਆਇਆ ਪਕੜਿ ਚਲਾਇਆ ਮਨਮੁਖ ਸਦਾ ਦੁਹੇਲੇ ॥ ਜਿਨੀ ਪੂਰਾ ਸਤਿਗੁਰੁ ਸੇਵਿਆ ਸੇ ਦਰਗਹ ਸਦਾ ਸੁਹੇਲੇ ॥ ਕਰਮ ਧਰਤੀ ਸਰੀਰੁ ਜੁਗ ਅੰਤਰਿ ਜੋ ਬੋਵੈ ਸੋ ਖਾਤਿ ॥ ਕਹੁ ਨਾਨਕ ਭਗਤ ਸੋਹਹਿ ਦਰਵਾਰੇ ਮਨਮੁਖ ਸਦਾ ਭਵਾਤਿ ॥੫॥੧॥੪॥ {ਪੰਨਾ 78}

ਭਾਵ ਅਰਥ:--

ਹੇ ਬੰਦਿਆ । ਪਰਮਾਤਮਾ ਨਾਮ ਦੀ ਕਮਾਈ ਕਰਨ ਆਇਆ,ਸੱਜਨ ਪਿਆਰਿਆ,ਸਭ ਕੁਝ ਪ੍ਰਭੂ ਤੇਰੇ ਜਨਮ ਸਮੇਂ ਹੀ ਤੇਰੇ ਭਾਗਾਂ ਵਿੱਚ ਲਿਖ ਕੇ ਭੇਜਦਾ ਹੈ।ਜੀਵਨ ਦੀ ਸਮਾਪਤੀ ਵਕਤ ਕੀਤੀ ਪਾਪ ਪੁੰਨ ਦੀ ਕਮਾਈ ਨਾਲ ਹੀ ਜਾਏਗੀ।ਜਦੋਂ ਜੀਵਨ ਦਾ ਸਮਾਂ ਮੁੱਕ ਗਿਆ, ਤੈਨੂੰ ਇੱਕ ਪਲ ਵੀ ਹੋਰ ਨਹੀਂ ਮਿਲਣਾ,ਨਾਮ ਦਾ ਵਪਾਰ ਕਰਨ ਆਇਆ ਮਿੱਤਰਾ ਪਿਆਰਿਆ,ਉਸਦੀ ਪਕੜ ਪੂਰੀ ਸਖ਼ਤ ਹੈ। ਭਾਗਾਂ ਵਿੱਚ ਲਿਖੇ ਅਨੁਸਾਰ ਉਹ ਲੈ ਜਾਂਦਾ ਹੈ,ਮਨ ਦੀ ਮੱਤ ਮਗਰ ਲੱਗਣ ਵਾਲੇ ਸਦਾ ਸੁਖੀ ਰਹਿੰਦੇ ਹਨ, ਇਸਤੋਂ ਉਲਟ,ਜਿਨਾਂ ਪ੍ਰਭੂ ਦੀ ਸਿਫਤ ਸਲਾਹ ਦਾ ਪੱਲਾ ਫੜਿਆ ,ਉਹ ਉਸਦੀ ਦਰਗਾਹ ਵਿੱਚ ਹਮੇਸ਼ਾਂ ਸੁਖੀ ਰਹੇ। ਜੁਗਾਂ ਜੁਗਾਂਤਰਾਂ ਤੱਕ ਕਰਮ ਸਰੀਰ ਰੂਪੀ ਧਰਤੀ ਉੱਤੇ ਬੀਜੇ ਬੀਜ ਨੇ ,ਜਿਸਦੇ ਫਲ ਮਨੁੱਖ ਨੂੰ ਆਪ ਹੀ ਖਾਣੇ ਪੈਂਦੇ ਹਨ।ਨਾਨਕ ਸਾਹਿਬ ਬਚਨ ਕਰਦੇ ਹਨ, ਪ੍ਰਮਾਤਮਾ ਦੇ ਦਰ ਤੇ ਸੱਚੇ ਭਗਤ ਸੋਹਣੇ ਲੱਗਦੇ ਹਨ,ਤੇ ਮਨ ਦੀਆਂ ਵਾਸ਼ਨਾਵਾਂ ਮਗਰ ਲੱਗਣ ਵਾਲਿਆਂ ਨੂੰ ਕਿਤੇ ਢੋਈ ਨਹੀਂ ਮਿਲਦੀ ਤੇ ਜਨਮ ਮਰਨ ਦੇ ਚੱਕਰਾਂ ਵਿੱਚ ਪਏ ਰਹਿ ਜਾਂਦੇ ਹਨ।

ਸਿਰੀਰਾਗੁ ਮਹਲਾ ੪

ਘਰੁ ੨ ਛੰਤ ੴ ਸਤਿਗੁਰ ਪ੍ਰਸਾਦਿ ॥

ਮੁੰਧ ਇਆਣੀ ਪੇਈਅੜੈ ਕਿਉ ਕਰਿ ਹਰਿ ਦਰਸਨੁ ਪਿਖੈ ॥ ਹਰਿ ਹਰਿ ਅਪਨੀ ਕਿਰਪਾ ਕਰੇ ਗੁਰਮੁਖਿ ਸਾਹੁਰੜੈ ਕੰਮ ਸਿਖੈ ॥ ਸਾਹੁਰੜੈ ਕੰਮ ਸਿਖੈ ਗੁਰਮੁਖਿ ਹਰਿ ਹਰਿ ਸਦਾ ਧਿਆਏ ॥ ਸਹੀਆ ਵਿਚਿ ਫਿਰੈ ਸੁਹੇਲੀ ਹਰਿ ਦਰਗਹ ਬਾਹ ਲੁਡਾਏ ॥ ਲੇਖਾ ਧਰਮ ਰਾਇ ਕੀ ਬਾਕੀ ਜਪਿ ਹਰਿ ਹਰਿ ਨਾਮੁ ਕਿਰਖੈ ॥ ਮੁੰਧ ਇਆਣੀ ਪੇਈਅੜੈ ਗੁਰਮੁਖਿ ਹਰਿ ਦਰਸਨੁ ਦਿਖੈ ॥੧॥ {ਪੰਨਾ 78}

ਭਾਵ ਅਰਥ:--

ਉਪਰੋਕਤ ਪਵਿੱਤਰ ਸ਼ਬਦ ਚੌਥੇ ਨਾਨਕ ਸਾਹਿਬ ਸ਼੍ਰੀ ਗੁਰੂ ਰਾਮਦਾਸ ਜੀ ਦੀ ਪਾਵਨ ਰਸਨਾ ਤੋਂ ਉਚਾਰਿਆ 'ਸਿਰੀਰਾਗ' ਤਹਿਤ,ਛੰਤ ਸਿਰਲੇਖ ਹੇਠ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਅੰਗ 78 ਉੱਪਰ ਸੁਭਾਇਮਾਨ ਹੈ। ਇਸ ਬਾਣੀ ਵਿੱਚ ਲੋਕ ਨੂੰ ਪੇਕਾ ਘਰ ਤੇ ਪ੍ਰਲੋਕ ਨੂੰ ਸਹੁਰਾ ਘਰ, ਮਨੁੱਖ ਨੂੰ ਜੀਵ ਇਸਤ੍ਰੀ ਤੇ ਪ੍ਰਭੂ ਪ੍ਰਮਾਤਮਾ ਨੂੰ ਖਾਂਵਦ ਸੰਬੋਧਿਤ ਕੀਤਾ ਗਿਆ ਹੈ।

ਮੰਗਲਾ ਚਰਣ—ਪਰਭੂ ਇੱਕ ਹੈ ਤੇ ਗੁਰੂ ਦੀ ਕਿਰਪਾ ਨਾਲ ਹਾਸਿਲ ਹੁੰਦਾ ਹੈ।

ਹੇ ਜੀਵ ਇਸਤ੍ਰੀ,ਬਾਲ ਤੇ ਅੰਞਾਣ ਅਵਸਥਾ ਵਿੱਚ ,ਇਸ ਮਾਤ ਲੋਕ ਵਿੱਚ ਉਸ ਪਤੀ ਪਰਮੇਸ਼ਵਰ (ਪਰਮਾਤਮਾ ਦੇ ਕਿਵੇਂ ਦਰਸ਼ਨ ਕਰ ਸਕਦੀ ਹੈਂ ।ਜੇ ਦਾਤੇ ਦੀ ਕਿਰਪਾ ਹੋਵੇ ਤਾਂ ਹੀ ਮਾਤ ਲੋਕ ਵਿੱਚ ਰਹਿੰਦਿਆਂ ਵੀ ਗੁਰੂ ਦੀ ਸਿਖਿਆ ਨਾਲ ਕੰਮ ਧੰਦੇ(ਬੰਦਗੀ) ਸਿੱਖ ਸਕਦੀ ਹੈਂ ਤੇ ਪ੍ਰਭੂ ਚਰਨੀਂ ਲੱਗ ਸਕਦੀ ਹੈ। ਗੁਰੂ ਦੇ ਚਰਨੀਂ ਲੱਗ ਸਦਾ ਹਰਿ ਪ੍ਰਭੂ ਨੂੰ ਯਾਦ ਕਰ ਸਕਦੀ ਹੈਂ। ਆਪਣੀ ਸਾਧ ਸੰਗਤ ਵਿੱਚ ਪ੍ਰਸੰਨਤਾ ਨਾਲ ਵਿਚਰਦੀ ਹੈ।ਇਸ ਵਿਧੀ ਨਾਲ ਉਹ ਆਪਣੇ ਕਰਮਾਂ ਦਾ ਲੇਖਾ ਜੋਖਾ ਪੂਰਾ ਕਰ ਲੈਂਦੀ ਹੈ।ਇਸ ਤਰਾਂ ਸੰਸਾਰੀ ਜੀਵਨ ਵਿੱਚ ਰਹਿੰਦਿਆਂ ਹੋਇਆਂ ਵੀ ਅੰਞਾਣ ਬਾਲੜੀ( ਜੀਵ ਇਸਤ੍ਰੀ )ਦੇ ਰੂਪ ਵਿੱਚ ਵੀ ਕਰਤਾਰ ਨੂੰ ਪਾ ਸਕਦੀ ਹੈਂ।

ਵੀਆਹੁ ਹੋਆ ਮੇਰੇ ਬਾਬੁਲਾ ਗੁਰਮੁਖੇ ਹਰਿ ਪਾਇਆ ॥ ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਪ੍ਰਚੰਡੁ ਬਲਾਇਆ ॥ ਬਲਿਆ ਗੁਰ ਗਿਆਨੁ ਅੰਧੇਰਾ ਬਿਨਸਿਆ ਹਰਿ ਰਤਨੁ ਪਦਾਰਥੁ ਲਾਧਾ ॥ ਹਉਮੈ ਰੋਗੁ ਗਇਆ ਦੁਖੁ ਲਾਥਾ ਆਪੁ ਆਪੈ ਗੁਰਮਤਿ ਖਾਧਾ ॥ ਅਕਾਲ ਮੂਰਤਿ ਵਰੁ ਪਾਇਆ ਅਬਿਨਾਸੀ ਨਾ ਕਦੇ ਮਰੈ ਨ ਜਾਇਆ ॥ ਵੀਆਹੁ ਹੋਆ ਮੇਰੇ ਬਾਬੋਲਾ ਗੁਰਮੁਖੇ ਹਰਿ ਪਾਇਆ ॥੨॥ {ਪੰਨਾ 78}

ਭਾਵ ਅਰਥ:--

ਹੇ ਮੇਰੇ ਪਿਤਾ! ਗੁਰੂ ਦੀ ਸ਼ਰਨ ਪੈ ਕੇ ਮੇਰਾ ਪ੍ਰਭੂ ਪਤੀ ਨਾਲ ਵਿਆਹ ਹੋ ਗਿਆ ਹੈ।(ਇਹ ਜੀਵ ਇਸਤ੍ਰੀ ਉਸ ਸਮੇਂ ਕਹਿੰਦੀ ਹੈ ਜਦੋਂ ਗੁਰੂ ਦੇ ਮਾਰਗਦਰਸ਼ਨ ਕਾਰਣ ਪਤੀ ਪਰਮੇਸ਼ਵਰ ਦੇ ਚਰਨਾਂ ਵਿੱਚ ਥਾਂ ਮਿਲ ਜਾਂਦੀ ਹੈ ) ਗੁਰੂ ਦੇ ਦਿੱਤੇ ਚਾਨਣ ਰੂਪੀ ਗਿਆਨ ਨੇ ਮੇਰੀ ਭ੍ਰਸ਼ਟ ਹੋਈ ਬੁੱਧੀ ਨੂੰ ਪ੍ਰਭੂ ਭਗਤਿ ਨਾਲ ਜੋੜ ਦਿੱਤਾ ਹੈ। ਗੁਰੂ ਦੇ ਬਖਸ਼ੇ ਗਿਆਨ ਨੇ ,ਇਸ ਅਥਾਹ ਹਨੇਰੇ ਨੂੰ ਮਿਟਾ ਕੇ ਪਰਮਾਤਮਾ ਸ੍ਵਰੂਪ ਕੀਮਤੀ ਮੋਤੀ ਮਿਲ ਗਿਆ ਹੈ। ਗੁਰੂ ਦੀ ਮੱਤ ਅੰਦਰ ਵਸਾਉਣ ਨਾਲ ਮੇਰਾ ਅਭਿਮਾਨ ਦਾ ਰੋਗ ਖਤਮ ਹੋ ਗਿਆ ਹੈ।ਮੈਂ ਆਪਣੇ ਪਤੀ ਸ੍ਵਰੂਪ ਵਿੱਚ ਸਦਾ ਥਿਰ ਰਹਿਣ ਵਾਲੇ ਵਾਹਿਗੁਰੂ ਨੂੰ ਵਰ ਲਿਆ ਹੈ।ਹੇ ਮੇਰੇ ਪਿਤਾ ਮੈਂ ਗੁਰੂ ਦੀ ਮੰਨਕੇ ਪਤੀ ਰੂਪ ਪਰਮੇਸ਼ਵਰ ਨੂੰ ਪਾ ਲਿਆ ਹੈ।

ਹਰਿ ਸਤਿ ਸਤੇ ਮੇਰੇ ਬਾਬੁਲਾ ਹਰਿ ਜਨ ਮਿਲਿ ਜੰਞ ਸੁਹੰਦੀ ॥ ਪੇਵਕੜੈ ਹਰਿ ਜਪਿ ਸੁਹੇਲੀ ਵਿਚਿ ਸਾਹੁਰੜੈ ਖਰੀ ਸੋਹੰਦੀ ॥ ਸਾਹੁਰੜੈ ਵਿਚਿ ਖਰੀ ਸੋਹੰਦੀ ਜਿਨਿ ਪੇਵਕੜੈ ਨਾਮੁ ਸਮਾਲਿਆ ॥ ਸਭੁ ਸਫਲਿਓ ਜਨਮੁ ਤਿਨਾ ਦਾ ਗੁਰਮੁਖਿ ਜਿਨਾ ਮਨੁ ਜਿਣਿ ਪਾਸਾ ਢਾਲਿਆ ॥ ਹਰਿ ਸੰਤ ਜਨਾ ਮਿਲਿ ਕਾਰਜੁ ਸੋਹਿਆ ਵਰੁ ਪਾਇਆ ਪੁਰਖੁ ਅਨੰਦੀ ॥ ਹਰਿ ਸਤਿ ਸਤਿ ਮੇਰੇ ਬਾਬੋਲਾ ਹਰਿ ਜਨ ਮਿਲਿ ਜੰਞ ਸੁੋਹੰਦੀ ॥੩॥ {ਪੰਨਾ 78}

ਭਾਵ ਅਰਥ:--

ਹੇ ਮੇਰੇ ਬਾਬੁਲਾ ! ਉਸ ਸਦਾ ਥਿਰ ਰਹਿਣ ਵਾਲੇ ਮੇਰੇ ਪ੍ਰੀਤਮ ਪ੍ਰਭੂ ਨੂੰ ਮੇਰੇ ਨਾਲ ਮਿਲਾਉਣ ਲਈ ਸੰਤ ਜਨ ,ਇੱਕ ਸੋਹਣੀ ਜੰਞ ਵਾਂਗ ਲੱਗਦੇ ਹਨ। ਮੈਂ ਮਾਤ ਲੋਕ ਵਿੱਚ ਵੀ ਉਸਦੀ ਸਿਫਤ ਸਲਾਹ ਕਾਰਨ ਸੁਖੀ ਸਾਂ ਤੇ ਪ੍ਰਲੋਕ ਵਿੱਚ ਵੀ ਸੋਹਣੀ ਜਚਦੀ ਹਾਂ।ਉਸੇ ਨੇ ਪੇਕੇ ਮੈਨੂੰ ਓਹ ਸਿੱਖਿਆ ਦਿੱਤੀ ਹੈ ਤੇ ਸਹੁਰੇ ਵੀ। ਉਹ ਸਾਰੇ ਗੁਰਮੁਖ ਸਫਲ ਹੋ ਗਏ ,ਜਿਨਾਂ ਦਾ ਸਾਥ ਦਾਤੇ ਨੇ ਦਿੱਤਾ(ਮੈਂ ਵੀ ਉਨਾਂ ਵਿੱਚੋਂ ਇੱਕ ਹਾਂ)।ਹਰਿ ਪ੍ਰਭੂ ਦੇ ਗੁਰਮੁਖਾਂ, ਨਾਮ ਦੀ ਚਰਚਾ ਅਰੰਭ ਕੀਤੀ ਤਾਂ ਹੀ ਮੈਂ (ਜੀਵ ਇਸਤ੍ਰੀ)ਨੇ ਪ੍ਰਭੂ ਪ੍ਰੀਤਮ ਪਿਆਰੇ ਨੂੰ ਪਾ ਸਕੀ ਹਾਂ ਤੇ ਹੁਣ ਜੀਵਨ ਅਨੰਦ ਨਾਲ ਓਤ ਪੋਤ ਹੈ।ਸੋ ਹੇ ਮੇਰੇ ਪਿਤਾ!ਸੰਤ ਸੰਗ ਨੇ ਰਲਕੇ ,ਇਕ ਤਰਾਂ ਮੇਰੀ ਸੋਹਣੀ ਜੰਞ ਬਣਾਈ ਤੇ ਮੇਰਾ ਵਿਆਹ ਉਸ ਸਦਾ ਰਹਿਣ ਵਾਲੇ ਪਤੀ ਪਰਮੇਸ਼ਵਰ ਨਾਲ ਹੋ ਗਿਆ ਹੈ।



EXIT REALTY CONSULTANTS

150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ

(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )

ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ

ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ

Raman Bassi

Realtor DRE # 02162139



ਵਧੇਰੇ ਜਾਣਕਾਰੀ ਲਈ ਕਾਲ ਕਰੋ

Cell : 510-432-8122

Office : 209-823-1234

www.RamanBassi.EXITHOME.COM

RBassi@EXITHOME.com

# ਬੱਦਲਾਂ ਵਿੱਚ ਮੌਜੂਦ ਜ਼ਹਿਰੀਲੇ ਤੱਤ ਅਤੇ ਕੀਟਨਾਸ਼ਕ ਮੀਂਹ ਦੀਆਂ ਬੂੰਦਾਂ ਨਾਲ ਧਰਤੀ 'ਤੇ ਡਿੱਗਦੇ ਹਨ ਅਤੇ ਹਰ ਚੀਜ਼ ਨੂੰ ਪ੍ਰਦੂਸ਼ਿਤ ਕਰਦੇ ਹਨ

ਕੋਲਕਾਤਾ ਦੇ ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ ਐਂਡ ਐਜੂਕੇਸ਼ਨਲ ਰਿਸਰਚ ਦੇ ਵਿਗਿਆਨੀਆਂ ਦੇ ਅਨੁਸਾਰ, ਪੱਛਮੀ ਘਾਟ ਅਤੇ ਹਿਮਾਲਿਆ ਦੇ ਉੱਪਰ ਬੱਦਲਾਂ ਵਿੱਚ ਕੈਡਮੀਅਮ, ਕ੍ਰੋਮੀਅਮ, ਤਾਂਬਾ ਅਤੇ ਜ਼ਿੰਕ ਵਰਗੀਆਂ ਲਗਭਗ 12 ਜ਼ਹਿਰੀਲੀਆਂ ਧਾਤਾਂ ਪਾਈਆਂ ਗਈਆਂ ਹਨ। ਇਹ ਧਾਤਾਂ ਹੇਠਲੇ ਪ੍ਰਦੂਸ਼ਿਤ ਖੇਤਰਾਂ ਤੋਂ ਬੱਦਲਾਂ ਵਿੱਚ ਲੀਨ ਹੋ ਰਹੀਆਂ ਹਨ ਅਤੇ ਧਰਤੀ ਦੇ ਸਭ ਤੋਂ ਉੱਚੇ ਅਤੇ ਸਭ ਤੋਂ ਸੰਵੇਦਨਸ਼ੀਲ ਵਾਤਾਵਰਣ ਪ੍ਰਣਾਲੀਆਂ ਤੱਕ ਪਹੁੰਚ ਰਹੀਆਂ ਹਨ।

ਬੱਦਲਾਂ ਨੂੰ ਪੀਣ ਵਾਲੇ ਪਾਣੀ ਦਾ ਇੱਕ ਮਹੱਤਵਪੂਰਨ ਸਰੋਤ ਮੰਨਿਆ ਜਾਂਦਾ ਹੈ। ਹਾਲਾਂਕਿ, ਹੁਣ ਮੀਂਹ ਦੇ ਪਾਣੀ ਦੀ ਸ਼ੁੱਧਤਾ ਬਾਰੇ ਸਵਾਲ ਉਠਾਏ ਜਾ ਰਹੇ ਹਨ। ਪਹਿਲਾਂ, ਇਹ ਚਰਚਾ ਕੀਤੀ ਜਾਂਦੀ ਸੀ ਕਿ ਸਾਡੇ ਵਾਯੂਮੰਡਲ ਅਤੇ ਭੋਜਨ ਵਿੱਚ ਕੀਟਨਾਸ਼ਕ ਜੀਵਤ ਜੀਵਾਂ ਲਈ ਨੁਕਸਾਨਦੇਹ ਹੋ ਸਕਦੇ ਹਨ, ਪਰ ਹੁਣ ਮੀਂਹ ਦੇ ਪਾਣੀ ਵਿੱਚ ਵੀ ਅਜਿਹੇ ਰਸਾਇਣਾਂ ਦੀ ਮੌਜੂਦਗੀ ਬਾਰੇ ਚਿੰਤਾਵਾਂ ਉਠਾਈਆਂ ਜਾ ਰਹੀਆਂ ਹਨ। ਹਾਲੀਆ ਅਧਿਐਨਾਂ ਵਿੱਚ ਵਾਯੂਮੰਡਲੀ ਐਰੋਸੋਲ ਵਿੱਚ ਕੀਟਨਾਸ਼ਕ ਵੀ ਪਾਏ ਗਏ ਹਨ, ਯਾਨੀ ਹਵਾ ਵਿੱਚ ਮੌਜੂਦ ਛੋਟੇ ਕਣ। ਇਹ ਕਣ ਧਰਤੀ ਦੇ ਵਾਯੂਮੰਡਲ ਦੀ ਪਹਿਲੀ ਪਰਤ, ਟ੍ਰੋਪੋਸਫੀਅਰ ਵਿੱਚ ਵੀ ਮੌਜੂਦ ਹਨ, ਜੋ ਧਰਤੀ ਦੀ ਸਤ੍ਹਾ ਤੋਂ ਇੱਕ ਤੋਂ ਦੋ ਕਿਲੋਮੀਟਰ ਉੱਪਰ ਫੈਲੀ ਹੋਈ ਹੈ। ਨਵੇਂ ਅਧਿਐਨਾਂ ਤੋਂ ਪਤਾ ਚੱਲ ਰਿਹਾ ਹੈ ਕਿ ਬੱਦਲ ਵੀ ਜ਼ਹਿਰੀਲੀਆਂ ਧਾਤਾਂ, ਪਲਾਸਟਿਕ ਅਤੇ ਮਾਈਕ੍ਰੋਪਲਾਸਟਿਕ ਦੇ ਨਾਲ-ਨਾਲ ਕੀਟਨਾਸ਼ਕਾਂ ਨਾਲ ਭਰੇ ਹੋਏ ਹਨ। ਇਸ ਨਾਲ ਵਿਗਿਆਨੀਆਂ ਦੀ ਚਿੰਤਾ ਹੋਰ ਵੀ ਵਧ ਗਈ ਹੈ, ਕਿਉਂਕਿ ਬੱਦਲਾਂ ਵਿੱਚ ਮੌਜੂਦ ਇਹ ਜ਼ਹਿਰੀਲੇ ਤੱਤ ਅਤੇ ਕੀਟਨਾਸ਼ਕ ਮੀਂਹ ਦੀਆਂ ਬੂੰਦਾਂ ਨਾਲ ਧਰਤੀ 'ਤੇ ਡਿੱਗਦੇ ਹਨ, ਹਰ ਚੀਜ਼ ਨੂੰ ਪ੍ਰਦੂਸ਼ਿਤ ਕਰਦੇ ਹਨ, ਮਨੁੱਖੀ ਜੀਵਨ ਲਈ ਗੰਭੀਰ ਖ਼ਤਰਾ ਪੈਦਾ ਕਰਦੇ ਹਨ। ਇਹ ਖੋਜ ਫਰਾਂਸ ਅਤੇ ਇਟਲੀ ਦੇ ਵਿਗਿਆਨੀਆਂ ਅਤੇ ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ ਐਜੂਕੇਸ਼ਨ ਐਂਡ ਰਿਸਰਚ, ਕੋਲਕਾਤਾ ਦੇ ਇੱਕ ਸਾਂਝੇ ਅਧਿਐਨ ਵਿੱਚ ਕੀਤੀ ਗਈ ਸੀ।

1990 ਦੇ ਦਹਾਕੇ ਵਿੱਚ, ਮੀਂਹ ਦੇ ਪਾਣੀ ਵਿੱਚ ਕੀਟਨਾਸ਼ਕਾਂ ਦੀ ਮੌਜੂਦਗੀ ਦਾ ਇੱਕ ਅਧਿਐਨ ਕੀਤਾ ਗਿਆ ਸੀ, ਜਿਸ ਵਿੱਚ ਜਰਮਨ ਵਿਗਿਆਨੀ ਫ੍ਰਾਂਜ਼ ਟ੍ਰੈਟਨਰ ਦੀ ਟੀਮ ਨੇ ਬੱਦਲਾਂ ਵਿੱਚ ਮੱਕੀ ਦੇ ਖੇਤਾਂ ਵਿੱਚ ਵਰਤੇ ਜਾਣ ਵਾਲੇ ਹਰਬੀਸਾਈਡ ਐਟਰਾਜ਼ੀਨ ਦਾ ਪਤਾ ਲਗਾਇਆ। ਹਾਲਾਂਕਿ ਉਸ ਸਮੇਂ ਇਸ ਰਸਾਇਣ ਦੀ ਮਾਤਰਾ ਨਿਰਧਾਰਤ ਨਹੀਂ ਕੀਤੀ ਜਾ ਸਕੀ ਸੀ, ਪਰ ਬਾਅਦ ਵਿੱਚ ਇਸ 'ਤੇ ਪਾਬੰਦੀ ਲਗਾ ਦਿੱਤੀ ਗਈ ਸੀ। ਇੱਕ ਤਾਜ਼ਾ ਅਧਿਐਨ ਵਿੱਚ ਬੱਦਲ ਅਤੇ ਮੀਂਹ ਦੇ ਪਾਣੀ ਦੇ ਨਮੂਨਿਆਂ ਵਿੱਚ 32 ਕਿਸਮਾਂ ਦੇ ਕੀਟਨਾਸ਼ਕਾਂ ਦੀ ਮੌਜੂਦਗੀ ਪਾਈ ਗਈ। ਮਹੱਤਵਪੂਰਨ ਗੱਲ ਇਹ ਹੈ ਕਿ ਪਿਛਲੇ ਦਹਾਕੇ ਤੋਂ ਯੂਰਪ ਵਿੱਚ ਇਹਨਾਂ ਵਿੱਚੋਂ ਜ਼ਿਆਦਾਤਰ ਕਿਸਮਾਂ 'ਤੇ ਪਾਬੰਦੀ ਲਗਾਈ ਗਈ ਹੈ, ਜੋ ਦਰਸਾਉਂਦੀ ਹੈ ਕਿ ਪਾਬੰਦੀ ਦੇ ਬਾਵਜੂਦ, ਇਹ ਰਸਾਇਣ ਵਾਯੂਮੰਡਲ ਵਿੱਚ ਰਹਿੰਦੇ ਹਨ ਅਤੇ ਮੀਂਹ ਦੇ ਪਾਣੀ ਰਾਹੀਂ ਧਰਤੀ 'ਤੇ ਡਿੱਗ ਰਹੇ ਹਨ।ਅਧਿਐਨ ਦੇ ਅਨੁਸਾਰ, ਬੱਦਲ 10 ਤੋਂ 50 ਮਾਈਕ੍ਰੋਮੀਟਰ ਆਕਾਰ ਦੀਆਂ ਬੂੰਦਾਂ ਤੋਂ ਬਣੇ ਹੁੰਦੇ ਹਨ ਅਤੇ ਕੁਦਰਤੀ ਰਸਾਇਣਕ ਰਿਐਕਟਰਾਂ ਵਜੋਂ ਕੰਮ ਕਰਦੇ ਹਨ। ਸੂਰਜ ਦੀ ਰੌਸ਼ਨੀ ਦੇ ਸੰਪਰਕ ਵਿੱਚ ਆਉਣ 'ਤੇ, ਬੱਦਲ ਫੋਟੋਕੈਮੀਕਲ ਪ੍ਰਤੀਕ੍ਰਿਆਵਾਂ ਵਿੱਚੋਂ ਗੁਜ਼ਰਦੇ ਹਨ, ਕੀਟਨਾਸ਼ਕਾਂ ਨੂੰ ਬਦਲਦੇ ਹਨ। ਨਤੀਜੇ ਵਜੋਂ, ਮੀਂਹ ਦੇ ਪਾਣੀ ਦੇ ਇੱਕ ਤਿਹਾਈ ਨਮੂਨਿਆਂ ਵਿੱਚ ਪੀਣ ਵਾਲੇ ਪਾਣੀ ਦੇ ਮਿਆਰਾਂ ਤੋਂ ਵੱਧ ਕੀਟਨਾਸ਼ਕ ਪਾਏ ਗਏ, ਜੋ ਸਿਹਤ ਲਈ ਚਿੰਤਾ ਦਾ ਵਿਸ਼ਾ ਹਨ।

ਪ੍ਰਧਾਨ ਐਂਜਲਿਕਾ ਬਿਆਨਕੋ ਦੇ ਅਨੁਸਾਰ, ਇਸ ਵਿਸ਼ੇ 'ਤੇ ਨਵੀਂ ਜਾਣਕਾਰੀ ਦਾ ਖੁਲਾਸਾ ਕਰਨ ਲਈ ਹੋਰ ਅਧਿਐਨਾਂ ਦੀ ਲੋੜ ਹੈ। ਇਸ ਤੋਂ ਇਲਾਵਾ, ਕੀਟਨਾਸ਼ਕਾਂ ਦੀ ਵਰਤੋਂ ਨੂੰ ਘਟਾਉਣ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਬਹੁਤ ਲੋੜ ਹੈ।ਵਿਅੰਗਾਤਮਕ ਤੌਰ 'ਤੇ, ਕੀਟਨਾਸ਼ਕ ਹੁਣ ਹਰ ਜਗ੍ਹਾ ਮੌਜੂਦ ਹਨ, ਚਾਹੇ ਉਹ ਨਦੀਆਂ, ਝੀਲਾਂ, ਭੂਮੀਗਤ ਪਾਣੀ, ਮੀਂਹ ਦੇ ਪਾਣੀ, ਜਾਂ ਭੋਜਨ ਵਿੱਚ ਹੋਣ। ਹਾਲੀਆ ਅਧਿਐਨਾਂ ਨੇ ਇਹ ਵੀ ਖੁਲਾਸਾ ਕੀਤਾ ਹੈ ਕਿ, ਵਾਯੂਮੰਡਲ ਦੀ ਗਤੀਸ਼ੀਲਤਾ ਦੇ ਕਾਰਨ, ਕੀਟਨਾਸ਼ਕ ਹੁਣ ਉਨ੍ਹਾਂ ਥਾਵਾਂ 'ਤੇ ਪਹੁੰਚ ਗਏ ਹਨ ਜੋ ਪਹਿਲਾਂ ਪ੍ਰਦੂਸ਼ਣ ਤੋਂ ਅਛੂਤੇ ਸਨ, ਜਿਵੇਂ ਕਿ ਧਰੁਵੀ ਖੇਤਰ।

ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ ਐਂਡ ਐਜੂਕੇਸ਼ਨਲ ਰਿਸਰਚ, ਕੋਲਕਾਤਾ ਦੇ ਵਿਗਿਆਨੀਆਂ ਦੇ ਅਨੁਸਾਰ, ਪੱਛਮੀ ਘਾਟ ਅਤੇ ਹਿਮਾਲਿਆ ਦੇ ਬੱਦਲਾਂ ਵਿੱਚ ਕੈਡਮੀਅਮ, ਕ੍ਰੋਮੀਅਮ, ਤਾਂਬਾ ਅਤੇ ਜ਼ਿੰਕ ਵਰਗੀਆਂ ਲਗਭਗ 12 ਜ਼ਹਿਰੀਲੀਆਂ ਧਾਤਾਂ ਪਾਈਆਂ ਗਈਆਂ ਹਨ। ਇਹ ਧਾਤਾਂ ਹੇਠਲੇ ਪ੍ਰਦੂਸ਼ਿਤ ਖੇਤਰਾਂ ਤੋਂ ਬੱਦਲਾਂ ਵਿੱਚ ਲੀਨ ਹੋ ਰਹੀਆਂ ਹਨ ਅਤੇ ਧਰਤੀ ਦੇ ਸਭ ਤੋਂ ਉੱਚੇ ਅਤੇ ਸਭ ਤੋਂ ਸੰਵੇਦਨਸ਼ੀਲ ਵਾਤਾਵਰਣ ਪ੍ਰਣਾਲੀਆਂ ਤੱਕ ਪਹੁੰਚ ਰਹੀਆਂ ਹਨ। ਪੂਰਬੀ ਹਿਮਾਲਿਆ ਦੇ ਬੱਦਲਾਂ ਵਿੱਚ ਪ੍ਰਦੂਸ਼ਣ ਦਾ ਪੱਧਰ ਪੱਛਮੀ ਘਾਟਾਂ ਨਾਲੋਂ ਡੇਢ ਗੁਣਾ ਵੱਧ ਸੀ, ਮੁੱਖ ਤੌਰ 'ਤੇ ਹਿੰਦ-ਗੰਗਾ ਦੇ ਮੈਦਾਨਾਂ ਤੋਂ ਉਦਯੋਗਿਕ ਅਤੇ ਸ਼ਹਿਰੀ ਪ੍ਰਦੂਸ਼ਣ ਕਾਰਨ। ਇਨ੍ਹਾਂ ਖੇਤਰਾਂ ਤੋਂ ਨਿਕਲਣ ਵਾਲੀਆਂ ਕੈਡਮੀਅਮ, ਤਾਂਬਾ ਅਤੇ ਜ਼ਿੰਕ ਵਰਗੀਆਂ ਧਾਤਾਂ ਦਾ ਭਾਰ 40 ਤੋਂ 60 ਪ੍ਰਤੀਸ਼ਤ ਵਧ ਗਿਆ ਹੈ।ਮਹਾਬਲੇਸ਼ਵਰ ਦੇ ਬੱਦਲਾਂ ਵਿੱਚ ਉਨ੍ਹਾਂ ਦੀ ਔਸਤ ਮੌਜੂਦਗੀ 4.1 ਮਿਲੀਗ੍ਰਾਮ ਪ੍ਰਤੀ ਲੀਟਰ ਸੀ, ਜਦੋਂ ਕਿ ਦਾਰਜੀਲਿੰਗ ਦੇ ਬੱਦਲਾਂ ਵਿੱਚ, ਉਨ੍ਹਾਂ ਦੀ ਮੌਜੂਦਗੀ 2 ਮਿਲੀਗ੍ਰਾਮ ਪ੍ਰਤੀ ਲੀਟਰ ਸੀ। ਦਾਰਜੀਲਿੰਗ ਦੇ ਬੱਦਲਾਂ ਵਿੱਚ ਲੋਹਾ, ਜ਼ਿੰਕ, ਤਾਂਬਾ, ਨਿੱਕਲ, ਕੈਡਮੀਅਮ ਅਤੇ ਕ੍ਰੋਮੀਅਮ ਵਰਗੀਆਂ ਧਾਤਾਂ ਉੱਚ ਗਾੜ੍ਹਾਪਣ ਵਿੱਚ ਪਾਈਆਂ ਗਈਆਂ। ਖੋਜਕਰਤਾਵਾਂ ਦਾ ਮੰਨਣਾ ਹੈ ਕਿ ਪੱਛਮੀ ਘਾਟ ਵਿੱਚ ਮਹਾਬਲੇਸ਼ਵਰ ਅਤੇ ਪੂਰਬੀ ਹਿਮਾਲਿਆ ਵਿੱਚ ਦਾਰਜੀਲਿੰਗ ਤੋਂ ਲਏ ਗਏ ਬੱਦਲਾਂ ਦੇ ਨਮੂਨਿਆਂ ਵਿੱਚ ਉੱਚ ਕ੍ਰੋਮੀਅਮ ਪੱਧਰ ਨੇ ਕੈਂਸਰ ਪੈਦਾ ਕਰਨ ਵਾਲੀਆਂ ਬਿਮਾਰੀਆਂ ਦੇ ਜੋਖਮ ਨੂੰ ਵਧਾ ਦਿੱਤਾ ਹੈ।ਇਹ ਖੋਜ ਉੱਤਰ-ਪੂਰਬੀ ਖੇਤਰ ਲਈ ਮਹੱਤਵਪੂਰਨ ਹੈ, ਜਿੱਥੇ ਲੋਕ ਅਕਸਰ ਸਿੰਚਾਈ ਅਤੇ ਹੋਰ ਰੋਜ਼ਾਨਾ ਦੀਆਂ ਗਤੀਵਿਧੀਆਂ ਲਈ ਬੱਦਲਾਂ ਦੇ ਪਾਣੀ ਦੀ ਵਰਤੋਂ ਕਰਦੇ ਹਨ। ਇਹਨਾਂ ਧਾਤਾਂ ਦੇ ਲੰਬੇ ਸਮੇਂ ਤੱਕ ਸੰਪਰਕ ਵਿੱਚ ਰਹਿਣ ਨਾਲ ਮਿੱਟੀ, ਫਸਲਾਂ ਅਤੇ ਮਨੁੱਖੀ ਸਰੀਰ ਵਿੱਚ ਇਕੱਠਾ ਹੋ ਸਕਦਾ ਹੈ। ਕੁੱਲ ਮਿਲਾ ਕੇ, ਇਹਨਾਂ ਅਧਿਐਨਾਂ ਨੇ ਵਾਤਾਵਰਣ ਪ੍ਰਦੂਸ਼ਣ ਪ੍ਰਤੀ ਜਨਤਕ ਜਾਗਰੂਕਤਾ ਵਿੱਚ ਵਾਧਾ ਕੀਤਾ ਹੈ।



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ



GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ

## AMERICA ਵਿੱਚ

## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment

ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**

**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi


We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK





**1003 Moffat Blvd,**
**Manteca CA 95336**

# 209-239-1551

# Chevron TRUCK STOP

OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ

We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION
Where Hope Meets

IMMIGRATION OPPORTUNITIES

USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS

INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


SERVPRO.
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਗ਼ਜ਼ਲ

ਕੱਲ੍ਹ ਕੋਈ ਮਿਲਿਆ ਹੋਣਾ ਯਾਰਾ, ਜ਼ਰੂਰ ਤੈਨੂੰ,
ਤਾਂ ਹੀ ਤਾਂ ਭੁੱਲਿਆ ਲੱਗਦਾ ਆਪਣਾ ਕਸੂਰ ਤੈਨੂੰ।
ਪੀ ਕੇ ਸ਼ਰਾਬ ਤੈਨੂੰ ਭੁੱਲ ਜਾਣ ਆਪਣੇ ਵੀ,
ਦੱਸੀਂ ਕਿਹੋ ਜਿਹਾ ਚੜ੍ਹਦਾ ਇਹ ਸਰੂਰ ਤੈਨੂੰ।
ਮੈਂ ਵੇਖਦਾ ਰਿਹਾ ਚੁੱਪ ਕਰਕੇ ਤੇਰੇ ਕੰਮਾਂ ਨੂੰ,
ਕੀ ਮਿਲਣਾ ਸੀ ਭਲਾ ਮੈਨੂੰ ਐਵੇਂ ਘੂਰ ਤੈਨੂੰ।
ਇਹ ਦਿੰਦੀ ਹੈ ਸਹਾਰਾ ਮਾਰੂਥਲਾਂ 'ਚ ਸਭ ਨੂੰ,
ਨਾ ਲੱਗੇ ਚੰਗੀ, ਜੇ ਨਹੀਂ ਲੱਗਦੀ ਖਜੂਰ ਤੈਨੂੰ।
ਦਿਸਿਆ ਨਾ ਤੂੰ ਕਦੇ ਮੇਰੇ ਦਿਲ ਦੇ ਅਰਸ਼ ਉੱਤੇ,
ਏਸੇ ਲਈ ਸਮਝਦਾਂ ਮੈਂ ਚੰਨ ਬੇਨੂਰ ਤੈਨੂੰ।
ਜਦ ਕੋਲ ਸਾਡੇ ਕੁਝ ਨਾ ਫਿਰ ਕਿਉਂ ਕਿਸੇ ਤੋਂ ਡਰੀਏ?
ਦੇਵੇਗਾ ਡੋਬ ਪਰ ਮਾਇਆ ਦਾ ਗਰੂਰ ਤੈਨੂੰ।
ਤੇਰੀ ਗਰੀਬੀ ਤੋਂ ਕੀ ਲੋਕਾਂ ਨੇ ਲੈਣਾ 'ਮਾਨਾ',
ਤੇਰੇ ਹੀ ਵਧੀਆ ਸ਼ਿਅਰਾਂ ਕਰਨਾ ਮਸ਼ਹੂਰ ਤੈਨੂੰ।



SANJHI SOCH
ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554

# ਹਿੰਦ ਦੀ ਚਾਦਰ

ਚੱਲ ਕਸਮੀਰੋ ਪੰਡਤ ਆਏ,
ਆ ਕਰੀ ਫਰਿਆਦ ਉਹਨਾਂ।
ਹਾਕਮ ਹੁਕਮ ਕਹਿਰ ਦਾ ਕੀਤਾ,
ਕਰ ਦਿੱਤਾ ਬਰਬਾਦ ਉਹਨਾਂ।
ਗਲ਼ ਪਾ ਪੱਲਾ ਕ੍ਰਿਪਾ ਰਾਮ ਜੋ,
ਨੈਣੋਂ ਨੀਰ ਵਹਾਉਂਦਾ ਸੀ।
ਸਾਥੀ ਹੋਰ ਵੀ ਨਾਲ ਸਨ ਜਿਹੜੇ,
ਉਨ੍ਹਾਂ ਮੂੰਹੋਂ ਕਹਾਉਂਦਾ ਸੀ।
ਔਰੰਗਜ਼ੇਬ ਨੇ ਹੁਕਮ ਹੈ ਕੀਤਾ,
ਹਿੰਦੂ ਧਰਮ ਤਿਆਗ ਦਵੋ।
ਜੰਝੂ ਲਾਹੋ ਕਿਹਾ ਮਜ਼ਬ ਕਬੂਲੋ,
ਅੱਲ੍ਹਾ ਹੂੰ ਦਾ ਨਾਮ ਲਵੋ।
ਕਹੇ ਮੁਸਲਮਾਨ ਹੋ ਜਾਓ ਸਾਰੇ,
ਹੋਰ ਧਰਮ ਕੋਈ ਦੂਜਾ ਨਹੀਂ।
ਇਸਲਾਮ ਦੇ ਵਿੱਚ ਅੱਲ੍ਹਾ ਅੱਲ੍ਹਾ,
ਪੱਥਰ ਦੀ ਕੋਈ ਪੂਜਾ ਨਹੀਂ।
ਗੁਰੂ ਜੀ ਡੁੱਬਦਾ ਧਰਮ ਬਚਾਵੋ,
ਤੁਸੀਂ ਤੇਗ ਬਹਾਦਰ ਓ।
ਸਭ ਧਰਮਾਂ ਦੇ ਸਾਂਝੇ ਸਤਿਗੁਰੋ,
ਹਿੰਦ ਦੀ ਸੱਚੀ ਚਾਦਰ ਓ।
ਧੀਰਜ ਬੰਨਾਇਆ ਪੰਡਤਾਂ ਤਾਂਈ,
ਗੱਲ ਹਾਕਮ ਤਾਂਈ ਸਮਝਾਵਾਂਗੇ।
ਨਾਲ ਲੈ ਕੇ ਸਿੱਖਾਂ ਨੂੰ 'ਪੱਤੋ' ,
ਕੱਲ੍ਹ,ਦਿੱਲੀ ਦੇ ਵੱਲ ਜਾਵਾਂਗੇ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417



# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**






**GURDIP S SANDHU**

**Consultant/Physician Since 1973**
**DHMS-Gold Medalist, BAMS, MDEH**
**Ex-Prof, Principal & CMO Medical Colleges/Hospitals in India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights




## LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US

# (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA

# JVS LOGISTICS

2345 Enterprise Park Place Indianapolis Indiana, 46218



- ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
- ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
- ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ



- ਕਰਾਸ ਡੌਕ ਸੇਵਾਵਾਂ
- ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
- ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
- ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
- ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

jvslogisticsllc@outlook.com

JUGDEV SAMRA (317) 379-4065

SUKHDEV SAMRA (317) 250-3545

ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue